




# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ








PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 | Issue : 16 | Chief Editor : Chowdhary Prabhjit Singh, | Editor : Chhatarpal Singh 98145-32807, | Friday 26 June 2026 | Price : 2 Rs. | Page : 6


## ਵੈਨੇਜ਼ੁਏਲਾ ਵਿੱਚ ਲਗਾਤਾਰ ਦੋ ਸ਼ਕਤੀਸ਼ਾਲੀ ਭੂਚਾਲ, 32 ਮੌਤਾਂ, 700 ਜ਼ਖ਼ਮੀ, ਕਾਰਾਕਸ ਵਿੱਚ ਤਬਾਹੀ



**ਕਾਰਾਕਸ, 25 ਜੂਨ**
**--ਸ਼.ਅ.ਬਿਓਰੋ-**

ਵੈਨੇਜ਼ੁਏਲਾ ਵਿੱਚ ਬੁੱਧਵਾਰ ਸ਼ਾਮ ਨੂੰ ਆਏ 7.2 ਅਤੇ 7.5 ਤੀਬਰਤਾ ਦੇ ਲਗਾਤਾਰ ਦੋ ਸ਼ਕਤੀਸ਼ਾਲੀ ਭੂਚਾਲਾਂ ਨੇ ਭਾਰੀ ਤਬਾਹੀ ਮਚਾਈ ਹੈ। ਵੀਰਵਾਰ ਸਵੇਰੇ ਕਾਰਜਕਾਰੀ ਰਾਸ਼ਟਰਪਤੀ ਡੇਲਸੀ ਰੋਡਰਿਗਜ਼ ਨੇ ਜਾਣਕਾਰੀ ਦਿੱਤੀ ਕਿ ਇਸ ਕੁਦਰਤੀ ਆਫ਼ਤ ਵਿੱਚ ਘੱਟੋ-ਘੱਟ 32 ਲੋਕਾਂ ਦੀ ਮੌਤ ਹੋ ਚੁੱਕੀ ਹੈ ਅਤੇ ਲਗਭਗ 700 ਲੋਕ ਜ਼ਖ਼ਮੀ ਹਨ। ਉਨ੍ਹਾਂ ਚਿਤਾਵਨੀ ਦਿੱਤੀ ਕਿ ਮਲਬੇ ਵਿੱਚ ਬਚਾਅ ਕਾਰਜ ਜਾਰੀ ਹੋਣ ਕਾਰਨ ਮਰਨ ਵਾਲਿਆਂ ਦੀ ਗਿਣਤੀ ਵਧ ਸਕਦੀ ਹੈ। ਸਭ ਤੋਂ ਵੱਧ ਪ੍ਰਭਾਵਿਤ ਰਾਜ 'ਲਾ ਗੁਆਇਰਾ' ਦੱਸਿਆ ਜਾ ਰਿਹਾ ਹੈ, ਜਿੱਥੇ ਦਰਜਨਾਂ ਇਮਾਰਤਾਂ ਢਹਿ-ਢੇਰੀ ਹੋ ਗਈਆਂ ਹਨ।

ਅਮਰੀਕੀ ਭੂ-ਵਿਗਿਆਨ ਸਰਵੇਖਣ ਅਨੁਸਾਰ, ਪਹਿਲਾ 7.2 ਤੀਬਰਤਾ ਦਾ ਭੂਚਾਲ ਕੈਰੇਬੀਅਨ ਤੱਟ 'ਤੇ ਮੋਰੋਨ ਸ਼ਹਿਰ ਤੋਂ ਪੱਛਮ ਵੱਲ 22 ਕਿਲੋਮੀਟਰ ਦੀ ਡੂੰਘਾਈ 'ਤੇ ਆਇਆ। ਇਸਦੇ ਇੱਕ ਮਿੰਟ ਬਾਅਦ ਹੀ 10 ਕਿਲੋਮੀਟਰ ਦੀ ਡੂੰਘਾਈ 'ਤੇ 7.5 ਤੀਬਰਤਾ ਦਾ ਦੂਜਾ ਵੱਡਾ ਝਟਕਾ ਮਹਿਸੂਸ ਕੀਤਾ ਗਿਆ। ਇਹ ਇੱਕ ਸਦੀ ਵਿੱਚ ਵੈਨੇਜ਼ੁਏਲਾ ਵਿੱਚ ਆਏ ਸਭ ਤੋਂ ਭਿਆਨਕ ਭੂਚਾਲ ਮੰਨੇ ਜਾ ਰਹੇ ਹਨ। ਝਟਕੇ ਇੰਨੇ ਤੇਜ਼ ਸਨ ਕਿ ਬ੍ਰਾਜ਼ੀਲ ਦੇ ਐਮਾਜ਼ਾਨ ਖੇਤਰ ਤੱਕ ਇਮਾਰਤਾਂ ਖਾਲੀ ਕਰਵਾਉਣੀਆਂ ਪਈਆਂ।

ਭੂਚਾਲ ਤੋਂ ਬਾਅਦ ਕਾਰਾਕਸ ਦੀਆਂ ਸੜਕਾਂ 'ਤੇ ਲੋਕ ਸਹਿਮੇ ਹੋਏ ਨਜ਼ਰ ਆਏ। ਇਮਾਰਤਾਂ ਦੀਆਂ ਕੰਧਾਂ ਡਿੱਗਣ ਕਾਰਨ ਮਲਬੇ ਅਤੇ ਟੁੱਟੇ ਖੰਭਿਆਂ ਨੇ ਸੜਕਾਂ ਜਾਮ ਕਰ ਦਿੱਤੀਆਂ ਹਨ, ਜਦਕਿ ਕਈ ਇਲਾਕਿਆਂ ਵਿੱਚ ਬਿਜਲੀ ਅਤੇ ਮੋਬਾਈਲ ਸੇਵਾਵਾਂ ਠੱਪ ਹੋ ਗਈਆਂ ਹਨ। ਗ੍ਰਹਿ ਮੰਤਰੀ ਡਿਓਸਦਾਡੋ ਕੈਬੇਲੋ ਨੇ ਲੋਕਾਂ ਨੂੰ ਚੌਕਸ ਰਹਿਣ ਅਤੇ ਐਮਰਜੈਂਸੀ ਵਾਹਨਾਂ ਨੂੰ ਰਾਹ ਦੇਣ ਦੀ ਅਪੀਲ ਕੀਤੀ ਹੈ।

ਵਿਰੋਧੀ ਧਿਰ ਦੀ ਨੇਤਾ ਮਾਰੀਆ ਕੋਰੀਨਾ ਮਾਚਾਡੋ ਨੇ ਦੁੱਖ ਪ੍ਰਗਟ ਕਰਦਿਆਂ ਲੋਕਾਂ ਨੂੰ ਇੱਕਜੁੱਟ ਰਹਿਣ ਦਾ ਸੱਦਾ ਦਿੱਤਾ ਹੈ। ਇਸ ਤੋਂ ਇਲਾਵਾ, ਅਲ ਸਲਵਾਡੋਰ ਦੇ ਰਾਸ਼ਟਰਪਤੀ ਨਾਇਬ ਬੁਕੇਲੇ ਅਤੇ ਅਮਰੀਕੀ ਸੰਸਦ ਮੈਂਬਰ ਮਾਰੀਆ ਐਲਵੀਰਾ ਸਲਾਜ਼ਾਰ ਨੇ ਵੀ ਵੈਨੇਜ਼ੁਏਲਾ ਦੇ ਲੋਕਾਂ ਨਾਲ ਹਮਦਰਦੀ ਪ੍ਰਗਟਾਈ ਹੈ। ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀ ਵੈਨੇਜ਼ੁਏਲਾ ਨੂੰ ਹਰ ਸੰਭਵ ਮਦਦ ਦੀ ਪੇਸ਼ਕਸ਼ ਕੀਤੀ ਹੈ।

**ਪ੍ਰਧਾਨ ਮੰਤਰੀ ਮੋਦੀ ਨੇ ਪ੍ਰਗਟਾਇਆ ਦੁੱਖ, ਕਿਹਾ- ਭਾਰਤ ਹਰ ਸੰਭਵ ਮਦਦ ਲਈ ਤਿਆਰ**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਰਵਾਰ ਨੂੰ ਵੈਨੇਜ਼ੁਏਲਾ ਵਿੱਚ ਆਏ ਸ਼ਕਤੀਸ਼ਾਲੀ ਭੂਚਾਲਾਂ ਕਾਰਨ ਹੋਈ ਤਬਾਹੀ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਹੈ ਅਤੇ ਕਿਹਾ ਹੈ ਕਿ ਭਾਰਤ ਇਸ ਲਾਤੀਨੀ ਅਮਰੀਕੀ ਦੇਸ਼ ਨੂੰ ਹਰ ਸੰਭਵ ਸਹਾਇਤਾ ਦੇਣ ਲਈ ਤਿਆਰ ਹੈ।

## ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਦਿਹਾਤੀ ਖੇਤਰ ਦੇ ਭਾਜਪਾ ਆਗੂਆਂ ਨਾਲ ਕੀਤੀ ਮੁਲਾਕਾਤ

### ਆਪ ਅਤੇ ਕਾਂਗਰਸ ਨੇ ਪੰਜਾਬ ਦੇ ਲੋਕਾਂ ਦਾ ਕੁਝ ਨਹੀਂ ਸਵਾਰਨਾ: ਸੈਣੀ

**ਪਟਿਆਲਾ, 25 ਜੂਨ**
**-ਛਤਰਪਾਲ ਸਿੰਘ-**

ਪਟਿਆਲਾ ਦਿਹਾਤੀ ਹਲਕੇ ਦੀ ਫੇਰੀ ਦੌਰਾਨ ਹਰਿਆਣਾ ਦੇ ਮੁੱਖ ਮੰਤਰੀ ਨੈਬ ਸਿੰਘ ਸੈਣੀ ਨੇ ਹਲਕੇ ਦੇ ਭਾਜਪਾ ਆਗੂਆਂ ਨਾਲ ਅਹਿਮ ਮੁਲਾਕਾਤ ਕੀਤੀ ਜਿੱਥੇ ਉਹਨਾਂ ਪਾਰਟੀ ਨੂੰ ਮਜਬੂਤ ਕਰਨ ਤੇ ਪਾਰਟੀ ਆਗੂਆਂ ਨੂੰ ਜ਼ੋਰ ਦੇਣ ਲਈ ਕਿਹਾ ਤਾਂ ਜੋ ਭਵਿੱਖ ਵਿੱਚ ਆ ਰਹੀਆਂ 27 ਦੀਆਂ ਵਿਧਾਨ ਸਭਾ ਚੋਣਾਂ ਅੰਦਰ ਪੰਜਾਬ ਅੰਦਰ ਦੇਸ਼ ਦੀਆਂ ਹੋਰਨਾਂ ਸਟੇਟਾਂ ਵਾਂਗ ਭਾਜਪਾ ਦੀ ਸਰਕਾਰ ਬਣਾਈ ਜਾ ਸਕੇ ਲਿਹਾਜਾ ਜਦੋਂ ਪੰਜਾਬ ਅੰਦਰ ਡਬਲ ਇੰਜਨ ਵਾਲੀ ਸਰਕਾਰ ਹੋਵੇਗੀ ਉਦੋਂ ਪੰਜਾਬ ਦੇ ਲੋਕਾਂ ਦੀ ਭਲਾਈ ਲਈ ਅਹਿਮ ਕਾਰਜ ਵੀ ਕੀਤੇ ਜਾਣਗੇ।



ਇਸ ਮੌਕੇ ਪਟਿਆਲਾ ਦੇ ਹੱਥੀ ਹਲਕੇ ਤੋਂ ਭਾਜਪਾ ਆਗੂ ਐਡਵੋਕੇਟ ਸਤਬੀਰ ਸਿੰਘ ਖਰੜਾ ਦੀ ਵਿਦੇਸ਼ ਫੇਰੀ ਤੇ ਹੋਣ ਕਰਕੇ ਉਹਨਾਂ ਦੇ ਪਿਤਾ ਸਾਬਕਾ ਆਈ ਜੀ ਰਣਵੀਰ ਸਿੰਘ ਖਟੜਾ ਨੇ ਮੁੱਖ ਮੰਤਰੀ ਨੈਬ ਸਿੰਘ ਸੈਣੀ ਨਾਲ ਅਹਿਮ ਮੁਲਾਕਾਤ ਕੀਤੀ ਜਿੱਥੇ ਜਿਲਾ ਪ੍ਰਧਾਨ ਵਿਜੇ ਕੂਕਾ, ਹਰਭਜਨ ਸਿੰਘ ਲਚਕਾਣੀ, ਤਰਸੇਮ ਸਿੰਘ ਕਸਿਆਣਾ,ਗੁਰੀ ਸਿੱਧੂਵਾਲ, ਯੁਵਰਾਜ ਸ਼ਰਮਾ, ਗੁਰਦਾਸ ਸਿੰਘ ਸਿਉਣਾ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ ਇਸ ਮੌਕੇ ਹਰਿਆਣਾ ਦੇ ਮੁੱਖ ਮੰਤਰੀ ਨੈਬ ਸਿੰਘ ਸੈਣੀ ਨੇ ਕਿਹਾ ਕਿ ਆਪ ਅਤੇ ਕਾਂਗਰਸ ਸੂਬੇ ਦੇ ਲੋਕਾਂ ਦਾ ਕੁਝ ਨਹੀਂ ਸਵਾਰ ਸਕਦੇ ਜਦੋਂ ਪੰਜਾਬ ਦੀ ਕਮਾਂਡ ਭਾਜਪਾ ਦੇ ਹੱਥ ਆਵੇਗੀ ਉਦੋਂ ਹਰ ਪਾਸੇ ਵਿਕਾਸ ਦੀ ਗੰਗਾ ਰਹੇਗੀ ਅਤੇ ਲੋਕਾਂ ਨੂੰ ਮਿਲਣ ਵਾਲੀਆਂ ਸਹੂਲਤਾਂ ਸਿੱਧੇ ਤੌਰ ਤੇ ਕੇਂਦਰ ਵੱਲੋਂ ਲਾਗੂ ਕੀਤੇ ਜਾਣਗੀਆਂ ਉਹਨਾਂ ਕਿਹਾ ਕਿ ਆਪ ਅਤੇ ਕਾਂਗਰਸ ਨੇ ਪੰਜਾਬ ਦੇ ਲੋਕਾਂ ਨੂੰ ਕੋਟਣਾ ਤੇ ਲੁੱਟਣ ਤੋਂ ਇਲਾਵਾ ਕੋਈ ਕਾਰਜ ਨਹੀਂ ਕੀਤਾ ਜਿਸ ਦਾ ਖਮੈਜਾ ਪੰਜਾਬ ਦੇ ਲੋਕਾਂ ਨੂੰ ਭੁਗਤਨਾ ਲਈ ਮਜਬੂਰ ਹੋਣਾ ਪੈ ਰਿਹਾ ਉਹਨਾਂ ਕਿਹਾ ਕਿ ਪੰਜਾਬ ਘਰ ਦੇ ਬੋਝ ਹੇਠਾਂ ਦਿਨੋ ਦਿਨ ਹੋਰ ਦਬਦਾ ਜਾ ਰਿਹਾ ਹੈ ਜਿਸ ਦਾ ਸਿੱਧਾ ਅਸਰ ਪੰਜਾਬ ਦੇ ਲੋਕਾਂ ਸਿਰ ਪਵੇਗਾ।

ਉਹਨਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਚਾਹੀਦਾ ਹੈ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦਾ ਕਾਂਗਰਸ ਅਤੇ ਆਪ ਦਾ ਲੋਕ ਸੁਪਨਾ ਸਾਫ ਕਰਕੇ ਘਰ ਨੂੰ ਤੋਰਨ ਅਤੇ ਆਪਣੀ ਪਾਰਟੀ ਭਾਜਪਾ ਨੂੰ ਸਤਾ ਦੀ ਕਮਾਂਡ ਸੌਂਪਣ ਤਾਂ ਜੋ ਪੰਜਾਬ ਨੂੰ ਹੋਰਨਾਂ ਸਟੇਟਾਂ ਵਾਂਗ ਸੁੰਦਰ ਬਣਾਇਆ ਜਾ ਸਕੇ ਅਤੇ ਜੋ ਲੋਕ ਸਰਕਾਰੀ ਸਹੂਲਤਾਂ ਲੈਣ ਲਈ ਤਰਸਦੇ ਹਨ ਉਹਨਾਂ ਨੂੰ ਕੇਂਦਰ ਦੀਆਂ ਸਰਕਾਰੀ ਸਹੂਲਤਾਂ ਦੇ ਕੇ ਨਿਵਾਜਿਆ ਜਾ ਸਕੇ ਅੱਜ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਕਿਸਾਨਾਂ ਅਤੇ ਹੋਰਨਾਂ ਵਰਗਾ ਲਈ ਅਹਿਮ ਸਹੂਲਤਾਂ ਪ੍ਰਦਾਨ ਕਰਨ ਵਿੱਚ ਲੱਗੀ ਹੋਈ ਹੈ ਕਿਉਂਕਿ ਕੇਂਦਰ ਸਰਕਾਰ ਨੂੰ ਪਤਾ ਹੈ ਕਿ ਪੰਜਾਬ ਬੰਦਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਗੱਲਾਂ ਸੁਣਾਉਣ ਤੋਂ ਇਲਾਵਾ ਕੁਝ ਨਹੀਂ ਕਰਨਾ ਜਿਸ ਕਰਕੇ ਕੇਂਦਰ ਦੀ ਭਾਜਪਾ ਸਰਕਾਰ ਪੰਜਾਬ ਦੇ ਲੋਕਾਂ ਲਈ ਬੇਹੱਦ ਫਿਕਰਮੰਦ ਹੈ ਤਾਂ ਹੀ ਸੈਂਕੜੇ ਸਕੀਮਾਂ ਕੇਂਦਰ ਸਰਕਾਰ ਅਧੀਨ ਚੱਲ ਰਹੀਆਂ ਹਨ ਬਹੁਤ ਹੀ ਸਕੀਮਾਂ ਦਾ ਪੰਜਾਬ ਸਰਕਾਰ ਪੈਸੇ ਨੂੰ ਹੜੱਪ ਕਰ ਗਈ ਜਾਂ ਫਿਰ ਕੇਂਦਰ ਦੀਆਂ ਸਕੀਮਾਂ ਦਾ ਪੈਸਾ ਆਪਣੇ ਮਸ਼ਹੂਰੀ ਲਈ ਹੋਰ ਨਾਲ ਸਕੀਮਾਂ ਵਿੱਚ ਲਗਾ ਕੇ ਲੋਕਾਂ ਵਿਕਾਸ ਕਰਨ ਦੇ ਝੂਠੇ ਦਾਅਵੇ ਕੀਤੇ ਜਾ ਰਹੇ ਹਨ ਜੋ ਸਿਰਫ ਤੇ ਸਿਰਫ ਝੂਠ ਤੋਂ ਇਲਾਵਾ ਕੁਝ ਨਹੀਂ ਮੁੱਖ ਮੰਤਰੀ ਸੈਣੀ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਹੁਣ ਤੋਂ ਹੀ ਚੋਣਾਂ ਦੀ ਤਿਆਰੀ ਵਿੱਚ ਜੁੜ ਜਾਣ ਤਾਂ ਜੋ ਭਾਜਪਾ ਦੀ ਸੂਬੇ ਅੰਦਰੋਂ ਹੂੰਝਾ ਫੇਰ ਜਿੱਤ ਹੋ ਸਕੇ।

## ਪੈਟਰੋਲ ਬੰਬ ਸੁੱਟਣ ਵਾਲੇ 2 ਗ੍ਰਿਫ਼ਤਾਰ; ਭੱਜਣ ਦੀ ਕੋਸ਼ਿਸ਼ ਦੌਰਾਨ ਟੁੱਟੀਆਂ ਲੱਤਾਂ-ਬਾਹਾਂ

**ਬਠਿੰਡਾ, 25 ਜੂਨ**
**-ਗੁਰਤੇਜ ਅਤਲਾ-**



ਮੇਲਾ ਰਾਮ ਰੋਡ ਸਥਿਤ ਡਾਕਟਰ ਤਰਸੇਮ ਗਰਗ ਦੇ ਕਲੀਨਿਕ 'ਤੇ ਪੈਟਰੋਲ ਬੰਬ ਨਾਲ ਹਮਲਾ ਕਰਨ ਦੇ ਮਾਮਲੇ ਨੂੰ ਬਠਿੰਡਾ ਪੁਲੀਸ ਨੇ ਸੁਲਝਾਉਣ ਦਾ ਦਾਅਵਾ ਕੀਤਾ ਹੈ। ਪੁਲੀਸ ਨੇ ਇਸ ਸਬੰਧੀ ਦੋ ਨੌਜਵਾਨਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ, ਜਦਕਿ ਇੱਕ ਹੋਰ ਮੁਲਜ਼ਮ ਅਜੇ ਵੀ ਫਰਾਰ ਹੈ, ਜਿਸ ਦੀ ਭਾਲ ਜਾਰੀ ਹੈ।

ਪ੍ਰੈੱਸ ਕਾਨਫਰੰਸ ਦੌਰਾਨ ਡੀਆਈਜੀ ਹਰਜੀਤ ਸਿੰਘ ਨੇ ਦੱਸਿਆ ਕਿ ਘਟਨਾ ਦੀ ਜਾਂਚ ਲਈ ਪੁਲੀਸ ਵੱਲੋਂ ਸੀਸੀਟੀਵੀ ਫੁਟੇਜ ਅਤੇ ਹੋਰ ਤਕਨੀਕੀ ਸਬੂਤਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ।

ਜਾਂਚ ਦੌਰਾਨ ਸਾਹਮਣੇ ਆਇਆ ਕਿ ਦੋਵੇਂ ਮੁਲਜ਼ਮ ਆਟੋ ਰਿਕਸ਼ਾ ਰਾਹੀਂ ਘਟਨਾ ਵਾਲੀ ਥਾਂ 'ਤੇ ਪਹੁੰਚੇ ਸਨ। ਉਨ੍ਹਾਂ ਨੇ ਪਹਿਲਾਂ ਦਿਨ ਦੌਰਾਨ ਇਲਾਕੇ ਦੀ ਰੇਕੀ ਕੀਤੀ ਅਤੇ ਦੇਰ ਰਾਤ ਕਲੀਨਿਕ 'ਤੇ ਪੈਟਰੋਲ ਬੰਬ ਸੁੱਟ ਕੇ ਫਰਾਰ ਹੋ ਗਏ। ਵਾਰਦਾਤ ਤੋਂ ਬਾਅਦ ਉਹ ਰੇਲ ਗੱਡੀ ਰਾਹੀਂ ਅਬੋਹਰ ਚਲੇ ਗਏ ਸਨ।

ਪੁਲਿਸ ਨੇ ਵੱਖ-ਵੱਖ ਪੱਖਾਂ ਤੋਂ ਜਾਂਚ ਕਰਦਿਆਂ ਦੋਵੇਂ ਮੁਲਜ਼ਮਾਂ ਨੂੰ ਅਬੋਹਰ ਤੋਂ ਗ੍ਰਿਫ਼ਤਾਰ ਕਰ ਲਿਆ। ਡੀਆਈਜੀ ਅਨੁਸਾਰ, ਜਦੋਂ ਪੁਲੀਸ ਉਨ੍ਹਾਂ ਨੂੰ ਬਠਿੰਡਾ ਲੈ ਕੇ ਆ ਰਹੀ ਸੀ ਤਾਂ ਉਨ੍ਹਾਂ ਨੇ ਹਿਰਾਸਤ ਵਿੱਚੋਂ ਭੱਜਣ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਦੋਵੇਂ ਜ਼ਖ਼ਮੀ ਹੋ ਗਏ। ਇੱਕ ਮੁਲਜ਼ਮ ਦੀ ਲੱਤ ਅਤੇ ਦੂਜੇ ਦੀ ਬਾਂਹ ਟੁੱਟ ਗਈ, ਜਿਨ੍ਹਾਂ ਦਾ ਇਲਾਜ ਕਰਵਾਇਆ ਜਾ ਰਿਹਾ ਹੈ।

ਪੁਲਿਸ ਜਾਂਚ ਵਿੱਚ ਇਹ ਵੀ ਸਾਹਮਣੇ ਆਇਆ ਹੈ ਕਿ ਮੁਲਜ਼ਮਾਂ ਨੇ ਪੈਸਿਆਂ ਦੇ ਲਾਲਚ ਵਿੱਚ ਆ ਕੇ ਇਸ ਵਾਰਦਾਤ ਨੂੰ ਅੰਜਾਮ ਦਿੱਤਾ ਸੀ। ਮਾਮਲੇ ਦਾ ਕਥਿਤ ਮਾਸਟਰਮਾਈਂਡ ਸੰਦੀਪ ਵਾਸੀ ਅਬੋਹਰ ਦੱਸਿਆ ਜਾ ਰਿਹਾ ਹੈ, ਜੋ ਇਸ ਵੇਲੇ ਫਰਾਰ ਹੈ। ਪੁਲੀਸ ਵੱਲੋਂ ਉਸ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

## ਹਜ਼ੂਰ ਸਾਹਿਬ ਐਕਟ ਰੱਦ ਕਰਨ 'ਤੇ ਸੁਖਬੀਰ ਬਾਦਲ ਵੱਲੋਂ ਮਹਾਰਾਸ਼ਟਰ ਸਰਕਾਰ ਦੇ ਫੈਸਲੇ ਦੀ ਸਖ਼ਤ ਨਿੰਦਾ

**ਚੰਡੀਗੜ੍ਹ, 25 ਜੂਨ**
**-ਹਰਮਨਪ੍ਰੀਤ ਕੌਰ-**

ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਮਹਾਰਾਸ਼ਟਰ ਸਰਕਾਰ ਦੇ ਨਾਂਦੇੜ ਸਿੱਖ ਗੁਰਦੁਆਰਾ ਸੱਚਖੰਡ ਸ੍ਰੀ ਹਜ਼ੂਰ ਅਬਚਲਨਗਰ ਸਾਹਿਬ ਐਕਟ, 1956 ਨੂੰ ਰੱਦ ਕਰਨ ਅਤੇ ਇਸ ਦੀ ਥਾਂ ਨਵਾਂ ਕਾਨੂੰਨ ਲਿਆਉਣ ਦੇ ਪ੍ਰਸਤਾਵ ਨੂੰ ਖਾਰਜ ਕਰਦਿਆਂ 'ਗੁਰਮਤਾ' (ਸਾਂਝਾ ਧਾਰਮਿਕ ਫੈਸਲਾ) ਜਾਰੀ ਕਰਨ ਤੋਂ ਬਾਅਦ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅੱਜ ਮਹਾਰਾਸ਼ਟਰ ਸਰਕਾਰ ਦੇ ਇਸ ਫੈਸਲੇ ਦੀ ਸਖ਼ਤ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ 1956 ਦੇ ਐਕਟ ਨੂੰ ਰੱਦ ਕਰਕੇ ਅਤੇ ਉਸ ਦੀ ਥਾਂ ਨਵਾਂ ਕਾਨੂੰਨ ਲਿਆ ਕੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਖੁਦਮੁਖਤਿਆਰ ਕੰਮਕਾਜ ਵਿੱਚ ਦਖਲਅੰਦਾਜ਼ੀ ਕੀਤੀ ਜਾ ਰਹੀ ਹੈ।

ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' (X) 'ਤੇ ਇੱਕ ਪੋਸਟ ਵਿੱਚ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਇਹ ਪਵਿੱਤਰ ਤਖ਼ਤ ਸਿੱਖ ਪੰਥ ਦਾ ਹੈ ਅਤੇ ਕਿਸੇ ਵੀ ਸਰਕਾਰ ਨੂੰ ਇਸ 'ਤੇ ਆਪਣਾ ਕੰਟਰੋਲ ਸਥਾਪਤ ਕਰਨ ਦਾ ਕੋਈ ਅਧਿਕਾਰ ਨਹੀਂ ਹੈ।



ਸੁਖਬੀਰ ਸਿੰਘ ਬਾਦਲ ਦਾ ਬਿਆਨ: ਅਸੀਂ ਮਹਾਰਾਸ਼ਟਰ ਸਰਕਾਰ ਅਤੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨੂੰ ਅਪੀਲ ਕਰਦੇ ਹਾਂ ਕਿ ਉਹ ਇਸ ਪ੍ਰਸਤਾਵ ਨੂੰ ਤੁਰੰਤ ਵਾਪਸ ਲੈਣ ਅਤੇ ਕੋਈ ਵੀ ਅਜਿਹਾ ਕਦਮ ਨਾ ਚੁੱਕਣ ਜੋ ਸਿੱਖ ਸੰਗਤ ਦੀਆਂ ਭਾਵਨਾਵਾਂ ਦੇ ਵਿਰੁੱਧ ਹੋਵੇ।

ਪੰਜ ਪਿਆਰਿਆਂ ਅਤੇ ਧਾਰਮਿਕ ਸ਼ਖ਼ਸੀਅਤਾਂ ਵੱਲੋਂ ਗੁਰਮਤਾਇਹ 'ਗੁਰਮਤਾ' ਪੰਜ ਪਿਆਰਿਆਂ ਅਤੇ ਵੱਖ-ਵੱਖ ਸਿੱਖ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਦੀ ਇੱਕ ਉੱਚ ਪੱਧਰੀ ਇਕੱਤਰਤਾ ਤੋਂ ਬਾਅਦ ਲਿਆ ਗਿਆ ਹੈ। ਡੂੰਘੀ ਵਿਚਾਰ-ਚਰਚਾ ਤੋਂ ਬਾਅਦ, ਸਰਬਸੰਮਤੀ ਨਾਲ ਇੱਕ ਮਤਾ ਪਾਸ ਕੀਤਾ ਗਿਆ, ਜਿਸ ਵਿੱਚ ਮੂਲ 1956 ਦੇ ਐਕਟ ਨੂੰ ਬਰਕਰਾਰ ਰੱਖਣ ਦੀ ਜ਼ੋਰਦਾਰ ਮੰਗ ਕੀਤੀ ਗਈ। ਗੁਰੂ ਦੇ ਨਾਮ 'ਤੇ ਲਏ ਗਏ ਇਸ ਸਮੂਹਿਕ ਫੈਸਲੇ (ਗੁਰਮਤੇ) ਨੂੰ ਤਖ਼ਤ ਦੇ ਜਥੇਦਾਰ ਗਿਆਨੀ ਕੁਲਵੰਤ ਸਿੰਘ ਦੀ ਮੌਜੂਦਗੀ ਵਿੱਚ ਸਿੰਘ ਸਾਹਿਬ ਗਿਆਨੀ ਰਾਮ ਸਿੰਘ ਵੱਲੋਂ ਰਸਮੀ ਤੌਰ 'ਤੇ ਪੜ੍ਹ ਕੇ ਸੁਣਾਇਆ ਗਿਆ।

ਮਹਾਰਾਸ਼ਟਰ ਸਰਕਾਰ ਦਾ ਨਵਾਂ ਪ੍ਰਸਤਾਵਮੁੱਖ ਮੰਤਰੀ ਦੇਵੇਂਦਰ ਫੜਨਵੀਸ ਦੀ ਪ੍ਰਧਾਨਗੀ ਹੇਠ ਮਹਾਰਾਸ਼ਟਰ ਕੈਬਨਿਟ ਨੇ ਹਾਲ ਹੀ ਵਿੱਚ ਸੱਤ ਦਹਾਕੇ ਪੁਰਾਣੇ ਐਕਟ ਨੂੰ ਰੱਦ ਕਰਨ ਅਤੇ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਚਲਨਗਰ ਸਾਹਿਬ ਗੁਰਦੁਆਰਾ ਐਕਟ ਨਾਮਕ ਇੱਕ ਨਵਾਂ ਕਾਨੂੰਨ ਪੇਸ਼ ਕਰਨ ਦੇ ਪ੍ਰਸਤਾਵ ਨੂੰ ਮਨਜ਼ੂਰੀ ਦਿੱਤੀ ਹੈ।

ਇਸ ਪ੍ਰਸਤਾਵਿਤ ਕਾਨੂੰਨ ਨੂੰ ਚੱਲ ਰਹੇ ਵਿਧਾਨ ਸਭਾ ਸੈਸ਼ਨ ਵਿੱਚ ਪੇਸ਼ ਕੀਤੇ ਜਾਣ ਦੀ ਸੰਭਾਵਨਾ ਹੈ। ਇੱਕ ਵਾਰ ਪਾਸ ਹੋਣ ਤੋਂ ਬਾਅਦ, ਇਹ ਗੁਰਦੁਆਰਾ ਬੋਰਡ ਨੂੰ ਚਲਾਉਣ ਲਈ ਇੱਕ ਨਵਾਂ ਪ੍ਰਸ਼ਾਸਨਿਕ ਢਾਂਚਾ ਤਿਆਰ ਕਰੇਗਾ, ਜਿਸ ਵਿੱਚ ਚੋਣਾਂ, ਪ੍ਰਬੰਧਨ ਅਤੇ ਉਪ-ਨਿਯਮਾਂ (ਬਾਈ-ਲਾਜ਼) ਲਈ ਸੋਧੇ ਹੋਏ ਨਿਯਮ ਸ਼ਾਮਲ ਹੋਣਗੇ। ਨਵੇਂ ਕਾਨੂੰਨ ਦਾ ਇਹ ਫੈਸਲਾ ਸੂਬਾ ਸਰਕਾਰ ਵੱਲੋਂ ਗਠਿਤ ਇੱਕ ਕਮੇਟੀ ਦੀਆਂ ਸਿਫ਼ਾਰਸ਼ਾਂ 'ਤੇ ਅਧਾਰਤ ਹੈ, ਜਿਸ ਨੇ ਪ੍ਰਬੰਧਨ ਵਿੱਚ ਢਾਂਚਾਗਤ ਤਬਦੀਲੀਆਂ ਦਾ ਸੁਝਾਅ ਦਿੱਤਾ ਹੈ।

ਸਿੱਖ ਸੰਸਥਾਵਾਂ ਵੱਲੋਂ ਤਿੱਖਾ ਵਿਰੋਧਇਸ ਕਦਮ ਨੇ ਸਿੱਖ ਸੰਸਥਾਵਾਂ ਵਿੱਚ ਤਿੱਖੀ ਪ੍ਰਤੀਕਿਰਿਆ ਪੈਦਾ ਕਰ ਦਿੱਤੀ ਹੈ।

## 4.43 ਲੱਖ ਤੋਂ ਵੱਧ ਮਰੀਜ਼, 782 ਕਰੋੜ ਰੁਪਏ ਦਾ ਕੈਸ਼ਲੈੱਸ ਇਲਾਜ: ਭਗਵੰਤ ਮਾਨ ਸਰਕਾਰ ਦੀ 'ਮੁੱਖ ਮੰਤਰੀ ਸਿਹਤ ਯੋਜਨਾ' ਨਾਲ ਬਦਲ ਰਹੀ ਹੈ ਪੰਜਾਬ ਦੇ ਸਿਹਤ ਢਾਂਚੇ ਦੀ ਤਸਵੀਰ

### 782 ਕਰੋੜ ਰੁਪਏ ਦਾ ਕੈਸ਼ਲੈੱਸ ਇਲਾਜ ਪੰਜਾਬ ਵਿੱਚ ਲਿਆ ਰਿਹਾ ਹੈ ਸਿਹਤ ਕ੍ਰਾਂਤੀ: ਡਾ. ਬਲਬੀਰ ਸਿੰਘ

**ਪਟਿਆਲਾ, 25 ਜੂਨ**
**-ਛਤਰਪਾਲ ਸਿੰਘ-**

ਪੰਜਾਬ ਦੀ 'ਮੁੱਖ ਮੰਤਰੀ ਸਿਹਤ ਯੋਜਨਾ' ਸੂਬੇ ਦੇ ਸਿਹਤ ਖੇਤਰ ਦੀ ਤਸਵੀਰ ਬਦਲ ਰਹੀ ਹੈ। ਸਟੇਟ ਹੈਲਥ ਏਜੰਸੀ (ਐੱਸਐੱਚਏ) ਪੰਜਾਬ ਅਨੁਸਾਰ, ਪਟਿਆਲਾ ਜ਼ਿਲ੍ਹਾ ਇਸ ਯੋਜਨਾ ਨੂੰ ਅਪਣਾਉਣ ਅਤੇ ਇਸਦੀ ਵਰਤੋਂ ਵਿੱਚ ਸਭ ਤੋਂ ਅੱਗੇ ਹੈ ਅਤੇ ਪ੍ਰੋਗਰਾਮ ਅਧੀਨ ਰਾਜ ਵਿੱਚ ਸਭ ਤੋਂ ਵੱਧ ਮਰੀਜ਼ਾਂ ਅਤੇ ਖਰਚ ਦੇ ਮਾਮਲੇ ਵਿੱਚ ਸਿਖ਼ਰ 'ਤੇ ਹੈ। ਪੂਰੇ ਪੰਜਾਬ ਵਿੱਚ 4,43,906 ਤੋਂ ਵੱਧ ਮਰੀਜ਼ ਲਾਭ ਲੈ ਚੁੱਕੇ ਹਨ ਅਤੇ ਜਿਸ ਦੇ ਕੁੱਲ 782.79 ਕਰੋੜ ਤੋਂ ਵੱਧ ਦਾ ਖਰਚ ਹੋਇਆ ਹੈ।

ਸਰਕਾਰੀ ਅਤੇ ਸੂਚੀਬੱਧ ਕੀਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਕੈਸ਼ਲੈੱਸ ਇਲਾਜ ਮੁਹੱਈਆ ਕਰਵਾਉਣ ਲਈ ਡਿਜ਼ਾਈਨ ਕੀਤੀ ਗਈ 'ਮੁੱਖ ਮੰਤਰੀ ਸਿਹਤ ਯੋਜਨਾ', ਸੂਬੇ ਦੀਆਂ ਸਭ ਤੋਂ ਵਧੀਆ ਲੋਕ ਭਲਾਈ ਯੋਜਨਾਵਾਂ ਵਿੱਚੋਂ ਇੱਕ ਬਣ ਚੁੱਕੀ ਹੈ। ਐੱਸ.ਐੱਚ.ਏ. ਪੰਜਾਬ ਦੇ ਤਾਜ਼ਾ ਅੰਕੜਿਆਂ ਮੁਤਾਬਿਕ (23 ਜੂਨ ਤੱਕ) ਇਸ ਯੋਜਨਾ ਨੇ ਵੱਡੇ ਪੱਧਰ 'ਤੇ ਤਬਦੀਲੀ ਲਿਆਂਦੀ ਹੈ।

ਪਟਿਆਲਾ ਯੋਜਨਾ ਦਾ ਲਾਭ ਲੈਣ ਵਿੱਚ ਸਭ ਤੋਂ ਅੱਗੇ ਹੈ, ਜਿੱਥੇ 52,672 ਮਰੀਜ਼ਾਂ ਦੇ ਇਲਾਜ਼ ਉੱਪਰ ਲਗਭਗ 79.15 ਕਰੋੜ ਰੁਪਏ ਖਰਚੇ ਗਏ ਹਨ। ਇਸ ਤੋਂ ਬਾਅਦ ਬਠਿੰਡਾ ਹੈ ਜਿੱਥੇ 30,813 ਮਰੀਜ਼ਾਂ ਉੱਤੇ 76.81 ਕਰੋੜ ਰੁਪਿਆ ਖਰਚਿਆ ਗਿਆ ਹੈ, ਜਦਕਿ ਲੁਧਿਆਣਾ ਵਿੱਚ 44,227 ਮਰੀਜ਼ਾਂ ਉੱਤੇ 60.54 ਕਰੋੜ ਰੁਪਏ ਦਾ ਖਰਚਾ ਦਰਜ ਕੀਤਾ ਗਿਆ ਹੈ। ਪਟਿਆਲਾ ਦੀ ਅਗਵਾਈ ਤੋਂ ਲੱਗਦਾ ਹੈ ਕਿ ਇੱਥੇ ਹਸਪਤਾਲਾਂ ਨਾਲ ਬਿਹਤਰ ਸਬੰਧ ਅਤੇ ਲਾਭਪਾਤਰੀਆਂ ਵਿੱਚ ਯੋਜਨਾ ਬਾਰੇ ਵਧੇਰੇ ਜਾਗਰੂਕਤਾ ਹੈ।



ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਇੱਕ ਬਿਆਨ ਵਿੱਚ ਕਿਹਾ, ਇਹ ਲੋਕਾਂ ਨੂੰ ਉਨ੍ਹਾਂਦੀ ਜੇਬ ਚੋਂ ਹੋਣ ਵਾਲੇ ਵੱਡੇ ਸਿਹਤ ਖਰਚਿਆਂ ਤੋਂ ਰਾਹਤ ਦਿੱਤੀ ਹੈ। ਉਨ੍ਹਾਂ ਕਿਹਾ, ਮੁੱਖ ਮੰਤਰੀ ਸਿਹਤ ਯੋਜਨਾ ਸਿਰਫ਼ ਕਾਗਜ਼ 'ਤੇ ਅਧਾਰਤ ਨੀਤੀ ਨਹੀਂ ਸਗੋਂ ਉਨ੍ਹਾਂ ਪਰਿਵਾਰਾਂ ਲਈ ਜੀਵਨ ਰੇਖਾ ਹੈ ਜਿਨ੍ਹਾਂ ਨੂੰ ਕਿਸੇ ਵੇਲੇ ਹਸਪਤਾਲ ਦੇ ਬਿਲ ਬੀਮਾਰੀ ਤੋਂ ਵੀ ਵੱਧ ਡਰਾਉਂਦੇ ਸਨ।"

ਪੂਰੇ ਪੰਜਾਬ ਵਿੱਚ ਯੋਜਨਾ ਦਾ ਪ੍ਰਭਾਵ ਸਪੱਸ਼ਟ ਨਜ਼ਰ ਆ ਰਿਹਾ ਹੈ। ਜਲੰਧਰ (27,682 ਮਰੀਜ਼), ਅੰਮ੍ਰਿਤਸਰ (20,503) ਅਤੇ ਐੱਸ.ਏ.ਐੱਸ. ਨਗਰ (20,085) ਵਰਗੇ ਜ਼ਿਲ੍ਹਿਆਂ ਨੇ ਯੋਜਨਾ ਦਾ ਵਿਆਪਕ ਲਾਭ ਲਿਆ ਹੈ, ਜਦਕਿ ਛੋਟੇ ਜ਼ਿਲ੍ਹੇ ਜਿਵੇਂ ਕਪੂਰਥਲਾ (9,384) ਅਤੇ ਮਲੇਰਕੋਟਲਾ (3,181) ਵਿੱਚ ਵੀ ਯੋਜਨਾ ਦੀ ਪਹੁੰਚ ਅਤੇ ਵਰਤੋਂ ਲਗਾਤਾਰ ਵਧ ਰਹੀ ਹੈ। ਐੱਸ.ਐੱਚ.ਏ. ਦੇ ਅੰਕੜਿਆਂ ਅਨੁਸਾਰ ਰਾਜ ਭਰ ਵਿੱਚ 4,43,906 ਮਰੀਜ਼ਾਂ ਨੇ ਲਾਭ ਉਠਾਇਆ ਹੈ ਅਤੇ ਜਿਸ 'ਤੇ ਕੁੱਲ ਖਰਚ 782.79 ਕਰੋੜ ਹੋਇਆ। ਡਾ. ਬਲਬੀਰ ਸਿੰਘ ਨੇ ਜ਼ੋਰ ਦਿੰਦਿਆਂ ਕਿਹਾ, ਸਾਡਾ ਉਦੇਸ਼ ਬਹੁਤ ਸਧਾਰਨ ਹੈ — ਪੰਜਾਬ ਵਿੱਚ ਕੋਈ ਵੀ ਪਰਿਵਾਰ ਬੀਮਾਰੀ ਕਾਰਨ ਕਰਜ਼ਈ ਨਾ ਹੋਵੇ। ਇਹ ਯੋਜਨਾ ਹਰ ਤਿਮਾਹੀ ਵਧਦੀ ਜਾ ਰਹੀ ਹੈ।

ਪੇਂਡੂ ਇਲਾਕਿਆਂ ਵਿੱਚ ਇਹ ਯੋਜਨਾ ਆਮ ਜਨਸਮੂਹ ਵਿੱਚ ਬਹੁਤ ਚਰਚਾ ਵਿੱਚ ਹੈ। ਮਾਨਸਾ ਦੇ 62 ਸਾਲਾ ਕਿਸਾਨ ਗੁਰਮੀਤ ਸਿੰਘ ਨੇ ਕਿਹਾ, ਜੇ ਇਹ ਯੋਜਨਾ ਨਾ ਹੁੰਦੀ ਤਾਂ ਇਲਾਜ ਲਈ ਮੈਨੂੰ ਆਪਣੀ ਜ਼ਮੀਨ ਵੇਚਣੀ ਪੈਂਦੀ। ਅਜਿਹੇ ਤਜਰਬੇ ਸੰਗਰੂਰ, ਹੁਸ਼ਿਆਰਪੁਰ ਅਤੇ ਫਿਰੋਜ਼ਪੁਰ ਆਦਿ ਜ਼ਿਲ੍ਹਿਆਂ ਵਿੱਚ ਵੀ ਸਾਹਮਣੇ ਆ ਰਹੇ ਹਨ, ਜਿੱਥੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਸਪਤਾਲਾਂ ਵਿੱਚ ਦਾਖ਼ਲ ਹੋਣ ਵਾਲੇ ਮਰੀਜ਼ਾਂ ਦੀ ਗਿਣਤੀ ਲਗਾਤਾਰ ਵਧ ਰਹੀ ਹੈ।

ਗੁਰਦਾਸਪੁਰ ਅਤੇ ਰੂਪਨਗਰ ਵਰਗੇ ਜ਼ਿਲ੍ਹਿਆਂ ਵਿੱਚ ਵੀ ਔਸਤਨ ਅੰਕੜੇ ਹੋਣ ਦੇ ਬਾਵਜੂਦ ਯੋਜਨਾ ਦੀ ਲਗਾਤਾਰ ਵਧਦੀ ਵਰਤੋਂ ਇਸ ਗੱਲ ਵੱਲ ਇਸ਼ਾਰਾ ਕਰਦੀ ਹੈ ਕਿ ਲੋਕਾਂ ਵਿੱਚ ਜਾਗਰੂਕਤਾ ਵਧ ਰਹੀ ਹੈ ਅਤੇ ਸੂਚੀਬੱਧ ਹਸਪਤਾਲਾਂ ਦੇ ਨੈੱਟਵਰਕ ਦਾ ਵੀ ਲਗਾਤਾਰ ਵਿਸਤਾਰ ਹੋ ਰਿਹਾ ਹੈ।







# ਸੰਪਾਦਕੀ

## ਭਾਰਤ ਦੇ ਖੇਤੀਬਾੜੀ ਖੇਤਰ, ਖਾਸ ਕਰਕੇ ਮੀਂਹ ਨਿਰਭਰ ਖੇਤਰਾਂ ਦੀ ਕਮਜ਼ੋਰੀ ਨੂੰ ਮੌਨਸੂਨ ਨੇ ਕੀਤਾ ਉਜਾਗਰ

ਭਾਰਤ ਦੇ ਖੇਤੀਬਾੜੀ ਖੇਤਰ ਦੱਖਣ-ਪੱਛਮ ਵਿੱਚ ਕਮਜ਼ੋਰ ਮੌਨਸੂਨ ਨੇ , ਖਾਸ ਕਰਕੇ ਮੀਂਹ ਨਿਰਭਰ ਖੇਤਰਾਂ ਦੀ ਕਮਜ਼ੋਰੀ ਨੂੰ ਉਜਾਗਰ ਕੀਤਾ ਹੈ। ਐਤਕੀਂ ਬਾਰਿਸ਼ 40-60 ਫ਼ੀਸਦੀ ਘੱਟ ਹੋਣਾ ਅਤੇ ਭਾਰਤੀ ਮੌਸਮ ਵਿਭਾਗ ਵੱਲੋਂ 2 ਜੁਲਾਈ ਤੱਕ ਮੌਨਸੂਨ ਸੁਸਤ ਰਹਿਣ ਦੀ ਕੀਤੀ ਪੇਸ਼ੀਨਗੋਈ ਨੇ ਸਾਉਣੀ ਦੇ ਸੀਜ਼ਨ ਬਾਰੇ ਚਿੰਤਾਵਾਂ ਵਧਾ ਦਿੱਤੀਆਂ ਹਨ। ਕੇਂਦਰ ਸਰਕਾਰ ਵੱਲੋਂ 12 ਸੂਬਿਆਂ ਦੇ 111 ਬੇਹੱਦ ਸੰਵੇਦਨਸ਼ੀਲ ਜ਼ਿਲ੍ਹਿਆਂ ਦੀ ਪਛਾਣ ਕਰਨਾ ਇਸ ਸੰਕਟ ਦੀ ਗੰਭੀਰਤਾ ਨੂੰ ਦਰਸਾਉਂਦਾ ਹੈ। ਸਿੰਜਾਈ ਦੇ ਵਿਸਥਾਰ ਅਤੇ ਮੌਸਮ ਨਾਲ ਨਜਿੱਠਣ ਲਈ ਸਾਲਾਂ ਤੋਂ ਨੀਤੀਗਤ ਜ਼ੋਰ ਦੇਣ ਦੇ ਬਾਵਜੂਦ ਖੇਤੀਬਾੜੀ ਹਾਲੇ ਵੀ ਮੌਨਸੂਨ ਦੀ ਬਰਸਾਤ ’ਤੇ ਨਿਰਭਰ ਹੈ। ਮੌਨਸੂਨ ਵਿੱਚ ਦੇਰੀ ਜਾਂ ਕਮਜ਼ੋਰ ਹੋਣ ਦਾ ਸਿੱਧਾ ਅਸਰ ਫ਼ਸਲ ਦੀ ਬਿਜਾਈ/ਲੁਆਈ, ਪੈਦਾਵਾਰ, ਪੇਂਡੂ ਖੇਤਰ ਦੀ ਆਮਦਨ ਅਤੇ ਖਾਣ-ਪੀਣ ਦੀਆਂ ਵਸਤਾਂ ਦੀ ਮਹਿੰਗਾਈ ’ਤੇ ਪੈਂਦਾ ਹੈ। ਜੇਕਰ ਜੁਲਾਈ-ਅਗਸਤ ਦੇ ਅਹਿਮ ਸਮੇਂ ਦੌਰਾਨ ਮੀਂਹ ਆਮ ਨਾਲੋਂ ਘੱਟ ਪੈਂਦਾ ਹੈ ਤਾਂ ਇਸ ਦੇ ਨਤੀਜੇ ਬਹੁਤ ਗੰਭੀਰ ਹੋ ਸਕਦੇ ਹਨ। ਸੂਬਾ ਸਰਕਾਰ ਨੇ ਹਾਲਾਂਕਿ ਜ਼ਿਲ੍ਹਾ ਪੱਧਰ ’ਤੇ ਸੰਕਟਕਾਲੀ ਯੋਜਨਾਵਾਂ ਤਿਆਰ ਕੀਤੀਆਂ ਹਨ ਅਤੇ ਨਾਲ ਹੀ, ਪਾਣੀ ਦੀ ਘੱਟ ਖਪਤ ਵਾਲੀਆਂ ਫ਼ਸਲਾਂ ਅਤੇ ਪਾਣੀ ਦੀ ਸੰਭਾਲ ਲਈ ਵੀ ਹੱਲਾਸ਼ੇਰੀ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ ਬੀਜਾਂ ਅਤੇ ਖਾਦਾਂ ਦੀ ਢੁਕਵੀਂ ਸਪਲਾਈ ਯਕੀਨੀ ਬਣਾਉਣ ਦੇ ਯਤਨ ਕੀਤੇ ਜਾ ਰਹੇ ਹਨ। ਦੂਜੇ ਪਾਸੇ ਦਾਲਾਂ, ਤੇਲ ਬੀਜ ਵਾਲੀਆਂ ਫ਼ਸਲਾਂ ਅਤੇ ਮੋਟੇ ਅਨਾਜ ’ਤੇ ਧਿਆਨ ਕੇਂਦਰਿਤ ਕਰਨਾ ਇਸ ਲਈ ਅਹਿਮ ਹੈ ਕਿਉਂਕਿ ਇਨ੍ਹਾਂ ਦੀ ਪੈਦਾਵਾਰ ਲਈ ਪਾਣੀ ਦੀ ਬਹੁਤ ਘੱਟ ਲੋੜ ਪੈਂਦੀ ਹੈ।

ਐੱਲ ਨੀਨੋ ਨਿਗਰਾਨ ਸੈੱਲ ਦੀ ਸਰਗਰਮੀ ਅਤੇ ਕ੍ਰਿਸ਼ੀ ਵਿਗਿਆਨ ਕੇਂਦਰਾਂ ਰਾਹੀਂ ਮੌਸਮ ਮੁਤਾਬਕ ਕਿਸਾਨਾਂ ਨੂੰ ਸਲਾਹ ਦੇਣਾ ਵੀ ਚੰਗਾ ਉਪਰਾਲਾ ਹੈ। ਭਾਵੇਂ ਤਿਆਰੀ ਨਾਲ ਅੱਧੀ ਲੜਾਈ ਜਿੱਤ ਲਈ ਜਾਂਦੀ ਹੈ ਪਰ ਇਸ ਦੇ ਨਾਲ-ਨਾਲ ਸੁਧਾਰ ਵੀ ਜ਼ਰੂਰੀ ਹੈ। ਭਾਰਤ ਦੀਆਂ ਮੌਨਸੂਨ ਸਬੰਧੀ ਚਿੰਤਾਵਾਂ ਇਸ ਗੱਲ ਵੱਲ ਇਸ਼ਾਰਾ ਕਰਦੀਆਂ ਹਨ ਕਿ ਬਾਰਿਸ਼ ’ਤੇ ਨਿਰਭਰ ਖੇਤੀ ਦੀ ਨਿਰਭਰਤਾ ਘਟਾਉਣ ਦੀ ਫੌਰੀ ਲੋੜ ਹੈ। ਸੂਖਮ ਸਿੰਜਾਈ (ਮਾਈਕਰੋ ਇਰੀਗੇਸ਼ਨ) ਦਾ ਵਿਸਥਾਰ ਕਰਨਾ, ਜਲ ਸਰੋਤਾਂ ਨੂੰ ਮੁੜ ਸੁਰਜੀਤ ਕਰਨਾ, ਧਰਤੀ ਹੇਠਲਾ ਪਾਣੀ ਬਚਾਉਣਾ ਅਤੇ ਜਲਵਾਯੂ- ਪੱਖੀ ਖੇਤੀ ਨੂੰ ਹੁਲਾਰਾ ਦੇਣਾ ਮੌਸਮੀ ਕਾਰਨਾਂ ਦੀ ਬਜਾਏ ਲੰਮੇ ਸਮੇਂ ਲਈ ਕੌਮੀ ਤਰਜੀਹ ਬਣਨਾ ਚਾਹੀਦਾ ਹੈ। ਅਜਿਹੇ ਵਿੱਚ ਕਿਸਾਨਾਂ ਨੂੰ ਆਰਥਿਕ ਸੰਕਟ ਤੋਂ ਬਚਾਉਣ ਦੀ ਲੋੜ ’ਤੇ ਜਿੰਨਾ ਜ਼ੋਰ ਦਿੱਤਾ ਜਾਵੇ ਓਨਾ ਹੀ ਘੱਟ ਹੈ। ਫ਼ਸਲ ਬੀਮਾ ਕਵਰੇਜ ਵਿੱਚ ਹਾਲੇ ਵੀ ਤਵਾਜ਼ਨ ਨਹੀਂ ਹੈ ਅਤੇ ਉਪਰੋਂ ਜ਼ਮੀਨੀ ਪੱਧਰ ’ਤੇ ਸੰਕਟਕਾਲੀ ਯੋਜਨਾਵਾਂ ਬਾਰੇ ਅਕਸਰ ਪੂਰੀ ਜਾਣਕਾਰੀ ਨਹੀਂ ਪੁੱਜਦੀ। ਹਾਲਾਂਕਿ ਸਾਡੇ ਕੋਲ ਭਰੇ ਹੋਏ ਅਨਾਜ ਭੰਡਾਰ ਹਨ ਅਤੇ ਜਲ ਭੰਡਾਰਨ ਕਾਰਨ ਦੇਸ਼ ਦੀ ਅਨਾਜ ਸੁਰੱਖਿਆ ਨੂੰ ਫੌਰੀ ਕੋਈ ਖ਼ਤਰਾ ਨਹੀਂ ਪਰ ਫਿਰ ਵੀ ਲੱਖਾਂ ਕਿਸਾਨਾਂ ਦੀ ਰੋਜ਼ੀ-ਰੋਟੀ ਖ਼ਤਰੇ ਵਿੱਚ ਹੈ। ਮੌਸਮ ਵਿੱਚ ਬਦਲਾਅ ਹੁਣ ਕਦੇ-ਕਦਾਈਂ ਆਉਣ ਵਾਲੀ ਸਮੱਸਿਆ ਨਹੀਂ ਹੈ ਬਲਕਿ ਇਹ ਵਾਰ-ਵਾਰ ਸਾਹਮਣੇ ਆਉਣ ਵਾਲੀ ਸਚਾਈ ਹੈ। ਨੀਤੀ ਘਾੜਿਆਂ ਲਈ ਹੁਣ ਅਜਿਹਾ ਖੇਤੀ ਢਾਂਚਾ ਤਿਆਰ ਕਰਨ ਦੀ ਚੁਣੌਤੀ ਹੈ ਜਿਹੜਾ ਜਲਵਾਯੂ ਪੱਖੀ ਹੋਵੇ ਅਤੇ ਭਵਿੱਖ ਦੀਆਂ ਬੇਯਕੀਨੀਆਂ ਦਾ ਸਾਹਮਣਾ ਕਰਨ ਦਾ ਸਮਰੱਥ ਹੋਵੇ।

-ਛੱਤਰਪਾਲ ਸਿੰਘ

## ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨੌਜਵਾਨਾਂ ਨੂੰ ਨਸ਼ਿਆਂ ਤੋਂ ਵਿਰੁੱਧ ਜਾਗਰੂਕ ਕਰਨ ਲਈ ਦਸਤਖ਼ਤ ਮੁਹਿੰਮ ਦਾ ਆਯੋਜਨ

**ਪਟਿਆਲਾ, 25 ਜੂਨ**
**-ਅਮਨਦੀਪ ਸੱਭਰਵਾਲ-**




ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫ਼ਤਰ ਪਟਿਆਲਾ ਵੱਲੋਂ ਪੰਜਾਬ ਰੈਡ ਕਰਾਸ ਨਸ਼ਾ ਪੀੜਤਾਂ ਲਈ ਏਕੀਕ੍ਰਿਤ ਮੁੜ ਵਸੇਬਾ ਕੇਂਦਰ ਅਤੇ ਪੁਨਰਵਾਸ ਕੇਂਦਰ ਪਟਿਆਲਾ,ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੀ ਡਿਪਟੀ ਕਮਿਸ਼ਨਰ ਪਟਿਆਲਾ ਡਾਕਟਰ ਹਿਮਾਂਸ਼ੂ ਅਗਰਵਾਲ ਦੀ ਸਰਪ੍ਰਸਤੀ ਹੇਠ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰਾਲਾ ਭਾਰਤ ਸਰਕਾਰ ਵੱਲੋਂ ਸ਼ੁਰੂ ਕੀਤੀ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨੌਜਵਾਨਾਂ ਨੂੰ ਨਸ਼ਿਆਂ ਤੋਂ ਵਿਰੁੱਧ ਜਾਗਰੂਕ ਕਰਨ ਲਈ ਦਸਤਖ਼ਤ ਮੁਹਿੰਮ ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਮੁੱਖ ਮਹਿਮਾਨ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਪਟਿਆਲਾ ਵਰਿੰਦਰ ਸਿੰਘ ਟਿਵਾਣਾ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਬਰ ਜ਼ਿਲ੍ਹਾ ਸਾਂਝ ਕੇਂਦਰ, ਮੈਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ, ਮੈਬਰ ਵੂਮੈਨ ਕੌਸਲਿੰਗ ਸੈਲ ਨੇ ਕੀਤੀ। ਇਸ ਮੌਕੇ ਪਰਮਿੰਦਰ ਕੌਰ ਮਨਚੰਦਾ ਪ੍ਰੋਜੈਕਟ ਡਾਇਰੈਕਟਰ ਪੰਜਾਬ ਰੈਡ ਕਰਾਸ ਸਾਕੇਤ ਹਸਪਤਾਲ ਪਟਿਆਲਾ ਨੇ ਸਾਰੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਬਰ ਨਸ਼ਾ ਮੁਕਤ ਭਾਰਤ ਅਭਿਆਨ, ਡਾਕਟਰ ਚਾਰੂ ਗੌਤਮ,ਕੌਸਲਰ ਅਮਰਜੀਤ ਕੌਰ,ਕੌਸਲਰ ਰਣਜੀਤ ਕੌਰ,ਕੌਸਲਰ ਜਸਪ੍ਰੀਤ ਸਿੰਘ,ਕੌਸਲਰ ਗੁਰਮੀਤ ਸਿੰਘ,ਕੌਸਲਰ ਅੰਮ੍ਰਿਤਪਾਲ ਸਿੰਘ,ਰਿਟਾਇਰ ਐਸ ਡੀ ਓ ਵਿਨੇ ਸ਼ਰਮਾ,ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ ਆਫ ਕਾਮਰਸ, ਹਰਮਨਜੀਤ ਸਿੰਘ ਰੰਧਾਵਾ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਤੇਜਿੰਦਰ ਮਡੋੜ, ਜੁਗਰਾਜ ਚਹਿਲ, ਕੁਲਦੀਪ ਸਿੰਘ, ਅਮਰਜੀਤ ਸਿੰਘ ਲੰਗ, ਗੁਰਲੀਨ ਕੌਰ ਢੀਂਡਸਾ, ਗਗਨਪ੍ਰੀਤ ਕੌਰ, ਖੁਸ਼ਪ੍ਰੀਤ ਕੌਰ ਨੇ ਵੀ ਸ਼ਿਰਕਤ ਕੀਤੀ।ਇਸ ਮੌਕੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਪਟਿਆਲਾ ਵਰਿੰਦਰ ਸਿੰਘ ਟਿਵਾਣਾ ਨੇ ਕਿਹਾ ਕਿ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਦਸਤਖ਼ਤ ਮੁਹਿੰਮ ਚਲਾਉਣਾਂ ਸ਼ਲਾਘਾਯੋਗ ਉਪਰਲਾ ਹੈ। ਉਹਨਾਂ ਕਿਹਾ ਕਿ ਨਸ਼ੇ ਕਰਨ ਵਾਲਾ ਹਰ ਵਿਅਕਤੀ ਸ਼ੁਰੂ ਵਿੱਚ ਆਪਣੇ ਆਪ ਨੂੰ ਲੁਕਾਉਂਦਾ ਹੈ , ਫਿਰ ਉਸਦਾ ਪਰਿਵਾਰ ਵੀ ਇਸ ਨੂੰ ਲੁਕਾਉਣ ਦੀ ਕੋਸ਼ਿਸ਼ ਕਰਦਾ ਹੈ,ਕਿਉਂ ਕਿ ਉਹ ਜਾਣਦੇ ਹਨ ਕਿ ਨਸ਼ਾ ਲੈਣ ਵਾਲੇ ਨੂੰ ਲੋਕ ਨਫਰਤ ਕਰਦੇ ਹਨ। ਇਸ ਲਈ ਸਭ ਤੋਂ ਪਹਿਲਾਂ ਸਾਨੂੰ ਚਾਹੀਦਾ ਹੈ ਕਿ ਅਸੀਂ ਨਸ਼ਾ ਕਰਨ ਵਾਲਿਆਂ ਨੂੰ ਨਫਰਤ ਨਾ ਕਰੀਏ, ਸਗੋਂ ਉਨ੍ਹਾਂ ਦੀ ਨਸ਼ਾ ਛੱਡਣ ਵਿੱਚ ਮੱਦਦ ਕਰੀਏ । ਜੇਕਰ ਤੁਸੀਂ ਕਿਸੇ ਨੂੰ ਨਸ਼ੇ ਵਿੱਚ ਜਾਣ ਤੋਂ ਰੋਕ ਲਿਆ ਜਾਂ ਨਸ਼ਾ ਕਰਦੇ ਵਿਅਕਤੀ ਨੂੰ ਇਲਾਜ ਲਈ ਸਿਹਤ ਕੇਂਦਰ ਲਿਜਾ ਕੇ ਇਲਾਜ ਕਰਵਾ ਦਿੱਤਾ ਤਾਂ ਸਮਝੋ ਤੁਸੀਂ ਕਿਸੇ ਦੀ ਜਾਨ ਬਚਾ ਲਈ। ਉਹਨਾਂ ਕਿਹਾ ਕਿ ਹਰ ਵਿਅਕਤੀ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਨਸ਼ੇ ਦੀ ਆਦਤ ਨਾ ਸਿਰਫ ਉਨ੍ਹਾਂ ਦੇ ਸਰੀਰ ਅਤੇ ਦਿਮਾਗ ਨੂੰ ਬਹੁਤ ਪ੍ਰਭਾਵਿਤ ਕਰਦੀ ਹੈ, ਸਗੋਂ ਉਨ੍ਹਾਂ ਦੇ ਉੱਜਵਲ ਭਵਿੱਖ ਨੂੰ ਵੀ ਖਤਮ ਕਰ ਦਿੰਦੀ ਹੈ।

ਉਹਨਾਂ ਕਿਹਾ ਕਿ ਨਸ਼ਾ ਇੱਕ ਮਿੱਠਾ ਜ਼ਹਿਰ ਹੈ ਜਿਸ ਨਾਲ ਸ਼ਰੀਰ ਵਿਚ ਕੁੱਝ ਸਮੇਂ ਲਈ ਤਾਂ ਚੁਸਤੀ ਆ ਜਾਂਦੀ ਹੈ ਪਰ ਇਹ ਹੌਲੀ-ਹੌਲੀ ਸ਼ਰੀਰ ਦੇ ਅੰਦਰੂਨੀ ਅੰਗਾਂ ਨੂੰ ਖਤਮ ਕਰ ਰਿਹਾ ਹੁੰਦਾ ਹੈ, ਨਸ਼ਿਆਂ ਦੇ ਕਾਰਣ ਕੈਂਸਰ,ਦਿਲ ਦੀ ਬਿਮਾਰੀ,ਦਿਮਾਗ ਦੀ ਨਾੜੀ ਦਾ ਫੱਟਣਾ, ਗੁਰਦੇ ਖਰਾਬ ਹੋਣਾ, ਏਡਜ਼, ਪੀਲੀਆ ਆਦਿ ਵਰਗੀਆਂ ਭਿਆਨਕ ਬਿਮਾਰੀਆਂ ਨਸ਼ਾ ਕਰਨ ਵਾਲਿਆਂ ਨੂੰ ਹੋ ਰਹੀਆਂ ਹਨ।ਇਸ ਮੌਕੇ ਨਸ਼ਿਆਂ ਦੀਆਂ ਵੱਖ ਵੱਖ ਕਿਸਮਾਂ,ਨਸ਼ਾ ਲੱਗਣ ਦੇ ਕਾਰਨ ਵੱਖ-ਵੱਖ ਨਸ਼ੀਲੇ ਪਦਾਰਥਾਂ ਦੇ ਸਰੀਰ ਉਪਰ ਪੈਣ ਵਾਲੇ ਪ੍ਰਭਾਵਾਂ ਅਤੇ ਇਹਨਾਂ ਤੋਂ ਛੁਟਕਾਰੇ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਮੌਕੇ ਪ੍ਰੋਗਰਾਮ ਦੇ ਅਖੀਰ ਵਿੱਚ ਨਸ਼ੇ ਨਾ ਕਰਨ, ਨਸ਼ੇ ਕਰਨ ਵਾਲਿਆਂ ਦੀ ਨਸ਼ਾ ਛੁਡਾਉਣ ਵਿੱਚ ਮੱਦਦ ਕਰਨ ਅਤੇ ਲੋਕਾਂ ਨੂੰ ਜਾਗਰੂਕ ਕਰਨ ਸਬੰਧੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਵੱਲੋਂ ਸਹੁੰ ਵੀ ਚੁਕਾਈ ਗਈ । ਇਸ ਮੌਕੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫ਼ਤਰ ਪਟਿਆਲਾ ਵੱਲੋਂ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਨਸ਼ਿਆਂ ਵਿਰੁੱਧ ਦਸਖ਼ਹਤ ਮੁਹਿੰਮ ਦੀ ਵੀ ਸ਼ੁਰੂਆਤ ਕੀਤੀ ਗਈ।

## ਹਰਪਾਲ ਚੀਮਾ ਦੇ ਆਦੇਸ਼ਾਂ ਦੇ ਬਾਵਜੂਦ ਏਡਿਡ ਸਕੂਲਾਂ ਦੇ ਅਧਿਆਪਕਾਂ ਦੀ ਛੇ ਮਹੀਨੇ ਤੋਂ ਤਨਖਾਹ ਜਾਰੀ ਨਾ ਹੋਣ ’ਤੇ ਰੋਸ

**ਪਟਿਆਲਾ, 25 ਜੂਨ**
**-ਅਰਸ਼ਦੀਪ ਸਿੰਘ-**

ਪੰਜਾਬ ਸਟੇਟ ਏਡਿਡ ਸਕੂਲ ਅਧਿਆਪਕ ਅਤੇ ਹੋਰ ਕਰਮਚਾਰੀ ਯੂਨੀਅਨ ਦੇ ਪਟਿਆਲਾ ਜ਼ਿਲ੍ਹਾ ਪ੍ਰਧਾਨ ਅਸ਼ਵਨੀ ਮਦਾਨ ਅਤੇ ਜਨਰਲ ਸਕੱਤਰ ਹਰਵਿੰਦਰ ਪਾਲ ਨੇ ਇੱਕ ਪ੍ਰੈਸ ਨੋਟ ਜਾਰੀ ਕਰਦਿਆਂ ਕਿਹਾ ਹੈ ਕਿ ਪੰਜਾਬ ਦੇ ਏਡਿਡ ਸਕੂਲਾਂ ਦੇ ਹਜ਼ਾਰਾਂ ਅਧਿਆਪਕਾਂ ਅਤੇ ਹੋਰ ਮੁਲਾਜ਼ਮਾਂ ਦੀਆਂ ਤਨਖਾਹਾਂ ਲੰਬੇ ਸਮੇਂ ਤੋਂ ਜਾਰੀ ਨਾ ਹੋਣ ਕਾਰਨ ਰੋਸ ਵਧਦਾ ਜਾ ਰਿਹਾ ਹੈ। ਏਡਿਡ ਸਕੂਲ ਕਰਮਚਾਰੀ ਯੂਨੀਅਨ ਨੇ ਦੋਸ਼ ਲਗਾਇਆ ਹੈ ਕਿ ਕੈਬਨਿਟ ਸਬ ਕਮੇਟੀ ਦੇ ਚੇਅਰਮੈਨ ਹਰਪਾਲ ਸਿੰਘ ਚੀਮਾ ਵੱਲੋਂ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਪਿਛਲੇ ਦਿਨੀ 4 ਜੂਨ ਨੂੰ ਕੈਬਨਿਟ ਸਬ ਕਮੇਟੀ ਨਾਲ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਦੀ ਹਾਜਰੀ ਵਿੱਚ ਹੋਈ ਮੀਟਿੰਗ ਵਿੱਚ ਤਨਖਾਹਾਂ ਤੁਰੰਤ ਜਾਰੀ ਕਰਨ ਦੇ ਆਦੇਸ਼ ਦਿੱਤੇ ਜਾਣ ਦੇ ਬਾਵਜੂਦ ਅਜੇ ਤੱਕ ਕਿਸੇ ਵੀ ਜ਼ਿਲ੍ਹੇ ਦੇ ਅਧਿਆਪਕਾਂ ਦੀ ਤਨਖਾਹ ਜਾਰੀ ਨਹੀਂ ਕੀਤੀ ਗਈ।

ਯੂਨੀਅਨ ਦੇ ਸੂਬਾ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ ਅਤੇ ਜਨਰਲ ਸਕੱਤਰ ਸ਼ਰਨਜੀਤ ਸਿੰਘ ਕਾਦੀਮਾਜਰਾ ਨੇ ਕਿਹਾ ਕਿ ਅੱਜ ਜਥੇਬੰਦੀ ਦੇ ਆਗੂਆਂ ਵੱਲੋਂ ਮੁਹਾਲੀ ਵਿਖੇ ਸਿੱਖਿਆ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ ।ਮੁੱਖ ਦਫ਼ਤਰ ਵਲੋਂ ਕਿਸੀ ਵੀ ਜ਼ਿਲ੍ਹੇ ਦੀ ਤਨਖਾਹ ਗਰਾਂਟ ਜਾਰੀ ਨਹੀਂ ਕੀਤੀ ਗਈ ।ਉਹਨਾਂ ਕਿਹਾ ਕਿ

ਏਡਿਡ ਸਕੂਲਾਂ ਦੇ ਅਧਿਆਪਕ ਅਤੇ ਹੋਰ ਕਰਮਚਾਰੀ ਵਿੱਤੀ ਸੰਕਟ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਕੈਬਨਿਟ ਸਬ ਕਮੇਟੀ ਦੀ ਮੀਟਿੰਗ ਦੌਰਾਨ ਤਨਖਾਹਾਂ ਜਲਦ ਜਾਰੀ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ, ਪਰ ਸਿੱਖਿਆ ਵਿਭਾਗ ਵੱਲੋਂ ਅਜੇ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ।ਉਹਨਾਂ ਕਿਹਾ ਕਿ ਸਿੱਖਿਆ ਵਿਭਾਗ ਅਨੁਸਾਰ ਮਿਨਟਸ ਆਫ ਮੀਟਿੰਗ ਦੇ ਬਿਨਾਂ ਗ੍ਰਾਂਟ ਜਾਰੀ ਨਹੀਂ ਕਰ ਰਹੇ ਜਦੋਂ ਕਿ ਸਾਰੇ ਪੰਜਾਬ ਤੋਂ ਲੋੜੀਂਦੇ ਦਸਤਾਵੇਜ ਕਈ ਮਹੀਨੇ ਪਹਿਲਾਂ ਹੀ ਜਮ੍ਹਾਂ ਹੋ ਚੁੱਕੇ ਹਨ ।ਏਡਿਡ ਸਕੂਲਾਂ ਤੋਂ ਸੇਵਾ ਮੁਕਤ ਹੋਏ ਅਧਿਆਪਕਾਂ ਦੇ ਢਾਈ ਢਾਈ ਸਾਲ ਤੋਂ ਪੀ ਪੀ ਓ ਆਰਡਰ ਪੈਂਡਿੰਗ ਹਨ । ਸਿਫਾਰਸ਼ੀਆਂ ਤੇ ਮਿਲ ਕੇ ਜਾਣ ਵਾਲਿਆਂ ਦੇ ਕੇਸ ਲਾਈਨ ਤੋੜ ਕੇ ਤਰਜੀਹ ਤੇ ਕੀਤੇ ਗਏ ਹਨ ।ਯੂਨੀਅਨ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਤਨਖਾਹਾਂ ਤੁਰੰਤ ਜਾਰੀ ਨਾ ਕੀਤੀਆਂ ਗਈਆਂ ਤਾਂ ਯੂਨੀਅਨ ਵੱਲੋਂ ਜਲਦ ਹੀ ਸੂਬਾ ਪੱਧਰੀ ਮੀਟਿੰਗ ਕਰਕੇ ਡੀਪੀਆਈ ਦਫ਼ਤਰ ਅੱਗੇ ਅਣਮਿੱਥੇ ਸਮੇਂ ਲਈ ਧਰਨਾ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਅਤੇ ਸਿੱਖਿਆ ਵਿਭਾਗ ਦੀ ਲਾਪਰਵਾਹੀ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਨਿਰਾਸ਼ਾ ਅਤੇ ਰੋਸ ਪਾਇਆ ਜਾ ਰਿਹਾ ਹੈ ਅਤੇ ਕੌਮ ਦੇ ਨਿਰਮਾਤਾ ਏਡਿਡ ਸਟਾਫ ਨੂੰ ਭੁੱਖੇ ਮਾਰਨ ਦੀ ਕਗਾਰ ਤੇ ਲੈ ਆਂਦਾ ਹੈ ।ਯੂਨੀਅਨ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਏਡਿਡ ਸਕੂਲਾਂ ਦੇ ਅਧਿਆਪਕਾਂ ਅਤੇ ਕਰਮਚਾਰੀਆਂ ਦੀਆਂ ਬਕਾਇਆ ਤਨਖਾਹਾਂ ਤੁਰੰਤ ਜਾਰੀ ਕਰਕੇ ਉਨ੍ਹਾਂ ਨੂੰ ਆ ਰਹੀਆਂ ਆਰਥਿਕ ਮੁਸ਼ਕਲਾਂ ਤੋਂ ਰਾਹਤ ਦਿੱਤੀ ਜਾਵੇ।

## ਬਾਬਾ ਬੰਦਾ ਸਿੰਘ ਬਹਾਦਰ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਗੁਰਮਤਿ ਸਮਾਗਮ ਅੱਜ : ਹਰਮੀਤ ਸਿੰਘ ਕਾਲਕਾ

**ਨਵੀਂ ਦਿੱਲੀ, 25 ਜੂਨ**
**-ਚੌਧਰੀ ਪ੍ਰਭਜੀਤ ਸਿੰਘ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਅੱਜ ਇੱਥੇ ਜਾਰੀ ਇੱਕ ਬਿਆਨ ਵਿੱਚ ਦੱਸਿਆ ਕਿ ਸਿੱਖ ਕੌਮ ਦੇ ਮਹਾਨ ਯੋਧਾ ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਨੂੰ ਸਮਰਪਿਤ ਵਿਸ਼ਾਲ ਗੁਰਮਤਿ ਸਮਾਗਮ ਅੱਜ ਨੂੰ ਸ਼ਹੀਦੀ ਅਸਥਾਨ ਗੁਰਦੁਆਰਾ ਬਾਬਾ ਬੰਦਾ ਸਿੰਘ ਜੀ ਬਹਾਦਰ, ਮਹਿਰੌਲੀ (ਨਵੀਂ ਦਿੱਲੀ) ਵਿਖੇ ਸ਼ਰਧਾ ਅਤੇ ਸਤਿਕਾਰ ਨਾਲ ਕਰਵਾਇਆ ਜਾ ਰਿਹਾ ਹੈ।

ਸਰਦਾਰ ਕਾਲਕਾ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੇ ਗੁਰੂ ਸਾਹਿਬਾਨ ਵੱਲੋਂ ਦਰਸਾਏ ਸੱਚ, ਨਿਆਂ ਅਤੇ ਮਨੁੱਖੀ ਅਧਿਕਾਰਾਂ ਦੇ ਸਿਧਾਂਤਾਂ ਨੂੰ ਆਪਣੇ ਜੀਵਨ ਵਿੱਚ ਅਮਲ ਕਰਕੇ ਜ਼ੁਲਮ ਅਤੇ ਤਾਨਾਸ਼ਾਹੀ ਦੇ ਵਿਰੁਧ ਇਤਿਹਾਸਕ ਸੰਘਰਸ਼ ਲੜਿਆ। ਉਨ੍ਹਾਂ ਦੀ ਸ਼ਹਾਦਤ ਸਿੱਖ ਇਤਿਹਾਸ ਦਾ ਉਹ ਸੁਨਹਿਰਾ ਅਧਿਆਇ ਹੈ ਜੋ ਹਰ ਪੀੜ੍ਹੀ ਨੂੰ ਧਰਮ, ਹਿੰਮਤ ਅਤੇ ਕੁਰਬਾਨੀ ਦਾ ਸੰਦੇਸ਼ ਦਿੰਦਾ ਰਹੇਗਾ।

ਉਨ੍ਹਾਂ ਦੱਸਿਆ ਕਿ ਸਮਾਗਮ ਦੀ ਸ਼ੁਰੂਆਤ ਸਵੇਰੇ 4:00 ਵਜੇ ਪਾਠ ਸ੍ਰੀ ਸੁਖਮਨੀ ਸਾਹਿਬ ਅਤੇ ਨਿਤਨੇਮ ਨਾਲ ਹੋਵੇਗੀ। ਇਸ ਉਪਰੰਤ ਸਵੇਰੇ 6:00 ਤੋਂ 8:15 ਵਜੇ ਤੱਕ ਭਾਈ ਜਗਦੀਪ ਸਿੰਘ, ਹਜ਼ੂਰੀ ਰਾਗੀ ਜਥਾ ਗੁਰਦੁਆਰਾ ਸੀਸ



ਗੰਜ ਸਾਹਿਬ ਵੱਲੋਂ ਆਸਾ ਦੀ ਵਾਰ ਦਾ ਕੀਰਤਨ ਕੀਤਾ ਜਾਵੇਗਾ। ਸਵੇਰੇ 9:15 ਤੋਂ 10:15 ਵਜੇ ਤੱਕ ਭਾਈ ਸੁਖਵਿੰਦਰ ਸਿੰਘ, ਹੈੱਡ ਗ੍ਰੰਥੀ ਗੁਰਦੁਆਰਾ ਬਾਲਾ ਸਾਹਿਬ ਵੱਲੋਂ ਗੁਰਮਤਿ ਕਥਾ ਰਾਹੀਂ ਸੰਗਤਾਂ ਨੂੰ ਗੁਰੂ ਇਤਿਹਾਸ ਅਤੇ ਸਿੱਖੀ ਸਿਧਾਂਤਾਂ ਨਾਲ ਜੋੜਿਆ ਜਾਵੇਗਾ। ਇਸ ਤੋਂ ਬਾਅਦ 10:15 ਤੋਂ 11:15 ਵਜੇ ਤੱਕ ਭਾਈ ਮਨੋਹਰ ਸਿੰਘ, ਭਾਈ ਗੁਰਿੰਦਰ ਸਿੰਘ ਅਤੇ ਭਾਈ ਵਜ਼ੀਰ ਸਿੰਘ, ਹਜ਼ੂਰੀ ਕੀਰਤਨੀਏ ਗੁਰਦੁਆਰਾ ਸੀਸ ਗੰਜ ਸਾਹਿਬ, ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

11:15 ਵਜੇ ਤੋਂ 12:30 ਵਜੇ ਤੱਕ ਪ੍ਰਸਿੱਧ ਕੀਰਤਨੀਏ ਭਾਈ ਕੁਲਵਿੰਦਰ ਸਿੰਘ ਖਰੜ ਵਾਲੇ ਗੁਰਬਾਣੀ ਕੀਰਤਨ ਦੀ ਹਾਜ਼ਰੀ ਭਰਨਗੇ। ਇਸ ਉਪਰੰਤ 12:00 ਤੋਂ 12:45 ਵਜੇ ਤੱਕ ਪੰਥਕ ਵਿਚਾਰਾਂ ਦਾ ਵਿਸ਼ੇਸ਼ ਸੈਸ਼ਨ ਹੋਵੇਗਾ, ਜਿਸ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਜੀਵਨ, ਸੰਘਰਸ਼ ਅਤੇ ਪੰਥ ਪ੍ਰਤੀ ਵਡਮੁਲੀ ਦੇਣ ਤੇ ਚਰਚਾ ਕੀਤੀ ਜਾਵੇਗੀ।

ਦੁਪਹਿਰ 12:45 ਤੋਂ 2:00 ਵਜੇ ਤੱਕ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਿਮਰਪ੍ਰੀਤ ਸਿੰਘ ਜੀ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ।

ਸਮਾਗਮ ਦੇ ਅੰਤਿਮ ਪੜਾਅ ਵਿੱਚ ਦੁਪਹਿਰ 2:00 ਤੋਂ 3:00 ਵਜੇ ਤੱਕ ਵਿਸ਼ੇਸ਼ ਕਵੀ ਦਰਬਾਰ ਸਜਾਇਆ ਜਾਵੇਗਾ, ਜਿਸ ਵਿੱਚ ਪ੍ਰਸਿੱਧ ਕਵੀ ਸਰਦਾਰ ਮੱਖਣ ਸਿੰਘ ਧਾਲੀਵਾਲ, ਸਰਦਾਰ ਜਸਪ੍ਰੀਤ ਸਿੰਘ ਜੱਸ, ਸਰਦਾਰ ਬਲਬੀਰ ਸਿੰਘ ਕਮਲ, ਸਰਦਾਰ ਗੁਰਬਚਨ ਸਿੰਘ ਚਰਨ ਅਤੇ ਬੀਬੀ ਸੁਰਿੰਦਰ ਕੌਰ ਕ੍ਰਿਸ਼ਨਾ ਪਾਰਕ ਆਪਣੀਆਂ ਰਚਨਾਵਾਂ ਅਤੇ ਵਿਚਾਰਾਂ ਰਾਹੀਂ ਬਾਬਾ ਬੰਦਾ ਸਿੰਘ ਬਹਾਦਰ ਦੀ ਮਹਾਨ ਸ਼ਖਸੀਅਤ ਨੂੰ ਸ਼ਰਧਾਂਜਲੀ ਭੇਟ ਕਰਨਗੇ। ਹਰਮੀਤ ਸਿੰਘ ਕਾਲਕਾ ਨੇ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਸ ਮਹਾਨ ਗੁਰਮਤਿ ਸਮਾਗਮ ਵਿੱਚ ਪਰਿਵਾਰਾਂ ਸਮੇਤ ਸ਼ਮੂਲੀਅਤ ਕਰਕੇ ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਸ਼ਹਾਦਤ ਨੂੰ ਨਮਨ ਕਰਨ ਅਤੇ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਣਾ ਪ੍ਰਾਪਤ ਕਰਨ। ਸਮਾਗਮ ਦੀ ਸਮਾਪਤੀ ਅਰਦਾਸ ਨਾਲ ਹੋਵੇਗੀ, ਜਿਸ ਉਪਰੰਤ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਜਾਵੇਗਾ।

## ਹਰ ਬੱਚਾ ਸੁਪਨੇ ਦੇਖਣ, ਸਿੱਖਣ ਅਤੇ ਬਿਹਤਰ ਭਵਿੱਖ ਸਿਰਜਣ ਦੇ ਮੌਕੇ ਦਾ ਹੱਕਦਾਰ ਹੈ : ਡਾ. ਬਲਜੀਤ ਕੌਰ

**ਚੰਡੀਗੜ੍ਹ, 25 ਜੂਨ**
**-ਸੰਜੀਵ ਸ਼ਰਮਾ-**



ਲੋੜਵੰਦ ਬੱਚਿਆਂ ਦੀਆਂ ਜ਼ਿੰਦਗੀਆਂ ਨੂੰ ਬਦਲਣ ਦੇ ਉਦੇਸ਼ ਨਾਲ ਇੱਕ ਇਤਿਹਾਸਕ ਪਹਿਲਕਦਮੀ ਕਰਦਿਆਂ, ਪੰਜਾਬ ਦੇਸ਼ ਭਰ ਵਿੱਚੋਂ ਅਜਿਹਾ ਪਹਿਲਾ ਸੂਬਾ ਬਣ ਗਿਆ ਹੈ ਜਿਸ ਨੇ ਆਬਜ਼ਰਵੇਸ਼ਨ ਹੋਮਜ਼ ਅਤੇ ਸਪੈਸ਼ਲ ਹੋਮਜ਼ ਵਿੱਚ ਰਹਿ ਰਹੇ ਬੱਚਿਆਂ ਲਈ ਇੱਕ ਵਿਵਸਥਿਤ **‘ਹੁਨਰ ਵਿਕਾਸ ਪ੍ਰੋਗਰਾਮ’** ਦੀ ਸ਼ੁਰੂਆਤ ਕੀਤੀ ਹੈ। ਇਸ ਪ੍ਰੋਗਰਾਮ ਦੀ ਅਧਿਕਾਰਤ ਸ਼ੁਰੂਆਤ ਅੱਜ ‘ਆਬਾਜ਼ਰਵੇਸ਼ਨ ਹੋਮ ਫਾਰ ਬੁਆਇਇਜ਼, ਫ਼ਰੀਦਕੋਟ’ ਵਿਖੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਰਦਿਆਂ ਕਿਹਾ ਕਿ ਇਹ ਮੋਹਰੀ ਉਪਰਾਲਾ ਸੰਸਥਾਗਤ ਦੇਖਭਾਲ ਅਧੀਨ ਰਹਿ ਰਹੇ ਬੱਚਿਆਂ ਨੂੰ ਸੁਤੰਤਰ ਅਤੇ ਸਨਮਾਨਜਨਕ ਜੀਵਨ ਜਿਊਣ ਲਈ ਲੋੜੀਂਦੇ ਹੁਨਰ ਪ੍ਰਦਾਨ ਕਰਨ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਇਸ ਪ੍ਰੋਗਰਾਮ ਤਹਿਤ ਬੱਚਿਆਂ ਦੀਆਂ ਲੋੜਾਂ ਮੁਤਾਬਕ ਵਿਸ਼ੇਸ਼ ਰੂਪ ਰੇਖਾ ਉਲੀਕੀ ਗਈ ਹੈ। ਆਬਜ਼ਰਵੇਸ਼ਨ ਹੋਮ ਦੇ ਬੱਚੇ (ਜੋ ਆਰਜ਼ੀ ਦੇਖਭਾਲ, ਸੁਰੱਖਿਆ, ਕੌਂਸਲਿੰਗ, ਸਿੱਖਿਆ ਅਤੇ ਮੁੜ-ਵਸੇਬੇ ਲਈ ਸੰਸਥਾ ਵਿੱਚ ਰਹਿ ਰਹੇ ਹਨ) ਲਈ ਟ੍ਰੇਨਿੰਗ ਦਾ ਮੁੱਖ ਫੋਕਸ ਅਨੁਸ਼ਾਸਨ, ਆਤਮ-ਵਿਸ਼ਵਾਸ, ਕੌਂਸਲਿੰਗ ਸਪੋਰਟ ਅਤੇ ਲਾਭਦਾਇਕ ਰੋਜ਼ੀ-ਰੋਟੀ ਦੇ ਹੁਨਰਾਂ ’ਤੇ ਹੋਵੇਗਾ। ਦੂਜੇ ਪਾਸੇ, ਸਪੈਸ਼ਲ ਹੋਮ ਦੇ ਬੱਚੇ (ਜਿਨ੍ਹਾਂ ਨੂੰ ਵਿਵਹਾਰ ਸੁਧਾਰ, ਵੋਕੇਸ਼ਨਲ ਟ੍ਰੇਨਿੰਗ ਅਤੇ ਸਮਾਜਿਕ ਮੁੱਖ ਧਾਰਾ ਵਿੱਚ ਮੁੜ ਸ਼ਾਮਲ ਕਰਨ ਦੀ ਵਧੇਰੇ ਲੋੜ ਹੁੰਦੀ ਹੈ) ਲਈ ਹੁਨਰ ਸਿਖਲਾਈ ਨੂੰ ਲੰਬੇ ਸਮੇਂ ਦੇ ਮੁੜ-ਵਸੇਬਾ ਪਲਾਨ ਨਾਲ ਜੋੜਿਆ ਜਾਵੇਗਾ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪਹਿਲੇ ਪੜਾਅ ਦੌਰਾਨ ਸੂਬੇ ਭਰ ਦੀਆਂ ਚਾਰ ਚਾਈਲਡ ਕੇਅਰ ਸੰਸਥਾਵਾਂ ਵਿੱਚ ਰਹਿ ਰਹੇ ਕੁੱਲ 420 ਬੱਚਿਆਂ ਵਿੱਚੋਂ 211 ਬੱਚਿਆਂ (ਯਾਨੀ ਲਗਭਗ 50% ਬੱਚਿਆਂ) ਨੂੰ ਰੁਜ਼ਗਾਰ ਮੁਖੀ ਕਿੱਤਿਆਂ ਵਿੱਚ ਵੋਕੇਸ਼ਨਲ ਟ੍ਰੇਨਿੰਗ ਦਿੱਤੀ ਜਾਵੇਗੀ। ਬੱਚਿਆਂ ਨੂੰ ਉੱਭਰ ਰਹੇ ਰੁਜ਼ਗਾਰ ਦੇ ਮੌਕਿਆਂ ਮੁਤਾਬਕ ਬਹੁਤ ਧਿਆਨ ਨਾਲ ਚੁਣੇ ਗਏ ਕੋਰਸਾਂ— ਹੇਅਰ ਡਰੈਸਰ ਐਂਡ ਸਟਾਈਲਿਸਟ, ਸਮਾਰਟਫੋਨ ਅਸੈਂਬਲੀ ਟੈਕਨੀਸ਼ੀਅਨ ਅਤੇ ਮਲਟੀ-ਸਕਿੱਲ ਟੈਕਨੀਸ਼ੀਅਨ ਵਿੱਚ ਸਿਖਲਾਈ ਦਿੱਤੀ ਜਾਵੇਗੀ, ਤਾਂ ਜੋ ਬੱਚੇ ਘੱਟ ਤੋਂ ਘੱਟ ਸਮੇਂ ਵਿੱਚ ਉਪਯੋਗੀ ਹੁਨਰ ਸਿੱਖ ਸਕਣ।

ਡਾ. ਬਲਜੀਤ ਕੌਰ ਨੇ ਕਿਹਾ, ÷ਕਿਸੇ ਵੀ ਬੱਚੇ ਦਾ ਭਵਿੱਖ ਕਦੇ ਵੀ ਉਨ੍ਹਾਂ ਹਾਲਾਤਾਂ ਨਾਲ ਤੈਅ ਨਹੀਂ ਹੋਣਾ ਚਾਹੀਦਾ ਜਿਨ੍ਹਾਂ ਕਰਕੇ ਉਸ ਨੂੰ ਚਾਈਲਡ ਕੇਅਰ ਸੰਸਥਾ ਵਿੱਚ ਆਉਣਾ ਪਿਆ। ਇਸ ਉਪਰਾਲੇ ਰਾਹੀਂ ਅਸੀਂ ਬੱਚਿਆਂ ਨੂੰ ਇਹ ਸੁਨੇਹਾ ਦੇ ਰਹੇ ਹਾਂ ਕਿ ਉਨ੍ਹਾਂ ਦਾ ਭਵਿੱਖ ਉਨ੍ਹਾਂ ਦੇ ਬੀਤੇ ਸਮੇਂ ਨਾਲ ਨਹੀਂ, ਸਗੋਂ ਹੁਨਰ, ਮਿਹਨਤ ਅਤੇ ਲਗਨ ਨਾਲ ਬਣੇਗਾ।

ਮੰਤਰੀ ਨੇ ਵਿਸ਼ੇਸ਼ ਤੌਰ ’ਤੇ ਜ਼ੋਰ ਦਿੱਤਾ ਕਿ ਇਸ ਪ੍ਰੋਗਰਾਮ ਵਿੱਚ ਹਰ ਬੱਚੇ ਨੂੰ ਕੇਵਲ ਇੱਕ ÷ਕੇਸ÷ ਵਜੋਂ ਨਹੀਂ, ਸਗੋਂ ਪ੍ਰਤਿਭਾ ਅਤੇ ਸਮਰੱਥਾ ਨਾਲ ਭਰਪੂਰ ਬੱਚੇ ਵਜੋਂ ਦੇਖਿਆ ਜਾਵੇਗਾ। ਇਸ ਦੇ ਨਾਲ ਹੀ ਬੱਚਿਆਂ ਦੀ ਪ੍ਰਾਈਵੇਸੀ, ਮਾਣ-ਸਨਮਾਨ ਅਤੇ ਪਛਾਣ ਦੀ ਪੂਰੀ ਰੱਖਿਆ ਕੀਤੀ ਜਾਵੇਗੀ ਅਤੇ ਕਿਸੇ ਵੀ ਪਬਲਿਕ ਪਲੇਟਫਾਰਮ ’ਤੇ ਇਨ੍ਹਾਂ ਦੇ ਵੇਰਵਿਆਂ ਦਾ ਜ਼ਿਕਰ ਨਹੀਂ ਕੀਤਾ ਜਾਵੇਗਾ।

ਤਕਨੀਕੀ ਮੁਹਾਰਤ ਦੇ ਨਾਲ-ਨਾਲ ਇਹ ਪ੍ਰੋਗਰਾਮ ਬੱਚਿਆਂ ਵਿੱਚ ਆਤਮ-ਵਿਸ਼ਵਾਸ, ਸੰਚਾਰ ਹੁਨਰ, ਅਨੁਸ਼ਾਸਨ, ਕਾਰਜ ਨੈਤਿਕਤਾ , ਟੀਮ ਵਰਕ ਅਤੇ ਜੀਵਨ ਪ੍ਰਤੀ ਇੱਕ ਸਕਾਰਾਤਮਕ ਨਜ਼ਰੀਆ ਵਿਕਸਿਤ ਕਰਨ ਵਿੱਚ ਮਦਦ ਕਰੇਗਾ।

ਮੰਤਰੀ ਨੇ ਸਿਖਲਾਈ ਦੇ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਆਬਜ਼ਰਵੇਸ਼ਨ ਹੋਮ, ਫਰੀਦਕੋਟ ਵਿਖੇ 36 ਬੱਚਿਆਂ ਨੂੰ ‘ਹੇਅਰ ਡਰੈਸਰ ਐਂਡ ਸਟਾਈਲਿਸਟ’ ਕੋਰਸ ਦੀ ਸਿਖਲਾਈ ਦਿੱਤੀ ਜਾਵੇਗੀ। ਆਬਜ਼ਰਵੇਸ਼ਨ ਹੋਮ, ਲੁਧਿਆਣਾ ਵਿਖੇ ਕੁੱਲ 85 ਬੱਚਿਆਂ ਨੂੰ ਟ੍ਰੇਨਿੰਗ ਦਿੱਤੀ ਜਾਵੇਗੀ, ਜਿਨ੍ਹਾਂ ਵਿੱਚੋਂ 56 ਬੱਚਿਆਂ ਨੂੰ ‘ਹੇਅਰ ਡਰੈਸਰ ਐਂਡ ਸਟਾਈਲਿਸਟ’ ਅਤੇ 29 ਬੱਚਿਆਂ ਨੂੰ ‘ਸਮਾਰਟਫੋਨ ਅਸੈਂਬਲੀ ਟੈਕਨੀਸ਼ੀਅਨ ਕੋਰਸ’ ਕਰਵਾਇਆ ਜਾਵੇਗਾ। ਇਸੇ ਤਰ੍ਹਾਂ ਆਬਜ਼ਰਵੇਸ਼ਨ ਅਤੇ ਸਪੈਸ਼ਲ ਹੋਮਜ਼, ਹੋਸ਼ਿਆਰਪੁਰ ਵਿਖੇ ਰਹਿ ਰਹੇ ਕੁੱਲ 90 ਬੱਚਿਆਂ ਨੂੰ ਸਿਖਲਾਈ ਦਿੱਤੀ ਜਾਵੇਗੀ, ਜਿਨ੍ਹਾਂ ਵਿੱਚੋਂ ਸਪੈਸ਼ਲ ਹੋਮ ਦੇ 30 ਬੱਚਿਆਂ ਨੂੰ ‘ਹੇਅਰ ਡਰੈਸਰ ਐਂਡ ਸਟਾਈਲਿਸਟ’ ਅਤੇ ਆਬਜ਼ਰਵੇਸ਼ਨ ਹੋਮ ਦੇ 30 ਬੱਚਿਆਂ ਨੂੰ ‘ਮਲਟੀ-ਸਕਿੱਲ ਟੈਕਨੀਸ਼ੀਅਨ’ ਤੇ ਬਾਕੀ 30 ਬੱਚਿਆਂ ਨੂੰ ‘ਹੇਅਰ ਡਰੈਸਰ’ ਕੋਰਸ ਕਰਵਾਏ ਜਾਣਗੇ। ਵਿਭਾਗ ਦੀ ਕੋਸ਼ਿਸ਼ ਰਹੇਗੀ ਕਿ ਟ੍ਰੇਨਿੰਗ ਲੈ ਰਹੇ ਬੱਚਿਆਂ ਨੂੰ ਯੋਗ ਸਰਟੀਫਿਕੇਸ਼ਨ, ਪਲੇਸਮੈਂਟ ਸਪੋਰਟ, ਉੱਦਮੀ ਮਾਰਗਦਰਸ਼ਨ ਅਤੇ ਸਿਖਲਾਈ ਤੋਂ ਬਾਅਦ ਦੀ ਦੇਖਭਾਲ ਪ੍ਰਦਾਨ ਕੀਤੀ ਜਾਵੇ। ਡਾ. ਬਲਜੀਤ ਕੌਰ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਇਸ ਮਾਡਲ ਨੂੰ ਹੋਰਨਾਂ ਹੋਮਜ਼ ਵਿੱਚ ਵੀ ਲਾਗੂ ਕੀਤਾ ਜਾਵੇਗਾ ਤਾਂ ਜੋ ਪੰਜਾਬ ਸਰਕਾਰ ਕਮਜ਼ੋਰੀ ਤੋਂ ਮੌਕੇ ਵੱਲ, ਨਿਰਭਰਤਾ ਤੋਂ ਆਤਮ-ਨਿਰਭਰਤਾ ਵੱਲ ਅਤੇ ਸੰਸਥਾਗਤ ਦੇਖਭਾਲ ਤੋਂ ਸਾਰਥਕ ਕੈਰੀਅਰ ਵੱਲ ਨਵੇਂ ਰਾਹ ਬਣਾਉਣ ਵਿੱਚ ਸਫ਼ਲ ਹੋ ਸਕੇ।

ਇਸ ਮੌਕੇ ਵਿਧਾਇਕ ਫਰੀਦਕੋਟ ਸ. ਗੁਰਦਿੱਤ ਸਿੰਘ ਸੇਖੋਂ, ਡਿਪਟੀ ਕਮਿਸ਼ਨਰ ਫਰੀਦਕੋਟ ਸ੍ਰੀ ਰਾਹੁਲ ਚਾਬਾ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

Shaheedeazamnews.com

ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, publíshed and owned by Harjinder Chaudhary printed at Raftaar Printing Press, Factory Area, Patiaĺa and publíshed at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807





## ਧਰਮ/ਪੋਲੀਟਿਕਸ



# ਹਜ਼ੂਰ ਸਾਹਿਬ ਐਕਟ ਵਿਵਾਦ: ਪੰਥਕ ਪ੍ਰਬੰਧ ਬਨਾਮ ਸਰਕਾਰੀ ਕੰਟਰੋਲ

**ਨਵਰੀਤ ਕੌਰ**

ਸਿੱਖ ਪਰੰਪਰਾ ਅਨੁਸਾਰ ਗੁਰਦੁਆਰਿਆਂ ਅਤੇ ਤਖ਼ਤਾਂ ਦਾ ਪ੍ਰਬੰਧ ਸੰਗਤ ਦੀ ਨੁਮਾਇੰਦਗੀ ਅਤੇ ਪੰਥਕ ਸਿਧਾਂਤਾਂ ਦੇ ਆਧਾਰ ’ਤੇ ਚੱਲਦਾ ਹੈ। ਹੁਣ ਮਹਾਰਾਸ਼ਟਰ ਸਰਕਾਰ ਵੱਲੋਂ 1956 ਦੇ ਨਾਂਦੇੜ ਸਿੱਖ ਗੁਰਦੁਆਰਾ ਸੱਚਖੰਡ ਸ੍ਰੀ ਹਜ਼ੂਰ ਅਬਚਲਨਗਰ ਸਾਹਿਬ ਐਕਟ ਰੱਦ ਕਰਨ ਦੀ ਤਜਵੀਜ਼ ਨੂੰ ਮਨਜ਼ੂਰੀ ਦੇਣਾ ਸਿਰਫ਼ ਕਾਨੂੰਨੀ ਜਾਂ ਪ੍ਰਸ਼ਾਸਨਿਕ ਤਬਦੀਲੀ ਵਜੋਂ ਨਹੀਂ ਦੇਖਿਆ ਜਾ ਸਕਦਾ। ਐਕਟ ਨੂੰ ਰੱਦ ਕਰਨ ਦਾ ਫ਼ੈਸਲਾ ਤਖ਼ਤ ਸ੍ਰੀ ਹਜ਼ੂਰ ਸਾਹਿਬ ਵਰਗੀ ਸਰਬਉੱਚ ਪੰਥਕ ਸੰਸਥਾ ਦੀ ਖ਼ੁਦਮੁਖਤਿਆਰੀ ਦੇ ਹੱਕ ਨਾਲ ਜੁੜਿਆ ਹੋਇਆ ਹੈ। ਇਹ ਮਾਮਲਾ ਧਾਰਮਿਕ ਸੰਸਥਾਵਾਂ ਦੇ ਸੁਤੰਤਰ ਪ੍ਰਬੰਧ ਅਤੇ ਸਰਕਾਰੀ ਦਖ਼ਲ ਦੇ ਵਸੀਹ ਹੁੰਦੇ ਦਾਇਰੇ ਬਾਰੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਅਸਲ ਚਿੰਤਾ ਉਸ ਸੋਚ ਦੀ ਹੈ ਜੋ ਸਿੱਖ ਸੰਸਥਾਵਾਂ ਦੀ ਖ਼ੁਦਮੁਖਤਿਆਰੀ ਨੂੰ ਸਰਕਾਰੀ ਨਿਗਰਾਨੀ ਅਤੇ ਨਿਯੰਤਰਨ ਦੇ ਘੇਰੇ ਵਿੱਚ ਲਿਆਉਣਾ ਚਾਹੁੰਦੀ ਹੈ।

ਪਿਛਲੇ 12 ਸਾਲਾਂ ਦੌਰਾਨ ਇੱਕ ਚਿੰਤਾਜਨਕ ਰੁਝਾਨ ਲਗਾਤਾਰ ਸਾਹਮਣੇ ਆਇਆ ਹੈ, ਜਿਸ ਤਹਿਤ ਸਰਕਾਰਾਂ ਕਾਨੂੰਨੀ ਅਤੇ ਪ੍ਰਸ਼ਾਸਨਿਕ ਦਖ਼ਲਅੰਦਾਜ਼ੀ ਰਾਹੀਂ ਧਾਰਮਿਕ ਸੰਸਥਾਵਾਂ ਦੇ ਪ੍ਰਬੰਧ ਅਤੇ ਪ੍ਰਸ਼ਾਸਨਿਕ ਢਾਂਚਿਆਂ ਨੂੰ ਪ੍ਰਭਾਵਿਤ ਕਰਨ, ਨਿਯੰਤਰਿਤ ਕਰਨ ਜਾਂ ਆਪਣੇ ਅਨੁਸਾਰ ਢਾਲਣ ਦੀ ਕੋਸ਼ਿਸ਼ ਕਰਦੀਆਂ ਰਹੀਆਂ ਹਨ। ਪਹਿਲਾਂ ਪ੍ਰਬੰਧਕੀ ਢਾਂਚੇ ਵਿੱਚ ਛੋਟੀਆਂ-ਛੋਟੀਆਂ ਤਬਦੀਲੀਆਂ ਕੀਤੀਆਂ ਗਈਆਂ, ਫਿਰ ਬੋਰਡ ਦੀ ਬਣਤਰ ਅਤੇ ਅਧਿਕਾਰਾਂ ਵਿੱਚ ਹੌਲੀ-ਹੌਲੀ ਦਖ਼ਲ ਵਧਾਇਆ ਗਿਆ। ਇਨ੍ਹਾਂ ਘਟਨਾਵਾਂ ਦੀ ਲੜੀ ਸੰਕੇਤ ਦਿੰਦੀ ਹੈ ਕਿ ਮਕਸਦ ਸਿਰਫ਼ ਪ੍ਰਬੰਧਕੀ ਤਬਦੀਲੀਆਂ ਤੱਕ ਸੀਮਿਤ ਨਹੀਂ, ਸਗੋਂ ਪੰਥਕ ਸੰਸਥਾਵਾਂ ਦੀ ਖ਼ੁਦਮੁਖਤਿਆਰੀ ਉੱਤੇ ਸਰਕਾਰੀ ਪ੍ਰਭਾਵ ਨੂੰ ਹੋਰ ਮਜ਼ਬੂਤ ਕਰਨਾ ਵੀ ਰਿਹਾ ਹੈ। ਮਹਾਰਾਸ਼ਟਰ ਸਰਕਾਰ ਵੱਲੋਂ 1956 ਦੇ ਨਾਂਦੇੜ ਸਿੱਖ ਗੁਰਦੁਆਰਾ ਸੱਚਖੰਡ ਸ੍ਰੀ ਹਜ਼ੂਰ ਅਬਚਲਨਗਰ ਸਾਹਿਬ ਐਕਟ ਦੇ ਪ੍ਰਬੰਧ ਵਿੱਚ ਆਪਣਾ ਪ੍ਰਭਾਵ ਵਧਾਉਣ ਲਈ ਕਈ ਵਾਰ ਯਤਨ ਕੀਤੇ ਗਏ ਹਨ। ਖ਼ਾਸ ਤੌਰ ’ਤੇ 2014 ਤੋਂ ਬਾਅਦ ਬੋਰਡ ਦੀ ਬਣਤਰ ਅਤੇ ਕਾਰਜਪ੍ਰਣਾਲੀ ਵਿੱਚ ਹੌਲੀ-ਹੌਲੀ ਤਬਦੀਲੀਆਂ ਕਰ ਕੇ ਸਰਕਾਰੀ ਦਖ਼ਲ ਨੂੰ ਮਜ਼ਬੂਤ ਕਰਨ ਦੀ ਕੋਸ਼ਿਸ਼ ਕੀਤੀ ਗਈ। ਇਹ ਦਖ਼ਲਅੰਦਾਜ਼ੀ ਇੱਕਦਮ ਨਹੀਂ ਹੋਈ, ਸਗੋਂ ਪੜਾਅ ਦਰ ਪੜਾਅ ਅਤੇ ਬਹੁਤ ਹੀ ਸੁਚੱਜੇ ਢੰਗ ਨਾਲ ਅੱਗੇ ਵਧਾਈ ਗਈ। ਐਕਟ ਦੀ ਧਾਰਾ 6 (1) ਅਨੁਸਾਰ ਤਖ਼ਤ ਸ੍ਰੀ ਹਜ਼ੂਰ ਸਾਹਿਬ ਦਾ 17 ਮੈਂਬਰੀ ਬੋਰਡ ਚੁਣੇ ਹੋਏ ਅਤੇ ਨਾਮਜ਼ਦ ਮੈਂਬਰਾਂ ਤੋਂ ਬਣਦਾ ਹੈ। ਇਸ ਢਾਂਚੇ ਦਾ ਮੂਲ ਉਦੇਸ਼ ਇਹ ਸੀ ਕਿ ਪ੍ਰਬੰਧ ਵਿੱਚ ਸੰਗਤ ਦੀ ਨੁਮਾਇੰਦਗੀ ਅਤੇ ਲੋਕਤੰਤਰੀ ਭਾਗੀਦਾਰੀ ਕਾਇਮ ਰਹੇ। 2015 ਵਿੱਚ ਮਹਾਰਾਸ਼ਟਰ ਸਰਕਾਰ ਵੱਲੋਂ ਲਿਆਂਦੀ ਗਈ ਸੋਧ ਨੇ ਇਸ ਜਮਹੂਰੀ ਸਰੂਪ ਨੂੰ ਬੁਨਿਆਦੀ ਤੌਰ ’ਤੇ ਪ੍ਰਭਾਵਿਤ ਕੀਤਾ। ਸਰਕਾਰ ਨੇ ਇਸ ਸੋਧ ਲਈ ਔਰੰਗਾਬਾਦ ਬੈਂਚ ਦੇ ਹਾਈ ਕੋਰਟ ਦੇ ਇੱਕ ਫ਼ੈਸਲੇ ਅਤੇ ਸੱਚਖੰਡ ਹਜ਼ੂਰੀ ਖ਼ਾਲਸਾ ਦੀਵਾਨ, ਨਾਂਦੇੜ ਨਾਲ ਜੁੜੇ ਕੁਝ ਅੰਦਰੂਨੀ ਵਿਵਾਦਾਂ ਦਾ ਹਵਾਲਾ ਦਿੱਤਾ ਸੀ। ਹਾਈ ਕੋਰਟ ਨੇ 21 ਅਕਤੂਬਰ 2013 ਦੇ ਆਪਣੇ ਹੁਕਮ ਵਿੱਚ ਸਿਰਫ਼ ਇਹ ਕਿਹਾ ਸੀ ਕਿ ਬੋਰਡ ਦੀ ਸੰਵਿਧਾਨਕ ਰਚਨਾ ਲਈ ਲੋੜੀਂਦੇ ਕਦਮ ਚੁੱਕੇ ਜਾਣ। ਅਦਾਲਤ ਨੇ ਕਿਤੇ ਵੀ ਇਹ ਨਹੀਂ ਕਿਹਾ ਸੀ ਕਿ ਚੋਣ ਪ੍ਰਣਾਲੀ ਨੂੰ ਕਮਜ਼ੋਰ ਕਰਕੇ ਸਰਕਾਰੀ ਨਾਮਜ਼ਦਗੀਆਂ ਦਾ ਦਾਇਰਾ ਵਧਾਇਆ ਜਾਵੇ ਜਾਂ ਬੋਰਡ ਦੀ ਅਗਵਾਈ ਸਰਕਾਰ ਦੇ ਹੱਥਾਂ ਵਿੱਚ ਦਿੱਤੀ ਜਾਵੇ। ਸਰਕਾਰ ਨੇ ਇਸ ਮੌਕੇ ਨੂੰ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਪ੍ਰਬੰਧ ਉੱਤੇ ਆਪਣਾ ਪ੍ਰਭਾਵ ਵਧਾਉਣ ਲਈ ਵਰਤਿਆ। 2015 ਦੀ ਸੋਧ ਰਾਹੀਂ ਸਰਕਾਰ ਨੂੰ ਇਹ ਅਧਿਕਾਰ ਮਿਲ ਗਿਆ ਕਿ ਜੇਕਰ ਬੋਰਡ ਦੇ ਸਿਰਫ਼ 50 ਫ਼ੀਸਦੀ ਮੈਂਬਰ ਹੀ ਚੁਣੇ ਜਾਂ ਨਾਮਜ਼ਦ ਹੋਣ, ਤਾਂ ਵੀ ਉਹ ਬੋਰਡ ਦਾ ਗਠਨ ਕਰ ਸਕਦੀ ਹੈ। ਇਸ ਤੋਂ ਵੀ ਵੱਧ ਚਿੰਤਾਜਨਕ ਗੱਲ ਇਹ ਸੀ ਕਿ ਬੋਰਡ ਦੇ ਪ੍ਰਧਾਨ ਦੀ ਨਿਯੁਕਤੀ ਦਾ ਅਧਿਕਾਰ ਵੀ ਸਰਕਾਰ ਨੇ ਆਪਣੇ ਹੱਥ ਵਿੱਚ ਲੈ ਲਿਆ।

ਇਹ ਕੇਵਲ ਇੱਕ ਕਾਨੂੰਨੀ ਸੋਧ ਨਹੀਂ ਸੀ, ਸਗੋਂ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਪ੍ਰਬੰਧ ਵਿੱਚ ਸਰਕਾਰੀ ਦਖ਼ਲ ਨੂੰ ਸੰਸਥਾਗਤ ਰੂਪ ਦੇਣ ਵੱਲ ਇੱਕ ਮਹੱਤਵਪੂਰਨ ਕਦਮ ਸੀ। ਜਿਸ ਸੰਸਥਾ ਦਾ ਮੁੱਖ ਆਧਾਰ ਸੰਗਤ ਦੀ ਨੁਮਾਇੰਦਗੀ ਅਤੇ ਪੰਥਕ ਸਵੈ-ਪ੍ਰਬੰਧ ਹੋਣਾ ਚਾਹੀਦਾ ਸੀ, ਉਸਦੇ ਸਭ ਤੋਂ ਉੱਚੇ ਅਹੁਦੇ ਉੱਤੇ ਬੈਠਣ ਵਾਲੇ ਵਿਅਕਤੀ ਦੀ ਚੋਣ ਦਾ ਹੱਕ ਵੀ ਸਰਕਾਰ ਕੋਲ ਚਲਾ ਗਿਆ। 2015 ਵਿੱਚ ਭਾਜਪਾ ਦੇ ਵਿਧਾਇਕ ਤਾਰਾ ਸਿੰਘ ਨੂੰ ਸਰਕਾਰ ਵੱਲੋਂ ਬੋਰਡ ਦਾ ਪਹਿਲਾ ਨਾਮਜ਼ਦ ਪ੍ਰਧਾਨ ਬਣਾਇਆ ਗਿਆ। ਇਹ ਪਹਿਲੀ ਵਾਰ ਸੀ ਜਦੋਂ ਸੱਤਾਧਾਰੀ ਪਾਰਟੀ ਦਾ ਰਾਜਨੀਤਕ ਆਗੂ ਤਖ਼ਤ ਸਾਹਿਬ ਦੇ ਪ੍ਰਬੰਧਕੀ ਢਾਂਚੇ ਦੇ ਸਭ ਤੋਂ ਉੱਚੇ ਅਹੁਦੇ ਉੱਤੇ ਬਿਠਾਇਆ ਗਿਆ। ਇਸ ਨਾਲ ਇਹ ਸੰਦੇਸ਼ ਸਪੱਸ਼ਟ ਹੋ ਗਿਆ ਕਿ ਸਰਕਾਰ ਸਿਰਫ਼ ਨਿਗਰਾਨੀ ਤੱਕ ਸੀਮਿਤ ਨਹੀਂ, ਸਗੋਂ ਤਖ਼ਤ ਸਾਹਿਬ ਦੇ ਫ਼ੈਸਲਾਕੁਨ ਢਾਂਚੇ ਉੱਤੇ ਆਪਣਾ ਸਿੱਧਾ ਪ੍ਰਭਾਵ ਕਾਇਮ ਕਰਨਾ ਚਾਹੁੰਦੀ ਹੈ। ਇਨ੍ਹਾਂ ਤਬਦੀਲੀਆਂ ਦਾ ਅਸਲ ਮਕਸਦ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੀ ਖ਼ੁਦਮੁਖਤਿਆਰੀ ਨੂੰ ਹੌਲੀ-ਹੌਲੀ ਕਮਜ਼ੋਰ ਕਰਨਾ ਅਤੇ ਇਸ ਦੇ ਪ੍ਰਬੰਧ ਉੱਤੇ ਫ਼ੈਸਲਾਕੁਨ ਅਧਿਕਾਰ ਸਿੱਖ ਸੰਗਤ ਤੋਂ ਖੋਹ ਕੇ ਸਰਕਾਰ ਦੇ ਹੱਥਾਂ ਵਿੱਚ ਕੇਂਦਰਿਤ ਕਰਨਾ ਸੀ। ਤਖ਼ਤ ਸਾਹਿਬ ਦੇ ਮਾਮਲਿਆਂ ਵਿੱਚ ਦਖ਼ਲਅੰਦਾਜ਼ੀ ਦੀ ਇਸ ਨੀਤੀ ਨੂੰ ਕਾਨੂੰਨੀ ਸੋਧਾਂ ਰਾਹੀਂ ਇੱਕ ਸੰਸਥਾਗਤ ਰੂਪ ਦਿੱਤਾ ਗਿਆ। ਇਹ ਪ੍ਰਕਿਰਿਆ ਇੱਥੇ ਨਹੀਂ ਰੁਕੀ।2018 ਵਿੱਚ ਮਹਾਰਾਸ਼ਟਰ ਮੰਤਰੀ ਮੰਡਲ ਨੇ ਬੋਰਡ ਵਿੱਚ ਛੇ ਹੋਰ ਮੈਂਬਰ ਸ਼ਾਮਲ ਕਰਨ ਦਾ ਫ਼ੈਸਲਾ ਕੀਤਾ। ਇਸ ਤਬਦੀਲੀ ਨਾਲ ਸਰਕਾਰ ਦਾ ਪ੍ਰਭਾਵ ਹੋਰ ਵਧਣ ਦਾ ਰਾਹ ਖੁੱਲ੍ਹ ਗਿਆ ਅਤੇ ਤਖ਼ਤ ਸਾਹਿਬ ਦੇ ਪ੍ਰਬੰਧ ਉੱਤੇ ਉਸਦੀ ਪਕੜ ਹੋਰ ਮਜ਼ਬੂਤ ਹੋਈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਸਿੱਖ ਧਾਰਮਿਕ ਸੰਸਥਾਵਾਂ ਵੱਲੋਂ ਇਸ ਫ਼ੈਸਲੇ ਦਾ ਸਖ਼ਤ ਵਿਰੋਧ ਕੀਤਾ ਗਿਆ। ਅਕਤੂਬਰ 2020 ਵਿੱਚ ਸਰਕਾਰ ਨੇ ਚਾਰ ਅਜਿਹੇ ਮੈਂਬਰ ਨਿਯੁਕਤ ਕਰ ਦਿੱਤੇ, ਜਿਨ੍ਹਾਂ ਦੀ ਨਿਯੁਕਤੀ 1956 ਦੇ ਐਕਟ ਅਨੁਸਾਰ ਨਾਂਦੇੜ ਸੱਚਖੰਡ ਹਜ਼ੂਰੀ ਖ਼ਾਲਸਾ ਦੀਵਾਨ ਦੇ ਅਧਿਕਾਰ ਖੇਤਰ ਵਿੱਚ ਆਉਂਦੀ ਸੀ। ਇਸ ਨੂੰ ਬੰਬੇ ਹਾਈ ਕੋਰਟ ਨੇ ਰੱਦ ਕਰ ਦਿੱਤਾ ਅਤੇ ਸੁਪਰੀਮ ਕੋਰਟ ਨੇ ਵੀ ਉਸ ਫ਼ੈਸਲੇ ਨੂੰ ਬਰਕਰਾਰ ਰੱਖਿਆ। ਇਸ ਨਾਲ ਸਪੱਸ਼ਟ ਹੋ ਗਿਆ ਕਿ ਇਹ ਕਦਮ ਐਕਟ ਦੀ ਭਾਵਨਾ ਦੇ ਉਲਟ ਸੀ। ਫਰਵਰੀ 2024 ਵਿੱਚ ਸਰਕਾਰ ਦੀ ਮਨਸ਼ਾ ਉਦੋਂ ਵੱਧ ਸਪੱਸ਼ਟ ਹੋ ਗਈ, ਜਦੋਂ ਇੱਕ ਪ੍ਰਸਤਾਵਿਤ ਸੋਧ ਰਾਹੀਂ ਉਸ ਨੂੰ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ 17 ਮੈਂਬਰੀ ਬੋਰਡ ਵਿੱਚੋਂ 12 ਮੈਂਬਰ, ਪ੍ਰਧਾਨ ਸਮੇਤ, ਸਿੱਧੇ ਤੌਰ ’ਤੇ ਨਾਮਜ਼ਦ ਕਰਨ ਦਾ ਅਧਿਕਾਰ ਮਿਲਣਾ ਸੀ। ਸਿੱਖ ਸੰਗਤ ਅਤੇ ਪੰਥਕ ਜਥੇਬੰਦੀਆਂ ਦੇ ਤਿੱਖੇ ਵਿਰੋਧ ਕਾਰਨ ਇਹ ਸੋਧ ਅੱਗੇ ਨਹੀਂ ਵਧ ਸਕੀ। ਜੇ 2015 ਤੋਂ 2024 ਤੱਕ ਦੀਆਂ ਘਟਨਾਵਾਂ ਨੂੰ ਇੱਕ ਲੜੀ ਵਜੋਂ ਦੇਖਿਆ ਜਾਵੇ ਤਾਂ ਇੱਕ ਸਪੱਸ਼ਟ ਪੈਟਰਨ ਸਾਹਮਣੇ ਆਉਂਦਾ ਹੈ। ਪਹਿਲਾਂ ਨਾਮਜ਼ਦਗੀਆਂ ਦਾ ਦਾਇਰਾ ਵਧਾਇਆ ਗਿਆ, ਫਿਰ ਪ੍ਰਧਾਨ ਦੀ ਚੋਣ ਦਾ ਅਧਿਕਾਰ ਸਰਕਾਰ ਕੋਲ ਲਿਆਂਦਾ ਗਿਆ, ਉਸ ਤੋਂ ਬਾਅਦ ਬੋਰਡ ਦੀ ਬਣਤਰ ਵਿੱਚ ਤਬਦੀਲੀਆਂ ਕੀਤੀਆਂ ਗਈਆਂ ਅਤੇ ਆਖ਼ਰ ਬੋਰਡ ਦੇ ਬਹੁਮਤ ਨੂੰ ਹੀ ਸਰਕਾਰੀ ਨਾਮਜ਼ਦਗੀਆਂ ਦੇ ਹਵਾਲੇ ਕਰਨ ਦੀ ਕੋਸ਼ਿਸ਼ ਕੀਤੀ ਗਈ। ਇਹ ਵੱਖ-ਵੱਖ ਘਟਨਾਵਾਂ ਨਹੀਂ, ਸਗੋਂ ਇੱਕੋ ਦਿਸ਼ਾ ਵਿੱਚ ਵਧਦੇ ਕਦਮ ਹਨ, ਜਿਨ੍ਹਾਂ ਦਾ ਨਤੀਜਾ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਪ੍ਰਬੰਧ ਉੱਤੇ ਸਰਕਾਰੀ ਪ੍ਰਭਾਵ ਅਤੇ ਨਿਯੰਤਰਨ ਨੂੰ ਮਜ਼ਬੂਤ ਕਰਨਾ ਹੈ। ਇਹ ਤਬਦੀਲੀਆਂ ਇੱਕ ਲੰਮੀ ਅਤੇ ਸੋਚੀ-ਸਮਝੀ ਪ੍ਰਕਿਰਿਆ ਦਾ ਹਿੱਸਾ ਸਨ, ਜਿਸ ਤਹਿਤ ਕਾਨੂੰਨੀ ਸੋਧਾਂ ਅਤੇ ਪ੍ਰਸ਼ਾਸਨਿਕ ਫ਼ੈਸਲਿਆਂ ਰਾਹੀਂ ਹੌਲੀ-ਹੌਲੀ ਅਧਿਕਾਰ ਚੁਣੇ ਹੋਏ ਨੁਮਾਇੰਦਿਆਂ ਤੋਂ ਖੋਹ ਕੇ ਸਰਕਾਰੀ ਨਾਮਜ਼ਦਗੀਆਂ ਅਤੇ ਨਿਯੰਤਰਨ ਵੱਲ ਤਬਦੀਲ ਕੀਤੇ ਗਏ। ਰਾਜਨੀਤਕ ਅਤੇ ਸੰਸਥਾਗਤ ਅਧਿਐਨ ਦੀ ਭਾਸ਼ਾ ਵਿੱਚ ਇਸ ਨੂੰ ‘ਸੰਸਥਾਗਤ ਕਬਜ਼ਾ’ ਕਿਹਾ ਜਾਂਦਾ ਹੈ, ਜਿੱਥੇ ਕਿਸੇ ਸੰਸਥਾ ਦੀ ਮੂਲ ਖ਼ੁਦਮੁਖਤਿਆਰੀ ਨੂੰ ਇੱਕਦਮ ਨਹੀਂ, ਸਗੋਂ ਪੜਾਅ ਦਰ ਪੜਾਅ ਕਮਜ਼ੋਰ ਕੀਤਾ ਜਾਂਦਾ ਹੈ। ਸੰਸਦ ਵਿੱਚ ਵਕਫ਼ ਕਾਨੂੰਨ ਬਾਰੇ ਹੋਈਆਂ ਚਰਚਾਵਾਂ ਦੌਰਾਨ ਵੀ ਅਜਿਹੇ ਹੀ ਤੌਖ਼ਲੇ ਪ੍ਰਗਟ ਕੀਤੇ ਗਏ ਸਨ ਕਿ ਸਰਕਾਰ ਹੌਲੀ-ਹੌਲੀ ਉਨ੍ਹਾਂ ਮਾਮਲਿਆਂ ਵਿੱਚ ਦਖ਼ਲ ਵਧਾ ਰਹੀ ਹੈ, ਜਿਨ੍ਹਾਂ ਦਾ ਪ੍ਰਬੰਧ ਰਵਾਇਤੀ ਤੌਰ ’ਤੇ ਧਾਰਮਿਕ ਭਾਈਚਾਰੇ ਖ਼ੁਦ ਕਰਦੇ ਆਏ ਹਨ। ਇਸ ਪ੍ਰਸੰਗ ਵਿੱਚ ਤਖ਼ਤ ਸ੍ਰੀ ਹਜ਼ੂਰ ਸਾਹਿਬ ਨਾਲ ਸਬੰਧਿਤ ਮੌਜੂਦਾ ਕਦਮਾਂ ਅਤੇ ਪਿਛਲੀਆਂ ਸੋਧਾਂ ਨੂੰ ਕਿਸੇ ਇਕੱਲੀ ਜਾਂ ਵੱਖਰੀ ਘਟਨਾ ਵਜੋਂ ਨਹੀਂ ਦੇਖਿਆ ਜਾ ਸਕਦਾ। ਇਹ ਉਸ ਵਿਆਪਕ ਰੁਝਾਨ ਦਾ ਹਿੱਸਾ ਜਾਪਦੇ ਹਨ, ਜਿਸ ਵਿੱਚ ਖ਼ੁਦਮੁਖਤਿਆਰ ਧਾਰਮਿਕ ਸੰਸਥਾਵਾਂ ਉੱਤੇ ਸਰਕਾਰੀ ਪ੍ਰਭਾਵ ਅਤੇ ਨਿਯੰਤਰਨ ਨੂੰ ਲਗਾਤਾਰ ਵਧਾਇਆ ਜਾ ਰਿਹਾ ਹੈ। ਇਸ ਲਈ ਮਾਮਲਾ ਸਿਰਫ਼ ਇੱਕ ਕਾਨੂੰਨ ਨੂੰ ਰੱਦ ਕਰਨ ਦਾ ਨਹੀਂ ਹੈ। ਇਹ ਸਿੱਖ ਕੌਮ ਦੇ ਉਸ ਬੁਨਿਆਦੀ ਅਤੇ ਸੰਵਿਧਾਨਕ ਅਧਿਕਾਰ ਨਾਲ ਜੁੜਿਆ ਹੋਇਆ ਹੈ, ਜਿਸ ਤਹਿਤ ਉਹ ਆਪਣੀਆਂ ਧਾਰਮਿਕ ਸੰਸਥਾਵਾਂ ਦਾ ਪ੍ਰਬੰਧ ਬਿਨਾਂ ਸਰਕਾਰੀ ਦਖ਼ਲ ਦੇ ਖ਼ੁਦ ਕਰ ਸਕਦੀ ਹੈ। ਜਦੋਂ ਇਸ ਅਧਿਕਾਰ ਉੱਤੇ ਹੌਲੀ-ਹੌਲੀ ਸੀਮਾਵਾਂ ਲੱਗਣੀਆਂ ਸ਼ੁਰੂ ਹੋ ਜਾਣ ਤਾਂ ਚਿੰਤਾ ਸਿਰਫ਼ ਇੱਕ ਸੰਸਥਾ ਦੀ ਨਹੀਂ ਰਹਿੰਦੀ, ਸਗੋਂ ਪੂਰੇ ਪੰਥ ਦੀ ਬਣ ਜਾਂਦੀ ਹੈ। ਇਸ ਤੋਂ ਵੀ ਵੱਧ ਚਿੰਤਾਜਨਕ ਗੱਲ ਇਹ ਹੈ ਕਿ ਪਿਛਲੇ ਕਈ ਸਾਲਾਂ ਦੌਰਾਨ ਹੋਏ ਇਨ੍ਹਾਂ ਘਟਨਾਕ੍ਰਮਾਂ ਉੱਤੇ ਪੰਥਕ ਰਾਜਨੀਤਕ ਪਾਰਟੀਆਂ ਤੇ ਸਿੱਖ ਲੀਡਰਸ਼ਿਪ ਦੀ ਪ੍ਰਤੀਕਿਰਿਆ ਬਹੁਤ ਕਮਜ਼ੋਰ ਅਤੇ ਸੀਮਿਤ ਰਹੀ ਹੈ। ਸਿਆਸੀ ਚਰਚਾ ਅਕਸਰ ਗੱਠਜੋੜਾਂ, ਚੋਣ ਸਮੀਕਰਨਾਂ ਅਤੇ ‘ਮੁੱਖ ਮੰਤਰੀ ਦਾ ਚਿਹਰਾ ਕੌਣ ਹੋਵੇਗਾ’ ਵਰਗੇ ਮੁੱਦਿਆਂ ਤੱਕ ਸੀਮਿਤ ਰਹੀ, ਜਦਕਿ ਸਿੱਖ ਸੰਸਥਾਵਾਂ ਦੀ ਖ਼ੁਦਮੁਖਤਿਆਰੀ, ਮਰਿਆਦਾ ਅਤੇ ਪ੍ਰਬੰਧ ਨਾਲ ਜੁੜੇ ਮਸਲਿਆਂ ਨੂੰ ਉਹ ਗੰਭੀਰਤਾ ਨਹੀਂ ਮਿਲੀ ਜਿਸ ਦੇ ਉਹ ਹੱਕਦਾਰ ਸਨ। ਸਿੱਖ ਅਧਿਕਾਰਾਂ ਵਿੱਚ ਹੋ ਰਹੀਆਂ ਦਖ਼ਲਅੰਦਾਜ਼ੀਆਂ ਬਾਰੇ ਨਾ ਤਾਂ ਸਮੇਂ ’ਤੇ ਲੋੜੀਂਦੀ ਚਰਚਾ ਹੋਈ ਅਤੇ ਨਾ ਹੀ ਇਹ ਮੁੱਦੇ ਜਨਤਕ ਮੰਚਾਂ ਜਾਂ ਮੀਡੀਆ ਵਿਚਾਰ-ਵਟਾਂਦਰਿਆਂ ਦਾ ਕੇਂਦਰ ਬਣ ਸਕੇ। ਅਸਲ ਵਿੱਚ ਪੰਥ ਦੇ ਸਾਹਮਣੇ ਅੱਜ ਦਾ ਸਵਾਲ ਸਿਰਫ਼ ਇੱਕ ਸੋਧ, ਬੋਰਡ ਦੀ ਬਣਤਰ ਵਿੱਚ ਤਬਦੀਲੀ ਜਾਂ ਕਿਸੇ ਕਾਨੂੰਨ ਤੱਕ ਸੀਮਿਤ ਨਹੀਂ ਹੈ। ਅਸਲ ਸਵਾਲ ਸਿੱਖ ਸੰਸਥਾਵਾਂ ਦੀ ਭਵਿੱਖੀ ਖ਼ੁਦਮੁਖਤਿਆਰੀ ਅਤੇ ਆਜ਼ਾਦੀ ਦਾ ਹੈ। ਜੇ ਅੱਜ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਮਾਮਲੇ ਵਿੱਚ ਅਜਿਹੇ ਦਖ਼ਲਾਂ ਨੂੰ ਬਿਨਾਂ ਚੁਣੌਤੀ ਦਿੱਤੇ ਸਵੀਕਾਰ ਕਰ ਲਿਆ ਜਾਂਦਾ ਹੈ ਤਾਂ ਇਹ ਇੱਕ ਅਜਿਹਾ ਮਿਸਾਲੀ ਢਾਂਚਾ ਬਣ ਸਕਦਾ ਹੈ ਜਿਸ ਦੇ ਪ੍ਰਭਾਵ ਭਵਿੱਖ ਵਿੱਚ ਹੋਰ ਸਿੱਖ ਸੰਸਥਾਵਾਂ ਤੱਕ ਵੀ ਫੈਲ ਸਕਦੇ ਹਨ। ਇਸ ਲਈ ਇਹ ਸਿਰਫ਼ ਨਾਂਦੇੜ ਦਾ ਮਸਲਾ ਨਹੀਂ, ਸਗੋਂ ਪੂਰੇ ਪੰਥ ਦੀ ਸੰਸਥਾਗਤ ਆਜ਼ਾਦੀ ਅਤੇ ਹੋਂਦ ਨਾਲ ਜੁੜਿਆ ਹੋਇਆ ਹੈ।

# ਜਗਮਨ ਸਮਰਾ ਨੇ ਮਾਸਕ ਲਗਵਾ ਕੇ ਕਿਸੇ ਤੋਂ ਫੇਕ ਵੀਡੀਓ ਬਣਵਾਈ: ਭਗਵੰਤ ਮਾਨ

## ਮੈਂ 2016 ਤੋਂ ਬਾਅਦ ਕਦੇ ਕੈਨੇਡਾ ਨਹੀਂ ਗਿਆ; ਸ੍ਰੀ ਅਕਾਲ ਤਖਤ ਸਾਹਿਬ ਨੂੰ ਦੁਬਾਰਾ ਭੇਜੀ ਜਾਵੇਗੀ ਵੀਡੀਓ

**ਮੁਹਾਲੀ, 25 ਜੂਨ**
**-ਸ਼.ਅ.ਬਿਓਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਮੁਹਾਲੀ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਇੱਕ ਵੀਡੀਓ ਜਨਤਕ ਕਰਕੇ ਖੁਲਾਸਾ ਕੀਤਾ ਕਿ ਉਨ੍ਹਾਂ ਖ਼ਿਲਾਫ਼ ਬਣਾਈ ਗਈ ਜਾਅਲੀ ਵੀਡੀਓ ਜਗਮਨ ਸਮਰਾ ਵੱਲੋਂ ਬਣਾਈ ਗਈ ਹੈ। ਉਨ੍ਹਾਂ ਕਿਹਾ ਕਿ ਇਹ ਵੀਡੀਓ ਵਿੱਚ ਜਿਸ ਵਿਅਕਤੀ ਕੋਲੋਂ ਮੇਰੀ ਭੂਮਿਕਾ ਨਿਭਾਈ ਗਈ ਹੈ, ਉਸ ਨੇ ਮਾਸਕ ਲਾਇਆ ਹੋਇਆ ਸੀ। ਉਨ੍ਹਾਂ ਇਸ ਮੌਕੇ ਕਾਰ ਵਿੱਚ ਬੈਠੇ ਜਗਮਨ ਸਮਰਾ ਦੀ ਇੱਕ ਵੀਡੀਓ ਵੀ ਜਨਤਕ ਕੀਤੀ ਤੇ ਜਿਸ ਵਿੱਚ ਵਿਖਾਇਆ ਗਿਆ ਕਿ ਜਗਮਨ ਸਮਰਾ ਵੱਲੋਂ ਮਾਸਕ ਦੀ ਡਿਲਵਰੀ ਹਾਸਲ ਕੀਤੀ ਗਈ ਹੈ ਅਤੇ ਮਾਸਕ ਨੂੰ ਆਪਣੇ ਹੱਥ ਉੱਤੇ ਚੜਾ ਕੇ ਹੋਟਲ ਵਿੱਚ ਲੈ ਕੇ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਹੋਟਲ ਦੇ ਕਮਰੇ ਵਿਚ ਗੁਰੂ ਸਾਹਿਬ ਦੀਆਂ ਤਸਵੀਰਾਂ ਨਹੀਂ ਹੁੰਦੀਆਂ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਇਹ ਵੀਡੀਓ ਸ੍ਰੀ ਅਕਾਲ ਤਖਤ ਸਾਹਿਬ ਨੂੰ ਭੇਜਣਗੇ ਤਾਂ ਕਿ ਇਸ ਸਾਰੇ ਮਾਮਲੇ ਦੀ ਜਾਂਚ ਕਰਾ ਕੇ ਸੱਚਾਈ ਸਾਹਮਣੇ ਆ ਸਕੇ। ਉਨ੍ਹਾਂ ਕਿਹਾ ਕਿ ਕਿਸੇ ਦੇ ਵੀ ਚਿਹਰੇ ਦਾ ਮਾਸਕ ਬਣ ਜਾਂਦਾ ਹੈ ਪਰ ਮਾਸਕ ਵਿੱਚ ਅੱਖਾਂ ਨਹੀਂ ਬਣਦੀਆਂ ਇਸੇ ਕਰਕੇ ਜਾਅਲੀ ਵੀਡੀਓ ਵਿੱਚ ਅੱਖਾਂ ਉੱਤੇ ਐਨਕ ਲਾਈ ਹੋਈ ਹੈ। ਉਹਨਾਂ ਕਿਹਾ ਕਿ ਸਬੰਧਤ ਵੀਡੀਓ ਵਿੱਚ ਉਨ੍ਹਾਂ ਦੀ ਠੋਡੀ ਸਾਫ਼ ਹੈ, ਜਦੋਂ ਕਿ ਉਨ੍ਹਾਂ ਦੇ ਪੰਜ ਸਾਲ ਦੀ ਉਮਰ ਤੋਂ ਇੱਕ ਨਿਸ਼ਾਨ ਬਣਿਆ ਹੋਇਆ ਹੈ। ਇਸੇ ਤਰ੍ਹਾਂ ਸਬੰਧਤ ਵਿਅਕਤੀ ਦਾ ਕੱਦ ਵੀ ਉਹਨਾਂ ਤੋਂ ਦੋ ਫੁੱਟ ਉੱਚਾ ਹੈ।

ਭਗਵੰਤ ਮਾਨਇਸ ਮੌਕੇ ਉਨ੍ਹਾਂ ਨਾਨਕ ਨਾਮ ਲੇਵਾ ਨੂੰ ਅਪੀਲ ਕੀਤੀ ਕਿ ਇਹ ਸਾਰੀ ਸਾਜ਼ਿਸ਼ ਉਨ੍ਹਾਂ ਨੂੰ ਧਾਰਮਿਕ ਤੌਰ ਤੇ ਬਦਨਾਮ ਕਰਨ ਲਈ ਰਚੀ ਗਈ ਹੈ। ਕਿਉਂ ਸਿਆਸੀ ਤੌਰ ਤੇ ਵਿਰੋਧੀ ਪਾਰਟੀਆਂ ਕੋਲ ਕਹਿਣ ਨੂੰ ਕੁਝ ਵੀ ਨਹੀਂ ਹੈ। ਮੁੱਖ ਮੰਤਰੀ ਨੇ ਕਿਹਾ ਕਿ ਵੀਡੀਓ 2018-19 ਦੀ ਹੋਣ ਦਾ ਦਾਅਵਾ ਕੀਤਾ ਜਾ ਰਿਹਾ ਹੈ। ਜਦੋਂ ਕਿ ਉਹ ਤਾਂ 2016 ਤੋਂ ਬਾਅਦ ਕਦੇ ਕੈਨੇਡਾ ਹੀ ਨਹੀਂ ਗਏ ਹਨ। ਮੁੱਖ ਮੰਤਰੀ ਦਾ ਬਿਆਨ: ਮੁੱਖ ਮੰਤਰੀ ਨੇ ਕਿਹਾ ਕਿ ਵੀਡੀਓ ਕਿਸ ਦੇ ਕਹਿਣ ’ਤੇ ਬਣਾਈ ਗਈ, ਇਸ ਦਾ ਪ੍ਰੋਡਿਊਸਰ ਅਤੇ ਡਾਇਰੈਕਟਰ ਕੌਣ ਹੈ, ਇਸ ਦਾ ਵੀ ਜਲਦੀ ਹੀ ਖੁਲਾਸਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਗਮਨ ਸਮਰਾ ਉਨ੍ਹਾਂ ਦਾ ਕਦੇ ਦੋਸਤ ਨਹੀਂ ਰਿਹਾ ਸਿਰਫ਼ ਇੱਕ ਵਾਰ ਜਦੋਂ ਉਹ ਪੀਪੀਪੀ ਪਾਰਟੀ ਵਿੱਚ ਸਨ ਉਦੋਂ ਉਹਨਾਂ ਨੂੰ ਉਹ ਮਿਲੇ ਸਨ। ਉਨ੍ਹਾਂ ਕਿਹਾ ਕਿ ਉਹ ਬਲੈਕ ਮੇਲਰ ਹੈ ਅਤੇ ਉਹਨਾਂ ਖਿਲਾਫ ਅਕਾਲੀ ਦਲ, ਭਾਜਪਾ ਅਤੇ ਕਾਂਗਰਸ ਵੱਲੋਂ ਬਣਾਏ ਗਏ ਸਾਂਝੇ ਮੋਰਚੇ ਵੱਲੋਂ ਹੀ ਇਹ ਵੀਡੀਓ ਬਣਵਾਈ ਹੋ ਸਕਦੀ ਹੈ।



ਮੁੱਖ ਮੰਤਰੀ ਨੇ ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ’ਤੇ ਸਵਾਲ ਚੁੱਕਦਿਆਂ ਪੁੱਛਿਆ ਕਿ ਜਦੋਂ ਦੋ ਦਸੰਬਰ ਨੂੰ ਸੁਖਬੀਰ ਸਿੰਘ ਬਾਦਲ ਨੇ ਆਪਣੇ ਗੁਨਾਹ ਕਬੂਲ ਕੀਤੇ ਸਨ ਅਤੇ ਉਹਨਾਂ ਨੂੰ ਤਨਖਾਹੀਆ ਕਰਾਰ ਦਿੱਤਾ ਗਿਆ ਸੀ ਤਾਂ ਸੁਖਬੀਰ ਬਾਦਲ ਤੇ ਉਨ੍ਹਾਂ ਦੇ ਸਾਥੀਆਂ ਦੇ ਬਾਈਕਾਟ ਕਰਨ ਦੇ ਗੁਰਦੁਆਰਿਆਂ ਦੇ ਬਾਹਰ ਬੋਰਡ ਕਿਉਂ ਨਹੀਂ ਲਗਵਾਏ ਗਏ ਜਿਹੋ ਜਿਹੇ ਬੋਰਡ ਹੁਣ ਮੁੱਖ ਮੰਤਰੀ ਭਗਵੰਤ ਮਾਨ ਦਾ ਬਾਈਕਾਟ ਕਰਨ ਦੇ ਲਗਵਾਏ ਜਾ ਰਹੇ ਹਨ। ਉਨ੍ਹਾਂ ਕਾਂਗਰਸ ਵੱਲੋਂ ਮੁੱਖ ਮੰਤਰੀ ਦਾ ਬਾਈਕਾਟ ਕਰਨ ਦੇ ਬਿਆਨ ’ਤੇ ਸਵਾਲ ਚੁੱਕਦਿਆਂ ਕਿਹਾ ਕਿ ਜਿਹੜੀ ਕਾਂਗਰਸ ਨੇ ਖੁਦ ਸ੍ਰੀ ਅਕਾਲ ਤਖਤ ਸਾਹਿਬ ਨੂੰ ਢਾਇਆ ਹੋਵੇ, ਤਖਤ ਉੱਤੇ ਤੋਪਾਂ ਚਲਾਈਆਂ ਹੋਣ, ਉਹ ਕਾਂਗਰਸ ਅੱਜ ਅਕਾਲ ਤਖਤ ਸਾਹਿਬ ਦੀ ਮਰਿਆਦਾ ਦੀ ਗੱਲ ਕਰੇ ਇਹ ਗੱਲ ਸਮਝ ਤੋਂ ਬਾਹਰ ਹੈ।

ਅਕਾਲੀ ਦਲ ਖੁਦ ਬੇਅਦਬੀ ਦਾ ਦੋਸ਼ੀ ਹੈ ਅਤੇ ਸਿੱਖ ਨੌਜਵਾਨਾਂ ਤੇ ਗੋਲੀਆਂ ਚਲਾਉਂਦਾ ਰਿਹਾ ਹੈ ਤੇ ਉਹ ਕਿਵੇਂ ਉਹਨਾਂ ਨੂੰ ਗਲਤ ਠਹਿਰਾ ਸਕਦਾ ਹੈ, ਉਨ੍ਹਾਂ ਭਾਜਪਾ ’ਤੇ ਟਿੱਪਣੀ ਕਰਦਿਆਂ ਕਿਹਾ ਕਿ ਜਿਹੜੀ ਭਾਜਪਾ ਨੇ ਇੰਦਰਾ ਗਾਂਧੀ ਨੂੰ ਹਰਿਮੰਦਰ ਸਾਹਿਬ ਅਤੇ ਅਕਾਲ ਤਖਤ ਸਾਹਿਬ ’ਤੇ ਅਟੈਕ ਕਰਨ ਦੀ ਸਲਾਹ ਦਿੱਤੀ ਸੀ ਉਹ ਭਾਜਪਾ ਹੁਣ ਸ੍ਰੀ ਅਕਾਲ ਤਖਤ ਦੀਆਂ ਗੱਲਾਂ ਕਿਵੇਂ ਕਰ ਸਕਦੀ ਹੈ। ਉਨ੍ਹਾਂ ਕਿਹਾ ਕਿ ਦਰਅਸਲ ਸਾਰੀਆਂ ਪਾਰਟੀਆਂ ਉਨਾਂ ਵੱਲੋਂ ਕੀਤੇ ਜਾ ਸਮਾਜਿਕ, ਆਰਥਿਕ ਅਤੇ ਧਾਰਮਿਕ ਕੰਮਾਂ ਤੋਂ ਪਰੇਸ਼ਾਨ ਹਨ। ਉਨ੍ਹਾਂ ਨੂੰ ਕੋਈ ਪੰਜਾਬੀ ਮੂਹ ਨਹੀਂ ਲਾ ਰਿਹਾ, ਜਿਸ ਕਾਰਨ ਉਹ ਉਹਨਾਂ ਨੂੰ ਬਦਨਾਮ ਕਰਨ ਲਈ ਅਜਿਹੀਆਂ ਸਾਜਿਸ਼ਾਂ ਰਚ ਰਹੇ ਹਨ।

ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਅੱਗੇ ਸਿਰ ਝੁਕਾਂਦੇ ਹਨ ਉਨ੍ਹਾਂ ਦੇ ਸਰਵਉੱਚਤਾ ਪ੍ਰਵਾਨ ਕਰਦੇ ਹਨ ਅਤੇ ਜੇਕਰ ਅਕਾਲ ਤਖਤ ਸਾਹਿਬ ਉਹਨਾਂ ਨੂੰ ਦੁਬਾਰਾ ਤਖਤ ’ਤੇ ਬੁਲਾਏਗਾ ਤਾਂ ਨਿਰਸੰਕੋਚ ਜਾਣ ਲਈ ਤਿਆਰ ਹਨ। ਉਨ੍ਹਾਂ ਕਿਹਾ ਕਿ ਉਹ ਪਹਿਲਾਂ ਵੀ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਕਹਿ ਕੇ ਆਏ ਸਨ ਕਿ ਇਸ ਵੀਡੀਓ ਵਿੱਚ ਮੈਂ ਨਹੀਂ ਹਾਂ ਕੋਈ ਹੋਰ ਹੈ ਅਤੇ ਅੱਜ ਵੀ ਉਹ ਇਸ ਗੱਲ ’ਤੇ ਕਾਇਮ ਹਨ। ਉਨ੍ਹਾਂ ਕਿਹਾ ਕਿ ਉਹਨਾਂ ਨੇ ਪੰਜਾਬ ਤੇ ਪੰਜਾਬੀਆਂ ਲਈ ਅਨੇਕਾਂ ਕੰਮ ਕੀਤੇ ਹਨ ਤੇ ਇਸੇ ਕਰਕੇ ਅੱਜ ਵੀ ਲੋਕ ਉਹਨਾਂ ਦੇ ਨਾਲ ਖੜੇ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੇ ਆਕਾ ਦੇ ਕਹਿਣ ’ਤੇ ਮੇਰੇ ਖਿਲਾਫ ਫਤਵੇ ਜਾਰੀ ਕਰਵਾ ਰਹੀ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਧਰਮ ਯੁੱਧ ਦੀ ਗੱਲ ਕਰਦਾ ਹੈ ਪਰ ਉਹ ਤਾਂ ਹਮੇਸ਼ਾ ਧਰਮ ਵਿਰੁੱਧ ਰਹੇ ਹਨ।

**ਕਾਨੂੰਨੀ ਕਾਰਵਾਈ ਅਤੇ ਹੋਰ ਸਵਾਲ**

ਗੁੜਗਾਓਂ ਵਿਖੇ ਦਰਜ ਹੋਏ ਪਰਚੇ ਸਬੰਧਤ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਈ ਡੀ ਅਤੇ ਪੁਲੀਸ ਨੂੰ ਭੇਜ ਕੇ ਅਤੇ ਦਬਾਅ ਦੇ ਕੇ ਲੈਬੋਰਟਰੀਆਂ ਵਾਲਿਆਂ ਅਤੇ ਹੋਰਨਾਂ ਤੋਂ ਗਲਤ ਬਿਆਨਬਾਜ਼ੀ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜਗਮਨ ਸਮਰਾ ਨਾਲ ਸਬੰਧਤ ਸਮੁੱਚੀ ਤਾਜ਼ਾ ਵੀਡੀਓ ਪੁਲੀਸ ਕੋਲ ਭੇਜੀ ਜਾਏਗੀ ਅਤੇ ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਦਿਆਂ ਉਨ੍ਹਾਂ ਨੂੰ ਭਾਰਤ ਲਿਆਉਣ ਲਈ ਵੀ ਉਪਰਾਲੇ ਕੀਤੇ ਜਾਣਗੇ। ਮੁੱਖ ਮੰਤਰੀ ਨੇ ਬੇਅਦਬੀ ਕਾਨੂੰਨ ਦੇ ਮਾਮਲੇ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਤਲਬ ਕੀਤੇ ਗਏ ਸਿੱਖ ਵਿਧਾਇਕਾਂ ਬਾਰੇ ਸ੍ਰੀ ਅਕਾਲ ਤਖਤ ਸਾਹਿਬ ਦੇ ਪੇਸ਼ ਹੋਣ ਸਬੰਧੀ ਕਿਹਾ ਕਿ ਇਸ ਬਾਰੇ ਵਿਧਾਨ ਸਭਾ ਦੀ ਕਮੇਟੀ ਫੈਸਲਾ ਲਵੇਗੀ।

# ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਨੇ ਨਵੇ ਚੁਣੇ ਨਗਰ ਕੌਂਸਲ ਪ੍ਰਧਾਨ ਅਤੇ ਕੌਂਸਲਰਾਂ ਨੂੰ ਦਿੱਤੀ ਮੁਬਾਰਕਬਾਦ



**ਸ੍ਰੀ ਆਨੰਦਪੁਰ ਸਾਹਿਬ, 25 ਜੂਨ**
**-ਸ਼.ਅ.ਬਿਓਰੋ-**

ਨਗਰ ਕੌਂਸਲ ਸ੍ਰੀ ਅਨੰਦਪੁਰ ਸਾਹਿਬ ਦੇ ਕੌਂਸਲਰਾਂ ਦੇ ਸਹੁੰ ਚੁੱਕ ਸਮਾਰੋਹ ਉਪਰੰਤ ਨਗਰ ਕੌਂਸਲ ਦੇ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ, ਮੀਤ ਪ੍ਰਧਾਨ ਦੀ ਚੋਣ ਵਿੱਚ ਇੱਕ ਵਾਰ ਫਿਰ ਹਰਜੋਤ ਸਿੰਘ ਬੈਂਸ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਨੇ ਜਿੱਤ ਦਾ ਪਰਚਮ ਲਹਿਰਾ ਦਿੱਤਾ ਹੈ। ਲਗਾਤਾਰ ਤੀਜੀ ਵਾਰ ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਂਸਲ ਚੁਣੇ ਗਏ, ਜਦੋ ਕਿ ਜਤਿਨ ਕੌਸ਼ਲ ਸੀਨੀਅਰ ਮੀਤ ਪ੍ਰਧਾਨ ਤੇ ਹਰਪਾਲ ਕੌਰ ਮੀਤ ਪ੍ਰਧਾਨ ਚੁਣੇ ਗਏ।

ਆਮ ਆਦਮੀ ਪਾਰਟੀ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਨਗਰ ਕੌਂਸਲ ਚੋਣਾਂ ਵਿੱਚ ਉਤਾਰੇ ਕੌਂਸਲਰ ਚੋਣਾਂ ਦੇ ਉਮੀਦਵਾਰਾ ਨੇ ਸ਼ਹਿਰ ਵਿੱਚ ਹੂਝਾ ਫੇਰ ਜਿੱਤ ਹਾਸਲ ਕੀਤੀ ਅਤੇ ਹਰ ਚੋਣਾਂ ਦੀ ਤਰਾਂ ਇਸ ਵਾਰ ਵੀ ਇਲਾਕੇ ਦੇ ਲੋਕਾਂ ਨੇ ਹਰਜੋਤ ਸਿੰਘ ਬੈਂਸ ਦੀ ਸੋਚ ਅਤੇ ਵਿਕਾਸ ਤੇ ਮੋਹਰ ਲਗਾਈ।

ਮੁੱਖ ਮੰਤਰੀ ਸ੍ਰ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਿੱਚ ਸਥਾਨਕ ਸਰਕਾਰਾਂ, ਸੂਚਨਾ ਤੇ ਲੋਕ ਸੰਪਰਕ ਵਿਭਾਗ, ਸਿੱਖਿਆ ਅਤੇ ਭਾਸ਼ਾ ਵਿਭਾਗ ਦੇ ਕੈਬਨਿਟ ਮੰਤਰੀ ਸ੍ਰ.ਹਰਜੋਤ ਸਿੰਘ ਬੈਂਸ ਜੋ ਕਿ ਇਸ ਹਲਕੇ ਦੇ ਵਿਧਾਇਕ ਹਨ ਨੇ ਚੋਣਾਂ ਦੌਰਾਨ ਇਸ ਇਲਾਕੇ ਦੇ ਲੋਕਾਂ ਨੂੰ ਮਾਨ ਸਰਕਾਰ ਵੱਲੋਂ ਲਏ ਗਏ ਲੋਕਪੱਖੀ ਫੈਸਲਿਆਂ ਅਤੇ ਵਿਕਾਸ ਦੀ ਤੁਲਨਾ ਕਰਕੇ ਵੋਟ ਪਾਉਣ ਦੀ ਅਪੀਲ ਕੀਤੀ, ਜਿਸ ਦੇ ਨਤੀਜੇ ਵੱਜੋਂ ਇਸ ਇਲਾਕੇ ਦੇ ਲੋਕਾਂ ਨੇ ਸ੍ਰ.ਬੈਂਸ ਅਤੇ ਮਾਨ ਸਰਕਾਰ ਦੇ ਹੱਕ ਵਿੱਚ ਇੱਕ ਤਰਫਾ ਫੈਸਲਾ ਸੁਣਾ ਦਿੱਤਾ।


ਅੱਜ ਉਪ ਮੰਡਲ ਮੈਜਿਸਟ੍ਰੇਟ ਸ.ਸੁਖਪਾਲ ਸਿੰਘ ਪੀ.ਸੀ.ਐਸ ਵੱਲੋਂ ਪਹਿਲਾ ਸਾਰੇ ਕੌਂਸਲਰਾਂ ਨੂੰ ਸਹੁੰ ਚੁਕਾਈ ਗਈ ਜਿਸ ਉਪਰੰਤ ਕੌਂਸਲ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਤੇ ਮੀਤ ਪ੍ਰਧਾਨ ਦੀ ਚੋਣ ਹੋਈ। ਇਸ ਚੋਣ ਵਿੱਚ ਹਲਕਾ ਵਿਧਾਇਕ ਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੀ ਸ਼ਾਮਿਲ ਹੋਏ। ਜਿਸ ਵਿੱਚ ਆਮ ਆਦਮੀ ਪਾਰਟੀ ਦੇ ਕੌਂਸਲਰ ਸਾਰੇ ਅਹੁਦਿਆਂ ਤੇ ਕਾਬਜ ਹੋ ਗਏ।

ਸ.ਬੈਂਸ ਨੇ ਸਮੂਹ ਕੌਂਸਲਰਾਂ ਨੂੰ ਸ਼ਹਿਰ ਦੇ ਵਿਕਾਸ ਲਈ ਇੱਕਜੁਟਤਾ ਨਾਲ ਸੇਵਾ ਦੀ ਭਾਵਨਾ ਨਾਲ ਕੰਮ ਕਰਨ ਦੀ ਅਪੀਲ ਕੀਤੀ।

ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਅੱਜ ਸ੍ਰੀ ਅਨੰਦਪੁਰ ਸਾਹਿਬ ਨਗਰ ਕੌਂਸਲ ਦੀ ਚੋਣ ਬਹੁਤ ਹੀ ਸ਼ਾਂਤੀਪੂਰਵਕ ਅਤੇ ਸਰਬਸੰਮਤੀ ਨਾਲ ਸੰਪੰਨ ਹੋਈ। ਇਸ ਚੋਣ ਵਿੱਚ ਸਾਰੇ 13 ਦੇ ਕੌਂਸਲਰ ਹਾਜ਼ਰ ਹੋਏ ਅਤੇ ਹਾਊਸ ਨੇ ਇਕਜੁੱਟ ਹੋ ਕੇ ਫੈਸਲੇ ਕੀਤੇ।







# ਐਸ.ਆਈ.ਆਰ.-2026 ਤਹਿਤ 25 ਜੂਨ ਤੋਂ ਘਰ-ਘਰ ਜਾ ਕੇ ਹੋਵੇਗੀ ਵੋਟਰਾਂ ਦੀ ਤਸਦੀਕ : ਡੀ ਸੀ ਡਾ. ਹਿਮਾਂਸ਼ੂ ਅਗਰਵਾਲ

**ਪਟਿਆਲਾ, 25 ਜੂਨ**
**-ਛਤਰਪਾਲ ਸਿੰਘ-**



ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ .ਹਿਮਾਂਸ਼ੂ ਅਗਰਵਾਲ ਪਟਿਆਲਾ ਨੇ ਅੱਜ ਸਪੈਸ਼ਲ ਇੰਟੈਂਸਿਵ ਰੀਵਿਜ਼ਨ (ਐਸ.ਆਈ.ਆਰ.-2026) ਸਬੰਧੀ ' ਸ਼ੁਰੂ ਹੋਣ ਵਾਲੀ ਘਰ-ਘਰ ਜਾ ਕੇ ਕੀਤੀ ਜਾਣ ਵਾਲੀ ਵੋਟਰ ਤਸਦੀਕ ਪ੍ਰਕਿਰਿਆ ਤੋਂ ਪਹਿਲਾਂ ਮੀਡੀਆ ਨਾਲ ਵਿਸ਼ੇਸ਼ ਪ੍ਰੈੱਸ ਕਾਨਫਰੰਸ ਕੀਤੀ। ਇਸ ਮੌਕੇ ਉਨ੍ਹਾਂ ਨੇ ਐਸ.ਆਈ.ਆਰ.-2026 ਦੀ ਸਮੁੱਚੀ ਪ੍ਰਕਿਰਿਆ, ਵੱਖ-ਵੱਖ ਪੜਾਵਾਂ ਅਤੇ ਰਾਜਨੀਤਿਕ ਪਾਰਟੀਆਂ ਦੇ ਬੂਥ ਲੈਵਲ ਏਜੰਟਾਂ (ਬੀ.ਐਲ.ਏਜ਼) ਦੀ ਭੂਮਿਕਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਐਸ.ਆਈ.ਆਰ.-2026 ਦਾ ਮੁੱਖ ਉਦੇਸ਼ ਵੋਟਰ ਸੂਚੀਆਂ ਨੂੰ ਹੋਰ ਸਹੀ, ਪਾਰਦਰਸ਼ੀ ਅਤੇ ਤਰੁੱਟੀ-ਰਹਿਤ ਬਣਾਉਣਾ ਹੈ। ਇਸ ਤਹਿਤ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼) ਵੱਲੋਂ ' ਘਰ-ਘਰ ਜਾ ਕੇ ਵੋਟਰਾਂ ਦੀ ਤਸਦੀਕ ਕੀਤੀ ਜਾਵੇਗੀ ਅਤੇ ਲੋੜੀਂਦੇ ਦਸਤਾਵੇਜ਼ ਇਕੱਠੇ ਕੀਤੇ ਜਾਣਗੇ।

ਉਨ੍ਹਾਂ ਸਪੱਸ਼ਟ ਕੀਤਾ ਕਿ ਜਿਨ੍ਹਾਂ ਵੋਟਰਾਂ ਦਾ ਨਾਮ ਸਾਲ 2003 ਦੀ ਵੋਟਰ ਸੂਚੀ ਨਾਲ ਮੈਪ ਨਹੀਂ ਹੋਇਆ ਹੈ, ਉਨ੍ਹਾਂ ਨੂੰ ਚੋਣ ਕਮਿਸ਼ਨ ਵੱਲੋਂ ਨਿਰਧਾਰਤ ਦਸਤਾਵੇਜ਼ਾਂ ਵਿੱਚੋਂ ਲੋੜੀਂਦੇ ਦਸਤਾਵੇਜ਼ ਜਮ੍ਹਾਂ ਕਰਵਾਉਣੇ ਹੋਣਗੇ ਤਾਂ ਜੋ ਉਨ੍ਹਾਂ ਦੀ ਯੋਗਤਾ ਦੀ ਪੁਸ਼ਟੀ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਬੀ.ਐਲ.ਓਜ਼ ਵੱਲੋਂ ਵੋਟਰਾਂ ਨੂੰ ਦਸਤਾਵੇਜ਼ਾਂ ਸਬੰਧੀ ਪੂਰੀ ਜਾਣਕਾਰੀ ਦਿੱਤੀ ਜਾਵੇਗੀ ਅਤੇ ਲੋੜ ਪੈਣ 'ਤੇ ਉਨ੍ਹਾਂ ਦੀ ਹਰ ਸੰਭਵ ਸਹਾਇਤਾ ਵੀ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਬੂਥ ਲੈਵਲ ਏਜੰਟਾਂ (ਬੀ.ਐਲ.ਏਜ਼) ਦੀ ਭੂਮਿਕਾ ਇਸ ਪ੍ਰਕਿਰਿਆ ਵਿੱਚ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਰਾਜਨੀਤਿਕ ਪਾਰਟੀਆਂ ਦੇ ਬੂਥ ਲੈਵਲ ਏਜੰਟ ਵੋਟਰ ਸੂਚੀਆਂ ਦੀ ਸ਼ੁੱਧਤਾ ਯਕੀਨੀ ਬਣਾਉਣ ਲਈ ਚੋਣ ਪ੍ਰਸ਼ਾਸਨ ਦੇ ਸਹਿਯੋਗੀ ਵਜੋਂ ਕੰਮ ਕਰਦੇ ਹਨ। ਉਨ੍ਹਾਂ ਨੂੰ ਐਸ.ਆਈ.ਆਰ.-2026 ਦੀ ਪ੍ਰਕਿਰਿਆ ਸਬੰਧੀ ਵਿਸ਼ੇਸ਼ ਤੌਰ 'ਤੇ ਜਾਣੂ ਕਰਵਾਇਆ ਗਿਆ ਹੈ ਤਾਂ ਜੋ ਉਹ ਆਪਣੇ-ਆਪਣੇ ਖੇਤਰਾਂ ਵਿੱਚ ਬੀ.ਐਲ.ਓਜ਼ ਅਤੇ ਯੋਗ ਵੋਟਰਾਂ ਦੀ ਸਹਾਇਤਾ ਕਰ ਸਕਣ।

ਪ੍ਰੈੱਸ ਕਾਨਫਰੰਸ ਦੌਰਾਨ ਮੀਡੀਆ ਪ੍ਰਤੀਨਿਧੀਆਂ ਵੱਲੋਂ ਐਸ.ਆਈ.ਆਰ.-2026 ਦੀ ਪ੍ਰਕਿਰਿਆ, ਲੋੜੀਂਦੇ ਦਸਤਾਵੇਜ਼ਾਂ, ਬੀ.ਐਲ.ਓਜ਼ ਅਤੇ ਬੀ.ਐਲ.ਏਜ਼ ਦੀ ਭੂਮਿਕਾ ਅਤੇ ਵੋਟਰਾਂ ਦੀ ਸਹੂਲਤ ਲਈ ਕੀਤੇ ਗਏ ਪ੍ਰਬੰਧਾਂ ਸਬੰਧੀ ਵੱਖ-ਵੱਖ ਸਵਾਲ ਪੁੱਛੇ ਗਏ, ਜਿਨ੍ਹਾਂ ਦੇ ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਵਿਸਥਾਰਪੂਰਵਕ ਜਵਾਬ ਦਿੱਤੇ ਗਏ।

ਉਨ੍ਹਾਂ ਮੀਡੀਆ ਤੋਂ ਅਪੀਲ ਕੀਤੀ ਕਿ ਉਹ ਐਸ.ਆਈ.ਆਰ.-2026 ਸਬੰਧੀ ਸਹੀ ਅਤੇ ਪ੍ਰਮਾਣਿਕ ਜਾਣਕਾਰੀ ਲੋਕਾਂ ਤੱਕ ਪਹੁੰਚਾਉਣ ਵਿੱਚ ਚੋਣ ਪ੍ਰਸ਼ਾਸਨ ਦਾ ਸਹਿਯੋਗ ਕਰਨ। ਇਸ ਦੇ ਨਾਲ ਹੀ ਉਨ੍ਹਾਂ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਬੀ.ਐਲ.ਓ ਦੇ ਦੌਰੇ ਦੌਰਾਨ ਪੂਰਾ ਸਹਿਯੋਗ ਦਿੱਤਾ ਜਾਵੇ ਅਤੇ ਲੋੜੀਂਦੇ ਦਸਤਾਵੇਜ਼ ਸਮੇਂ ਸਿਰ ਉਪਲਬਧ ਕਰਵਾਏ ਜਾਣ ਤਾਂ ਜੋ ਵੋਟਰ ਸੂਚੀਆਂ ਨੂੰ ਹੋਰ ਸ਼ੁੱਧ, ਪਾਰਦਰਸ਼ੀ ਅਤੇ ਤਰੁੱਟੀ-ਰਹਿਤ ਬਣਾਇਆ ਜਾ ਸਕੇ।

# ਐੱਸ.ਆਈ.ਆਰ 24 ਜੁਲਾਈ 2026 ਤਕ ਬੀ.ਐਲ.ਓਜ. ਘਰ-ਘਰ ਜਾ ਕੇ ਮੁਹਈਆ ਕਰਵਾਉਣਗੇ ਇਨਮਰੇਸ਼ਮ ਫਾਰਮ

**ਸੰਗਰੂਰ, 25 ਜੂਨ**
**ਜਗਦੇਵ ਰੰਚਨਾਂ**
**ਸ਼.ਅ.ਬਿਓਰੋ**



ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਵੱਲੋਂ ਪੰਜਾਬ ਰਾਜ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ 2026 ਸਬੰਧੀ ਜਾਰੀ ਕੀਤੀਆਂ ਗਈਆਂ ਹਦਾਇਤਾਂ ਬਾਰੇ ਜਾਣਕਾਰੀ ਦੇਣ ਲਈ ਪੂਨਮਦੀਪ ਕੌਰ, ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ, ਸੰਗਰੂਰ ਵਲੋਂ ਪ੍ਰੈਸ ਕਾਨਫਰੰਸ ਦੌਰਾਨ ਪੰਜਾਬ ਰਾਜ ਵਿੱਚ ਐੱਸ ਆਈ ਆਰ-2026 ਦੇ ਪ੍ਰੋਗਰਾਮ ਤਹਿਤ ਕਰਵਾਈਆਂ ਜਾਣ ਵਾਲੀਆਂ ਵੱਖ-ਵੱਖ ਮਿਤੀਬੱਧ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ ਗਿਆ।

ਪੰਜਾਬ ਰਾਜ ਵਿੱਚ ਮਿਤੀ 25 ਜੂਨ 2026 ਤੋਂ 24 ਜੁਲਾਈ 2026 ਤੱਕ ਬੀ.ਐਲ.ਓਜ. ਘਰ-ਘਰ ਜਾ ਕੇ ਵੋਟਰ ਸੂਚੀ ਵਿੱਚ ਦਰਜ ਹਰੇਕ ਵੋਟਰ ਨੂੰ (ਜਿਸ ਵਿੱਚ ਵੋਟਰਾਂ ਦੇ ਕੁਝ ਵੇਰਵੇ ਪਹਿਲਾਂ ਤੋਂ ਹੀ ਦਰਜ ਹੋਣਗੇ) ਮੁਹੱਈਆ ਕਰਵਾਉਣਗੇ। Enumeration Form ਭਰਨ ਲਈ ਬੀ.ਐਲ.ਓਜ. ਵੋਟਰਾਂ ਦੀ ਸਹਾਇਤਾ ਵੀ ਕਰਨਗੇ। Enumeration Form ਨਾਲ ਵੋਟਰ ਵੱਲੋਂ ਆਪਣੀ ਮੌਜੂਦਾ ਫੋਟੋ ਦੇਣੀ ਲਾਜ਼ਮੀ ਹੋਵੇਗੀ ਪਰੰਤੂ Enumeration Form ਨਾਲ ਕੋਈ ਵੀ ਹੋਰ ਦਸਤਾਵੇਜ਼ ਇਕੱਠੇ ਨਹੀਂ ਕੀਤੇ ਜਾਣਗੇ।

ਜੇਕਰ ਫੀਲਡ ਵਿਜ਼ਟ ਦੌਰਾਨ ਕਿਸੇ ਵੋਟਰ ਦਾ ਘਰ ਬੰਦ ਜਾਂ ਲਾਕਡ ਪਾਇਆ ਜਾਂਦਾ ਹੈ ਤਾਂ ਬੀ.ਐਲ.ਓਜ਼. ਸਬੰਧਤ ਵੋਟਰਾਂ ਦੇ Enumeration Form ਸਮੇਤ Information slip (ਜਿਸ 'ਤੇ ਬੀ.ਐਲ.ਓ ਦੇ ਵੇਰਵੇ ਦਰਜ ਕੀਤੇ ਹੋਣ) ਨੱਥੀ ਕਰਕੇ ਘਰ ਵਿੱਚ ਸੁੱਟ ਦੇਣਗੇ ਅਤੇ ਘਰ ਦੇ ਬਾਹਰ Sticker ਚਿਪਕਾਉਣਗੇ (ਜਿਸ 'ਤੇ 56 ਇਕੱਠੇ ਕਰਨ ਸਬੰਧੀ ਕੀਤੇ ਜਾਣ ਵਾਲੇ ਦੌਰਿਆਂ ਦੇ ਵੇਰਵੇ ਦਰਜ ਕੀਤੇ ਜਾਣੇ ਹਨ)। ਬੀ.ਐੱਲ.ਓਜ Enumeration Form ਪ੍ਰਾਪਤ ਕਰਨ ਲਈ ਇਸ ਸਮੇਂ ਦੌਰਾਨ ਘੱਟੋ-ਘੱਟ ਤਿੰਨ ਵਾਰ ਸਬੰਧਤ ਘਰਾਂ ਦਾ ਦੌਰਾ ਕਰਨਗੇ।

ਐੱਸ.ਆਈ.ਆਰ. ਦੇ ਸ਼ਡਿਊਲ ਮੁਤਾਬਿਕ ਵੋਟਰ ਸੂਚੀ ਦੀ ਡਰਾਫਟ ਪਬਲੀਕੇਸ਼ਨ ਮਿਤੀ 03.08.2026 ਨੂੰ ਕੀਤੀ ਜਾਣੀ ਹੈ। ਦਾਅਵੇ ਅਤੇ ਇਤਰਾਜ਼ ਮਿਤੀ 03.08.2026 ਤੋਂ ਮਿਤੀ 02.09.2026 ਤਕ ਲਏ ਜਾਣਗੇ, ਜਿਹਨਾਂ ਦਾ ਨਿਪਟਾਰਾ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫਸਰਾਂ ਵੱਲੋਂ ਮਿਤੀ 03.08.2026 ਤੋਂ 28.09.2026 ਤਕ ਕਰਦੇ ਹੋਏ ਮਿਤੀ 01.10.2026 ਨੂੰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾਵੇਗੀ। ਐੱਸ.ਆਈ.ਆਰ. ਸਬੰਧੀ ਜਾਣਕਾਰੀ ਦੇਣ ਅਤੇ ਵੋਟਰਾਂ ਦੀ ਸਹੂਲਤ ਲਈ ਜ਼ਿਲ੍ਹਾ ਪੱਧਰ 'ਤੇ ਜ਼ਿਲ੍ਹਾ ਚੋਣ ਦਫਤਰ, ਸੰਗਰੂਰ ਵਿਖੇ ਹੈਲਪ ਡੈਸਕ ਸਥਾਪਤ ਕੀਤਾ ਗਿਆ ਹੈ।

ਜ਼ਿਲ੍ਹਾ ਚੋਣ ਅਫਸਰ ਨੇ ਦੱਸਿਆ ਕਿ ਰਾਜਨੀਤਿਕ ਪਾਰਟੀਆਂ ਨਾਲ ਮਿਤੀ 23.06.2026 ਨੂੰ ਕੀਤੀ ਗਈ ਮੀਟਿੰਗ ਦੌਰਾਨ ਉਨ੍ਹਾਂ ਨੂੰ ਬੂਥ ਲੈਵਲ ਏਜੰਟ ਨਿਯੁਕਤ ਕਰਨ ਦੀ ਅਪੀਲ ਕੀਤੀ ਗਈ ਹੈ ਤਾਂ ਜੋ ਇਹ ਪ੍ਰਕਿਰਿਆ ਨਿਰਵਿਘਨ ਢੰਗ ਨਾਲ ਮੁਕੰਮਲ ਕੀਤੀ ਜਾ ਸਕੇ। ਉਨ੍ਹਾਂ ਨੇ ਜ਼ਿਲ੍ਹੇ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਇਸ ਮਹੱਤਵਪੂਰਨ ਪ੍ਰਕਿਰਿਆ ਦੌਰਾਨ ਬੀ.ਐੱਲ.ਓਜ਼ ਅਤੇ ਚੋਣ ਅਮਲੇ ਨੂੰ ਪੂਰਾ ਸਹਿਯੋਗ ਦੇਣ ਤਾਂ ਜੋ ਵੋਟਰ ਸੂਚੀਆਂ ਨੂੰ ਹੋਰ ਸ਼ੁੱਧ ਅਤੇ ਪਾਰਦਰਸ਼ੀ ਬਣਾਇਆ ਜਾ ਸਕੇ। ਇਸ ਮੌਕੇ ਸ਼੍ਰੀ ਅੰਕੁਰ ਮਹਿੰਦਰੂ ਵਧੀਕ ਡਿਪਟੀ ਕਮਿਸ਼ਨਰ (ਜਨਰਲ), ਸੰਗਰੂਰ ਅਤੇ ਸ਼੍ਰੀਮਤੀ ਪਰਮਜੀਤ ਕੌਰ, ਚੋਣ ਤਹਿਸੀਲਦਾਰ ਵੀ ਹਾਜ਼ਰ ਸਨ।

# ਰਾਮਗੜ੍ਹੀਆ ਅਕਾਲ ਜਥੇਬੰਦੀ ਨੇ ਐਸ. ਡੀ. ਐਮ. ਨੂੰ ਕੀਤਾ ਸਨਮਾਨ



**ਸ੍ਰੀ ਅਨੰਦਪੁਰ ਸਾਹਿਬ, 25 ਜੂਨ**
**-ਸ਼.ਅ.ਬਿਓਰੋ-**

ਰਾਮਗੜ੍ਹੀਆ ਅਕਾਲ ਜਥੇਬੰਦੀ ਪੰਜਾਬ ਵਲੋਂ ਸ੍ਰੀ ਅਨੰਦਪੁਰ ਸਾਹਿਬ ਦੇ ਐਸ. ਡੀ. ਐਮ. ਸੁਖਪਾਲ ਸਿੰਘ ਦਾ ਉਹਨਾਂ ਦੇ ਦਫ਼ਤਰ ਵਿਖੇ ਪਹੁੰਚ ਕੇ ਵਿਸ਼ੇਸ਼ ਤੌਰ 'ਤੇ ਸਨਮਾਨ ਕਰਦਿਆਂ ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਜੀ ਦਾ ਚਿੱਤਰ ਭੇਂਟ ਕੀਤਾ ਗਿਆ। ਜਥੇਬੰਦੀ ਨੇ ਮੁਬਾਰਕਬਾਦ ਦਿੰਦਿਆਂ ਉਹਨਾਂ ਦੀ ਅਗਵਾਈ ਹੇਠ ਸ੍ਰੀ ਅਨੰਦਪੁਰ ਸਾਹਿਬ ਦੇ ਬਹੁਪੱਖੀ ਵਿਕਾਸ ਦੀ ਉਮੀਦ ਪ੍ਰਗਟ ਕੀਤੀ। ਇਸ ਮੌਕੇ ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਸਰਪ੍ਰਸਤ ਜਗਜੀਤ ਸਿੰਘ ਸੱਗੂ ਨੇ ਕਿਹਾ ਕਿ ਪੰਜਾਬ ਭਰ ਅੰਦਰ ਕਿਸੇ ਵੀ ਜ਼ਿਲੇ ਵਿੱਚ ਰਾਮਗੜ੍ਹੀਆ ਸਮਾਜ ਨਾਲ ਸਬੰਧਤ ਕੋਈ ਵੀ ਅਧਿਕਾਰੀ ਉੱਚ ਅਹੁਦੇ 'ਤੇ ਬਿਰਾਜਮਾਨ ਹੁੰਦਾ ਹੈ ਤਾਂ ਉਹਨਾਂ ਦਾ ਕੌਮੀ ਸੰਚਾਲਕ ਹਰਜੀਤ ਸਿੰਘ ਰਾਮਗੜ੍ਹੀਆ ਦੇ ਦਿਸ਼ਾ ਨਿਰਦੇਸ਼ ਅਨੁਸਾਰ ਵਿਸ਼ੇਸ਼ ਤੌਰ 'ਤੇ ਸਨਮਾਨ ਕਰਨ ਦੀ ਚਲਾਈ ਹੋਈ ਮੁਹਿੰਮ ਤਹਿਤ ਅੱਜ ਸਥਾਨਕ ਐਸ. ਡੀ. ਐਮ. ਸੁਖਪਾਲ ਸਿੰਘ ਦਾ ਸਨਮਾਨ ਕੀਤਾ ਗਿਆ ਹੈ। ਐਸ. ਡੀ. ਐਮ. ਸੁਖਪਾਲ ਸਿੰਘ ਨੇ ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਹਮੇਸ਼ਾ ਸਮਾਜ ਭਲਾਈ ਦੇ ਕਾਰਜਾਂ ਵਿੱਚ ਸਹਿਯੋਗ ਦੇਣ ਦਾ ਵੀ ਵਿਸ਼ਵਾਸ ਦਿਵਾਇਆ।

ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਮੁੱਖ ਬੁਲਾਰੇ ਰਾਮ ਸਿੰਘ ਧੀਮਾਨ ਨੇ ਕਿਹਾ ਰਾਮਗੜ੍ਹੀਆ ਭਾਈਚਾਰੇ ਦੇ ਅਧਿਕਾਰੀਆਂ / ਕਰਮਚਾਰੀਆਂ ਦਾ ਮਾਣ ਸਨਮਾਨ ਕਰਨਾ ਰਾਮਗੜ੍ਹੀਆ ਅਕਾਲ ਜਥੇਬੰਦੀ ਪੰਜਾਬ ਆਪਣਾ ਮੁੱਢਲਾ ਫ਼ਰਜ਼ ਸਮਝਦੀ ਹੈ।

# ਉੱਘੇ ਸਮਾਜ ਸੇਵੀ ਉਪਕਾਰ ਸਿੰਘ ਨੂੰ ਐਸ.ਪੀ. ਵੈਭਵ ਚੌਧਰੀ ਵੱਲੋਂ ਪ੍ਰਸ਼ੰਸਾ ਪੱਤਰ ਦੇ ਕੇ ਵਿਸ਼ੇਸ਼ ਸਨਮਾਨ

**ਪਟਿਆਲਾ, 25 ਜੂਨ**
**-ਅਮਨਦੀਪ ਸੱਭਰਵਾਲ-**



ਸ਼ਾਹੀ ਸ਼ਹਿਰ ਪਟਿਆਲਾ ਦੀ ਨਾਮੀ ਸਮਾਜ ਸੇਵੀ ਸੰਸਥਾ 'ਗਿਆਨ ਜਯੋਤੀ ਐਜੂਕੇਸ਼ਨ ਸੁਸਾਇਟੀ (ਰਜਿ.) ਪਟਿਆਲਾ' ਦੇ ਪ੍ਰਮੁੱਖ ਅਹੁਦੇਦਾਰ ਅਤੇ ਉੱਘੇ ਸਮਾਜ ਸੇਵੀ ਉਪਕਾਰ ਸਿੰਘ ਨੂੰ ਅੰਤਰਰਾਸ਼ਟਰੀ ਯੋਗਾ ਦਿਵਸ ਦੇ ਮੌਕੇ 'ਤੇ ਉਨ੍ਹਾਂ ਵੱਲੋਂ ਨਿਭਾਈਆਂ ਬਿਹਤਰੀਨ ਸਮਾਜਿਕ ਸੇਵਾਵਾਂ ਲਈ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ ਹੈ। ਪਟਿਆਲਾ ਦੇ ਐਸ.ਪੀ. ਹੈੱਡਕੁਆਰਟਰ ਵੈਭਵ ਚੌਧਰੀ ਆਈ ਪੀ ਐਸ ਵੱਲੋਂ ਉਪਕਾਰ ਸਿੰਘ ਨੂੰ ਇਹ ਵੱਕਾਰੀ ਪ੍ਰਸ਼ੰਸਾ ਪੱਤਰ ਭੇਂਟ ਕੀਤਾ ਗਿਆ।

ਉਪਕਾਰ ਸਿੰਘ ਅਤੇ ਉਨ੍ਹਾਂ ਦੀ ਸੁਸਾਇਟੀ ਵੱਲੋਂ ਪਿਛਲੇ ਲੰਬੇ ਸਮੇਂ ਤੋਂ ਸਮਾਜ ਹਿੱਤ ਵਿੱਚ ਵੱਡੇ ਕਾਰਜ ਕੀਤੇ ਜਾ ਰਹੇ ਹਨ। ਇਨ੍ਹਾਂ ਵਿੱਚ ਲੋੜਵੰਦਾਂ ਲਈ ਮੁਫ਼ਤ ਮੈਡੀਕਲ ਕੈਂਪ ਲਗਾਉਣੇ, ਅੱਖਾਂ ਦੇ ਮੁਫ਼ਤ ਆਪ੍ਰੇਸ਼ਨ ਕਰਵਾਉਣੇ, ਲੋੜਵੰਦ ਸਕੂਲੀ ਵਿਦਿਆਰਥੀਆਂ ਨੂੰ ਕਾਪੀਆਂ-ਬੈਗ ਅਤੇ ਪੜ੍ਹਨ ਸਮੱਗਰੀ ਵੰਡਣੀ, ਗ਼ਰੀਬ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਕਰਵਾਉਣੇ ਅਤੇ ਸੰਵਿਧਾਨ ਦਿਵਸ ਮੌਕੇ ਚੇਤਨਤਾ ਦੌੜ ਕਰਵਾਉਣੀ ਸ਼ਾਮਲ ਹੈ। ਇਸ ਤੋਂ ਇਲਾਵਾ, ਹੜ੍ਹਾਂ ਦੇ ਦਿਨਾਂ ਦੌਰਾਨ ਉਨ੍ਹਾਂ ਨੇ ਪਿੰਡ-ਪਿੰਡ ਜਾ ਕੇ ਹੜ੍ਹ ਪੀੜਤਾਂ ਦੀ ਵੱਡੀ ਮਦਦ ਕੀਤੀ ਅਤੇ ਮੈਡੀਕਲ ਸੇਵਾਵਾਂ ਪਹੁੰਚਾਈਆਂ।

ਸੁਸਾਇਟੀ ਵੱਲੋਂ ਸਭ ਤੋਂ ਵੱਡਾ ਯੋਗਦਾਨ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਿੰਡਾਂ, ਸਕੂਲਾਂ ਅਤੇ ਕਾਲਜਾਂ ਵਿੱਚ ਲਗਾਤਾਰ ਕੀਤੇ ਜਾ ਰਹੇ ਪ੍ਰਚਾਰ ਰਾਹੀਂ ਪਾਇਆ ਜਾ ਰਿਹਾ ਹੈ। ਇਸ ਮੁਹਿੰਮ ਵਿੱਚ ਨਸ਼ਾ ਛੁਡਾਊ ਮੁੜ ਵਸੇਬਾ ਸੰਕੇਤ ਹਸਪਤਾਲ ਦੇ ਡਾਇਰੈਕਟਰ ਪ੍ਰਮਿੰਦਰ ਮਨਚੰਦਾ, 'ਨਸ਼ਾ ਮੁਕਤ ਭਾਰਤ ਅਭਿਆਨ' ਦੇ ਮੈਂਬਰ ਅਤੇ ਗਵਰਨਰ ਐਵਾਰਡੀ ਸਤਵਿੰਦਰ ਗਰੇਵਾਲ, ਅਤੇ ਨਸ਼ਾ ਮੁਕਤ ਭਾਰਤ ਅਭਿਆਨ ਦੇ ਪ੍ਰਧਾਨ ਤੇ ਸਟੇਟ ਐਵਾਰਡੀ ਪ੍ਰਮਿੰਦਰ ਭਲਵਾਨ ਦੀ ਟੀਮ ਨਾਲ ਮਿਲ ਕੇ ਨਸ਼ਿਆਂ ਵਿਰੁੱਧ, ਸਫ਼ਾਈ ਅਭਿਆਨ ਅਤੇ ਪਲਾਸਟਿਕ ਮੁਕਤ ਸਮਾਜ ਬਣਾਉਣ ਲਈ ਜਾਗਰੂਕਤਾ ਫੈਲਾਈ ਜਾ ਰਹੀ ਹੈ।

ਇਸ ਗੌਰਵਮਈ ਸਨਮਾਨ ਸਮਾਰੋਹ ਦੌਰਾਨ ਹੋਰਨਾਂ ਤੋਂ ਇਲਾਵਾ ਬਲਵਿੰਦਰ ਕੌਰ, ਭਾਸ਼ਾ ਵਿਭਾਗ ਪੰਜਾਬ ਦੇ ਸਾਬਕਾ ਸਹਾਇਕ ਡਾਇਰੈਕਟਰ ਡਾ. ਹਰਨੇਕ ਸਿੰਘ ਢੋਟ, ਡਾ. ਰਿਸ਼ਮਾ ਕੋਲੀ ਅਤੇ ਆਸ਼ਾ ਸ਼ਰਮਾ ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਚੰਡੀਗੜ੍ਹ ਪ੍ਰਸ਼ਾਸਨ ਨੇ ਫਰਾਂਸ ਵਿੱਚ ਹੋਣ ਵਾਲੀ ਵਿਰਾਸਤ ਫਰਨੀਚਰ ਦੀ ਨਿਲਾਮੀ ਨੂੰ ਰੋਕਣ ਹਿਤ ਤੁਰੰਤ ਕੂਟਨੀਤਕ ਦਖਲ ਦੀ ਮੰਗ ਕੀਤੀ

**ਚੰਡੀਗੜ੍ਹ, 25 ਜੂਨ**
**-ਸ਼.ਅ.ਬਿਓਰੋ-**

ਚੰਡੀਗੜ੍ਹ ਪ੍ਰਸ਼ਾਸਨ ਨੇ 25 ਜੂਨ, 2026 ਨੂੰ ਪੈਰਿਸ, ਫਰਾਂਸ ਵਿੱਚ ਪ੍ਰਸਤਾਵਿਤ ਚੰਡੀਗੜ੍ਹ ਨਾਲ ਸਬੰਧਿਤ ਵਿਰਾਸਤ ਫਰਨੀਚਰ ਦੀ ਨਿਲਾਮੀ ਨੂੰ ਰੋਕਣ ਅਤੇ ਉਕਤ ਵਸਤੂਆਂ ਦੀ ਬਰਾਮਦਗੀ ਅਤੇ ਭਾਰਤ ਵਾਪਸੀ ਸੁਨਿਸ਼ਚਿਤ ਕਰਨ ਲਈ ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ (ਐੱਮਈਏ/$51) ਨੂੰ ਤੁਰੰਤ ਦਖਲ ਦੇਣ ਦੀ ਮੰਗ ਕੀਤੀ ਹੈ।

ਵਿਦੇਸ਼ ਮੰਤਰਾਲੇ ਦੇ ਸੰਯੁਕਤ ਸਕੱਤਰ (ਯੂਐੱਨਈਐੱਸ) ਨੂੰ ਭੇਜੇ ਗਏ ਇੱਕ ਪੱਤਰ ਵਿੱਚ ਚੰਡੀਗੜ੍ਹ ਪ੍ਰਸ਼ਾਸਨ ਦੇ ਸੱਭਿਆਚਾਰ ਸਕੱਤਰ ਨੇ ਨਿਲਾਮੀ ਹਿਤ ਪ੍ਰਸਤਾਵਿਤ ਦੋ ਫਰਨੀਚਰ ਵਸਤੂਆਂ ਦੇ ਉਤਪਤੀ (ਪ੍ਰੋਵੇਨੈਂਸ) ਨੂੰ ਲੈ ਕੇ ਗੰਭੀਰ ਚਿੰਤਾਵਾਂ ਵਿਅਕਤ ਕੀਤੀਆਂ ਹਨ।ਇਨ੍ਹਾਂ ਵਸਤੂਆਂ 'ਤੇ ਕ੍ਰਮਵਾਰ: "PU Chem/EE" ਅਤੇ "PGI/W/CH-@B@" ਅੰਕਿਤ ਹੈ, ਜੋ ਇਨ੍ਹਾਂ ਦੇ ਪੰਜਾਬ ਯੂਨੀਵਰਸਿਟੀ ਅਤੇ ਪੀਜੀਆਈਐੱਮਈਆਰ, ਚੰਡੀਗੜ੍ਹ ਨਾਲ ਸਬੰਧਿਤ ਹੋਣ ਦਾ ਸੰਕੇਤ ਦਿੰਦਾ ਹੈ। ਇਨ੍ਹਾਂ ਚਿੰਨ੍ਹਾਂ ਤੋਂ ਇਹ ਖ਼ਦਸ਼ਾ ਉਤਪੰਨ ਹੁੰਦਾ ਹੈ ਕਿ ਉਕਤ ਫਰਨੀਚਰ ਨੂੰ ਉਨ੍ਹਾਂ ਦੇ ਕਾਨੂੰਨੀ ਰਖਵਾਲਿਆਂ ਦੀ ਆਗਿਆ ਦੇ ਬਿਨਾ ਹਟਾ ਕੇ ਵਿਦੇਸ਼ ਭੇਜਿਆ ਗਿਆ ਹੋ ਸਕਦਾ ਹੈ।

ਪ੍ਰਸ਼ਾਸਨ ਨੇ ਆਪਣੇ ਪੱਤਰ ਵਿੱਚ ਉਲੇਖ ਕੀਤਾ ਹੈ ਕਿ ਇਹ ਫਰਨੀਚਰ ਚੰਡੀਗੜ੍ਹ ਦੀ ਵਿਲੱਖਣ ਆਧੁਨਿਕਤਾਵਾਦੀ ਵਿਰਾਸਤ ਅਤੇ ਮਹਾਨ ਆਰਕੀਟੈਕਟ ਲੀ ਕਾਰਬੁਜ਼ੀਅਰ ਅਤੇ ਉਸ ਦੇ ਸਹਿਯੋਗੀਆਂ ਦੀ ਮੂਲ ਪਰਿਕਲਪਨਾ ਦਾ ਇੱਕ ਅਭਿੰਨ ਹਿੱਸਾ ਹੈ। ਕਿਉਂਕਿ ਚੰਡੀਗੜ੍ਹ ਦਾ ਕੈਪੀਟਲ ਕੰਪਲੈਕਸ ÷ ਦ ਆਰਕੀਟੈਕਚਰਲ ਵਰਕ ਆਵ ? ਲੀ ਕਾਰਬੁਜ਼ੀਅਰ – ਐਨ ਆਊਟਸਟੈਂਡਿੰਗ ਕੰਟ੍ਰੀਬਿਊਸ਼ਨ ਟੂ ਦ ਮਾਡਰਨ ਮੂਵਮੈਂਟ÷ ਦੇ ਤਹਿਤ ਯੂਨੈਸਕੋ ਦੀ ਵਿਸ਼ਵ ਵਿਰਾਸਤ ਸੂਚੀ ਵਿੱਚ ਸ਼ਾਮਲ ਹੈ, ਇਸ ਲਈ ਅਜਿਹੇ ਮੂਲ ਫਰਨੀਚਰ ਦੀ ਸੰਭਾਲ਼ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਸੱਭਿਆਚਾਰਕ ਮਹੱਤਵ ਦਾ ਵਿਸ਼ਾ ਹੈ।

ਪੱਤਰ ਵਿੱਚ ਕਿਹਾ ਗਿਆ ਹੈ ਕਿ ਅਜਿਹੇ ਵਿਰਾਸਤ ਫਰਨੀਚਰ ਦਾ ਵਿਦੇਸ਼ੀ ਨਿਲਾਮੀ ਬਜ਼ਾਰ ਵਿੱਚ ਦਿਖਾਈ ਦੇਣਾ ਸੰਭਾਵਿਤ ਚੋਰੀ, ਅਵੈਧ ਤੌਰ 'ਤੇ ਹਟਾਏ ਜਾਣ, ਅਣਅਧਿਕਾਰਿਤ ਨਿਸਤਾਰਣ ਅਤੇ ਵਿਰਾਸਤ ਜਾਇਦਾਦ ਦੇ ਅਵੈਧ ਨਿਰਯਾਤ ਜਿਹੇ ਗੰਭੀਰ ਖ਼ਦਸ਼ਿਆਂ ਨੂੰ ਜਨਮ ਦਿੰਦਾ ਹੈ।

ਪ੍ਰਸਤਾਵਿਤ ਨਿਲਾਮੀ ਦੇ ਪਰਿਣਾਮਸਰੂਪ ਚੰਡੀਗੜ੍ਹ ਦੀ ਇਤਿਹਾਸਿਕ ਪਹਿਚਾਣ ਅਤੇ ਭਾਰਤ ਦੀ ਸੱਭਿਆਚਾਰਕ ਧਰੋਹਰ ਨਾਲ ਜੁੜੇ ਮਹੱਤਵਪੂਰਨ ਵਿਰਾਸਤ ਸੰਸਾਧਨਾਂ ਦਾ ਸਥਾਈ ਨੁਕਸਾਨ ਹੋ ਸਕਦਾ ਹੈ।

ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ, ਚੰਡੀਗੜ੍ਹ ਪੁਲਿਸ ਨੇ 23 ਜੂਨ, 2026 ਨੂੰ ਭਾਰਤੀਯ ਨਯਾਯ ਸੰਹਿਤਾ (ਬੀਐੱਨਐੱਸ) ਦੇ ਸਬੰਧਿਤ ਪ੍ਰਾਵਧਾਨਾਂ ਦੇ ਤਹਿਤ ਦੋ ਐੱਫਆਈਆਰ ਦਰਜ ਕੀਤੀਆਂ ਹਨ ਅਤੇ ਸਬੰਧਿਤ ਵਿਰਾਸਤ ਫਰਨੀਚਰ ਦੀ ਕਥਿਤ ਚੋਰੀ, ਅਵੈਧ ਤਰੀਕੇ ਨਾਲ ਹਟਾਉਣ, ਨਿਰਯਾਤ, ਵਿਕਰੀ ਅਤੇ ਤਸਕਰੀ ਦੀ ਜਾਂਚ ਸ਼ੁਰੂ ਕੀਤੀ ਹੈ।

# ਸੀਆਈਸੀਯੂ ਵ਼ਫਦ ਨੇ ਨਵ-ਨਿਯੁਕਤ ਕਸਟਮ ਕਮਿਸ਼ਨਰ ਵਰਿੰਦਰ ਕੌਰ ਦਾ ਕੀਤਾ ਸਵਾਗਤ, ਨਿਰਯਾਤਕਾਂ ਦੇ ਮੁੱਦਿਆਂ 'ਤੇ ਹੋਈ ਚਰਚਾ



**ਲੁਧਿਆਣਾ, 25 ਜੂਨ**
**ਲਛਮਣ ਜੀਤ ਸਿੰਘ ਪੁਰਬਾ**

ਚੈਂਬਰ ਆਫ਼ ਇੰਡਸਟਰੀਅਲ ਐਂਡ ਕਮਰਸ਼ੀਅਲ ਅੰਡਰਟੇਕਿੰਗਜ਼ (ਸੀਆਈਸੀਯੂ) ਦੇ ਵਫ਼ਦ ਨੇ ਨਵ-ਨਿਯੁਕਤ ਕਸਟਮ ਕਮਿਸ਼ਨਰ ਸ੍ਰੀਮਤੀ ਵਰਿੰਦਰ ਕੌਰ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਸੰਭਾਲਣ 'ਤੇ ਵਧਾਈ ਦਿੱਤੀ ਅਤੇ ਸਵਾਗਤ ਕੀਤਾ।

ਸੀਆਈਸੀਯੂ ਦੇ ਪ੍ਰਧਾਨ ਉਪਕਾਰ ਸਿੰਘ ਆਹੂਜਾ ਦੀ ਅਗਵਾਈ ਹੇਠ ਗਏ ਵਫ਼ਦ ਵਿੱਚ ਜਨਰਲ ਸਕੱਤਰ ਹਨੀ ਸੇਠੀ, ਵਾਈਸ ਪ੍ਰਧਾਨ ਗੌਤਮ ਮਲਹੋਤਰਾ ਅਤੇ ਐਕਸਪੋਰਟ ਕਨਵੀਨਰ ਸਰਵਜੀਤ ਸਿੰਘ ਸ਼ਾਮਲ ਸਨ।

ਮੁਲਾਕਾਤ ਦੌਰਾਨ ਲੁਧਿਆਣਾ ਦੇ ਉਦਯੋਗਿਕ ਖੇਤਰ ਵੱਲੋਂ ਦੇਸ਼ ਦੀ ਆਰਥਿਕਤਾ ਅਤੇ ਨਿਰਯਾਤ ਵਿੱਚ ਪਾਏ ਜਾ ਰਹੇ ਯੋਗਦਾਨ ਬਾਰੇ ਜਾਣਕਾਰੀ ਦਿੱਤੀ ਗਈ। ਇਸ ਦੇ ਨਾਲ ਹੀ ਨਿਰਯਾਤਕਾਂ ਨਾਲ ਸੰਬੰਧਿਤ ਮੁੱਦਿਆਂ, ਕਸਟਮ ਪ੍ਰਕਿਰਿਆਵਾਂ ਨੂੰ ਸਰਲ ਬਣਾਉਣ ਅਤੇ ਕਾਰੋਬਾਰ ਨੂੰ ਹੋਰ ਸਰਲ ਬਣਾਉਣ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।

ਸ੍ਰੀਮਤੀ ਵਰਿੰਦਰ ਕੌਰ ਨੇ ਉਦਯੋਗ ਅਤੇ ਨਿਰਯਾਤਕਾਂ ਦੇ ਹਿੱਤਾਂ ਦੀ ਨੁਮਾਇੰਦਗੀ ਕਰਨ ਲਈ ਸੀਆਈਸੀਯੂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਭਰੋਸਾ ਦਿੱਤਾ ਕਿ ਵਿਭਾਗ ਵਪਾਰ ਅਤੇ ਉਦਯੋਗ ਨਾਲ ਜੁੜੇ ਜਾਇਜ਼ ਮੁੱਦਿਆਂ ਦੇ ਹੱਲ ਲਈ ਪੂਰਾ ਸਹਿਯੋਗ ਦੇਵੇਗਾ।

ਉਪਕਾਰ ਸਿੰਘ ਆਹੂਜਾ ਨੇ ਕਿਹਾ ਕਿ ਉਦਯੋਗ ਅਤੇ ਸਰਕਾਰੀ ਵਿਭਾਗਾਂ ਵਿਚਕਾਰ ਤਾਲਮੇਲ ਨਿਰਯਾਤ ਵਧਾਉਣ ਅਤੇ ਭਾਰਤੀ ਨਿਰਮਾਣ ਖੇਤਰ ਦੀ ਮੁਕਾਬਲੇਬਾਜ਼ੀ ਨੂੰ ਮਜ਼ਬੂਤ ਕਰਨ ਲਈ ਬਹੁਤ ਜ਼ਰੂਰੀ ਹੈ।

ਉਨ੍ਹਾਂ ਨੇ ਕਸਟਮ ਕਮਿਸ਼ਨਰੇਟ ਨਾਲ ਭਵਿੱਖ ਵਿੱਚ ਹੋਰ ਮਜ਼ਬੂਤ ਸਹਿਯੋਗ ਦੀ ਉਮੀਦ ਜਤਾਈ।

# ਵਿਸ਼ਾਲ ਭਾਰਤੀ ਬਣੇ ਹਲਕਾ ਸਮਰਾਲਾ ਯੂਥ ਕਾਂਗਰਸ ਦੇ ਪ੍ਰਧਾਨ



**ਮਾਛੀਵਾੜਾ ਸਾਹਿਬ, 25 ਜੂਨ**
**-ਸ਼.ਅ.ਬਿਓਰੋ-**

ਮਾਸਟਰ ਸਤੀਸ਼ ਕੁਮਾਰ: ਪੰਜਾਬ ਯੂਥ ਕਾਂਗਰਸ ਦੀਆਂ ਹੋਈਆਂ ਚੋਣਾਂ ਵਿੱਚ ਹਲਕਾ ਸਮਰਾਲਾ ਤੋਂ ਵਿਸ਼ਾਲ ਭਾਰਤੀ ਯੂਥ ਕਾਂਗਰਸ ਦੇ ਪ੍ਰਧਾਨ ਚੁਣੇ ਗਏ। ਉਨ੍ਹਾਂ ਦੇ ਯੂਥ ਪ੍ਰਧਾਨ ਬਣਨ ਨਾਲ ਯੂਥ ਵਰਕਰਾਂ ਵਿੱਚ ਖੁਸ਼ੀ ਦਾ ਮਾਹੌਲ ਹੈ। ਵਿਸ਼ਾਲ ਭਾਰਤੀ ਦਾ ਯੂਥ ਪ੍ਰਧਾਨ ਬਣਨ ਤੇ ਅੱਜ ਮਾਛੀਵਾੜਾ ਤੋਂ ਬਲਾਕ ਮੀਡੀਆ ਇੰਚਾਰਜ ਵਿਨੀਤ ਕੁਮਾਰ ਝੜੌਦੀ ਨੇ ਸਿਰੋਪਾਓ ਪਾ ਕੇ ਅਤੇ ਮੂੰਹ ਮਿੱਠਾ ਕਰਵਾ ਕੇ ਸ਼ੁਭਕਾਮਨਾਵਾ ਦਿੱਤੀਆਂ। ਇਸ ਮੌਕੇ ਇਹਨਾਂ ਚੋਣਾਂ ਵਿੱਚ ਜਿੱਥੇ ਰਵੀ ਕਲਿਆਣ ਉਪ ਪ੍ਰਧਾਨ ਹਲਕਾ ਸਮਰਾਲਾ, ਵਿਪਨ ਪਪੜੌਦੀ ਉਪ ਪ੍ਰਧਾਨ ਬਲਾਕ ਸਮਰਾਲਾ, ਪਲਵ ਸ਼ਰਮਾ ਜਨਰਲ ਸੈਕਟਰੀ ਬਲਾਕ ਸਮਰਾਲਾ ਬਣਨ ਤੇ ਮੂੰਹ ਮਿੱਠਾ ਕਰਵਾ ਕੇ ਸ਼ੁਭਕਾਮਨਾਵਾਂ ਦਿੱਤੀਆਂ । ਇਸ ਮੌਕੇ ਬਲਾਕ ਮਾਛੀਵਾੜਾ ਮੀਡੀਆ ਇੰਚਾਰਜ ਵਿਨੀਤ ਕੁਮਾਰ ਝੜੌਦੀ ਨੇ ਕਿਹਾ ਕਿ ਉਹ ਹਲਕਾ ਸਮਰਾਲਾ ਤੋਂ ਕਾਂਗਰਸ ਦੇ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦੇ ਧੰਨਵਾਦੀ ਹਨ।

# ਹਰਪ੍ਰੀਤ ਸਿੰਘ ਨੇ ਨਗਰ ਕੌਂਸਲ ਨਾਭਾ ਦਾ ਸੀਨੀਅਰ ਮੀਤ ਪ੍ਰਧਾਨ ਬਣਨ ਉਪਰੰਤ ਜੱਸੀ ਸੋਹੀਆਂ ਵਾਲਾ ਤੋਂ ਅਸ਼ੀਰਵਾਦ ਲਿਆ



**ਨਾਭਾ, 25 ਜੂਨ**
**-ਹਰਸ਼ਪ੍ਰੀਤ ਕੌਰ-**

ਨਗਰ ਕੌਂਸਲ ਨਾਭਾ ਦੇ ਅਹੁਦੇਦਾਰਾਂ ਦੀ ਅੱਜ ਹੋਈ ਚੋਣ ਵਿੱਚ ਸੀਨੀਅਰ ਕੌਂਸਲਰ ਹਰਪ੍ਰੀਤ ਸਿੰਘ ਨੇ ਸੀਨੀਅਰ ਮੀਤ ਪ੍ਰਧਾਨ ਬਣਨ ਉਪਰੰਤ ਨੇ ਇੰਪਰੂਵਮੈਂਟ ਟਰੱਸਟ ਦੇ ਦਫ਼ਤਰ ਵਿਖੇ ਪੁੱਜਕੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਅਤੇ ਚੋਣ ਦੇ ਅਬਜ਼ਰਵਰ ਨਿਯੁਕਤ ਕੀਤੇ ਗਏ ਜਗਦੀਪ ਸਿੰਘ ਜੱਗਾ ਡਿਪਟੀ ਮੇਅਰ ਪਟਿਆਲਾ ਤੋਂ ਅਸ਼ੀਰਵਾਦ ਲਿਆ। ਇਸ ਮੌਕੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਹਰਪ੍ਰੀਤ ਸਿੰਘ ਦਾ ਸੀਨੀਅਰ ਮੀਤ ਪ੍ਰਧਾਨ ਬਣਨ ਤੇ ਸਨਮਾਨ ਕੀਤਾ ਅਤੇ ਮੂੰਹ ਮਿੱਠਾ ਕਰਵਾਉਂਦੇ ਹੋਏ ਵਧਾਈ ਦਿੱਤੀ। ਇਸ ਮੌਕੇ ਉਨ੍ਹਾਂ ਨੇ ਡਿਪਟੀ ਮੇਅਰ ਜਗਦੀਪ ਸਿੰਘ ਜੱਗਾ ਅਤੇ ਕੌਂਸਲਰ ਉੱਦਮਦੀਪ ਸਿੰਘ ਦਾ ਸਨਮਾਨ ਵੀ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਡਿਪਟੀ ਮੇਅਰ ਜਗਦੀਪ ਸਿੰਘ ਜੱਗਾ ਅਤੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਅੱਜ ਨਗਰ ਕੌਂਸਲ ਤੇ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਅਤੇ ਮੀਤ ਪ੍ਰਧਾਨ ਦੇ ਅਹੁਦਿਆਂ ਉੱਪਰ ਸਰਬ ਸੰਮਤੀ ਨਾਲ ਆਮ ਆਦਮੀ ਪਾਰਟੀ ਦਾ ਕਬਜ਼ਾ ਹੋਇਆ ਹੈ। ਉਨ੍ਹਾਂ ਕਿਹਾ ਕਿ ਨਵ ਨਿਯੁਕਤ ਸਾਰੇ ਹੀ ਅਹੁਦੇਦਾਰ ਸਾਥੀ ਸ਼ਹਿਰ ਦੀ ਤਰੱਕੀ ਤੇ ਖੁਸ਼ਹਾਲੀ ਅਤੇ ਬੇਹਤਰੀ ਲਈ ਇਮਾਨਦਾਰ ਨਾਲ ਕੰਮ ਕਰਨਗੇ ਅਤੇ ਸ਼ਹਿਰ ਵਾਸੀਆਂ ਦੀਆਂ ਸਮੱਸਿਆਂਵਾਂ ਹੱਲ ਕਰਵਾਉਣ ਲਈ ਤਤਪਰ ਰਹਿਣਗੇ। ਉਪਰੋਕਤ ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਨਗਰ ਕੌਂਸਲ ਦੀ ਕਮਾਂਡ ਕੰਮ ਕਰਨ ਵਾਲੇ ਨੌਜਵਾਨਾਂ ਦੇ ਹੱਥਾਂ ਵਿੱਚ ਦਿੱਤੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਯੂਥ ਆਗੂ ਲਾਲੀ ਫਤਿਹਪੁਰ, ਸੁਖਜੀਤ ਸਿੰਘ ਹਾਂਸ, ਕੁਲਦੀਪ ਸਿੰਘ ਰਹਿਲ, ਪਰਮਿੰਦਰ ਸਿੰਘ ਭੰਗੂ ਆਦਿ ਵੀ ਮੌਜੂਦ ਸਨ।

# ਪੰਜਾਬ ਕਾਂਗਰਸ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦਾ ਸਿਆਸੀ ਤੇ ਸਮਾਜਿਕ ਬਾਈਕਾਟ, ਅਸਤੀਫ਼ੇ ਦੀ ਮੰਗ



**ਚੰਡੀਗੜ੍ਹ, 25 ਜੂਨ**
**-ਹਰਮਨਪ੍ਰੀਤ ਕੌਰ-**

ਪੰਜਾਬ ਕਾਂਗਰਸ ਨੇ ਅੱਜ ਵਿਵਾਦਿਤ ਵੀਡੀਓ ਦੇ ਸਬੰਧ 'ਚ ਮੁੱਖ ਮੰਤਰੀ ਭਗਵੰਤ ਮਾਨ ਤੋਂ ਅਸਤੀਫ਼ੇ ਦੀ ਮੰਗ ਕੀਤੀ ਹੈ। ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ 'ਚ ਕਾਂਗਰਸ ਦੀ ਸੀਨੀਅਰ ਲੀਡਰਸ਼ਿਪ ਨੇ ਅੱਜ ਸਮੂਹਿਕ ਤੌਰ 'ਤੇ ਮੁੱਖ ਮੰਤਰੀ ਮਾਨ ਦੀ ਵਿਵਾਦਿਤ ਵੀਡੀਓ ਦੇ ਮਾਮਲੇ 'ਤੇ ਘੇਰਾਬੰਦੀ ਕੀਤੀ। ਵੜਿੰਗ ਨੇ ਕਿਹਾ ਕਿ ਗੁੜਗਾਓ ਦੀ ਫੋਰੈਂਸਿਕ ਲੈਬ ਤੋਂ ਤਿਆਰ ਕਰਵਾਈ ਰਿਪੋਰਟ ਦਾ ਹੁਣ ਸੱਚ ਸਾਹਮਣੇ ਆ ਗਿਆ ਹੈ ਅਤੇ ਹਰਿਆਣਾ ਪੁਲੀਸ ਨੇ ਕੇਸ ਦਰਜ ਕਰਕੇ ਪੰਜਾਬ ਪੁਲੀਸ ਦੇ ਉੱਚ ਅਫ਼ਸਰਾਂ ਵੱਲੋਂ ਬੁਣੇ ਤਾਣੇ ਦੀਆਂ ਤੰਦਾਂ ਉਧੇੜ ਦਿੱਤੀਆਂ ਹਨ।

**ਸਮੁੱਚੀ ਸੰਗਤ ਤੋਂ ਮੁਆਫ਼ੀ ਮੰਗੇ ਮੁੱਖ ਮੰਤਰੀ ਮਾਨ**

ਰਾਜਾ ਵੜਿੰਗ ਨੇ ਕਿਹਾ ਕਿ ਭਗਵੰਤ ਮਾਨ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 15 ਜੂਨ ਨੂੰ ਗੁਰੂ ਦੋਖੀ ਐਲਾਨਿਆ ਗਿਆ ਸੀ । ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਅਕਾਲ ਤਖ਼ਤ ਸਾਹਿਬ ਪੇਸ਼ ਹੋਣ ਅਤੇ ਸਮੁੱਚੀ ਸੰਗਤ ਤੋਂ ਮੁਆਫ਼ੀ ਮੰਗਣ।

ਸ਼੍ਰੋਮਣੀ ਅਕਾਲੀ ਦਲ ਵੱਲੋਂ ਵਿਵਾਦਿਤ ਵੀਡੀਓ 'ਤੇ ਬੋਲੇ ਹੱਲੇ ਮਗਰੋਂ ਅੱਜ ਕਾਂਗਰਸ ਨੇ ਵੀ ਮੁੱਦੇ ਨੂੰ ਚੁੱਕਿਆ ਹੈ। ਇਸ ਮੌਕੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਪੰਜਾਬ ਕਾਂਗਰਸ ਵਿਵਾਦਿਤ ਵੀਡੀਓ ਨੂੰ ਲੈ ਕੇ ਮੁੱਖ ਮੰਤਰੀ ਦਾ ਸਮਾਜਿਕ ਅਤੇ ਸਿਆਸੀ ਤੌਰ 'ਤੇ ਬਾਈਕਾਟ ਕਰਨ ਦਾ ਐਲਾਨ ਕਰਦੀ ਹੈ।

**ਸੀਨੀਅਰ ਅਧਿਕਾਰੀ ਸਵਪਨ ਸ਼ਰਮਾ ਅਤੇ ਜਸ਼ਨਪ੍ਰੀਤ ਸਿੰਘ 'ਤੇ ਵੀ ਕੇਸ ਦਰਜ ਕਰਨ ਦੀ ਮੰਗ**

ਚੰਨੀ ਨੇ ਕਿਹਾ ਕਿ ਮੁੱਖ ਮੰਤਰੀ 'ਤੇ ਇਸ ਮਾਮਲੇ 'ਚ ਪੁਲੀਸ ਕੇਸ ਦਰਜ ਕਰਨਾ ਚਾਹੀਦਾ ਹੈ। ਉਨ੍ਹਾਂ ਲੋਕਾਂ ਨੂੰ ਸੱਦਾ ਦਿੱਤਾ ਕਿ ਮੁੱਖ ਮੰਤਰੀ ਦਾ ਬਾਈਕਾਟ ਕੀਤਾ ਜਾਵੇ। ਪ੍ਰੈੱਸ ਕਾਨਫ਼ਰੰਸ 'ਚ ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਤੋਂ ਇਲਾਵਾ ਪੰਜਾਬ ਪੁਲੀਸ ਦੇ ਸੀਨੀਅਰ ਅਧਿਕਾਰੀ ਸਵਪਨ ਸ਼ਰਮਾ ਅਤੇ ਜਸ਼ਨਪ੍ਰੀਤ ਸਿੰਘ 'ਤੇ ਵੀ ਕੇਸ ਦਰਜ ਕਰਨ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਫੋਰੈਂਸਿਕ ਲੈਬ ਨੂੰ ਪੈਸਾ ਵੀ ਸਰਕਾਰੀ ਖ਼ਜ਼ਾਨੇ ਚੋਂ ਦਿੱਤੇ ਜਾਣ ਦੀ ਜਾਂਚ ਹੋਣੀ ਚਾਹੀਦੀ ਹੈ। ਸਾਬਕਾ ਮੰਤਰੀ ਪਰਗਟ ਸਿੰਘ ਨੇ ਕਿਹਾ ਕਿ ਭਾਜਪਾ ਅਤੇ ਆਮ ਆਦਮੀ ਪਾਰਟੀ ਇੱਕੋ ਸਿੱਕੇ ਦੇ ਦੋ ਪਹਿਲੂ ਹਨ। ਉਨ੍ਹਾਂ ਕਿਹਾ ਕਿ ਇਹ ਸਿਆਸੀ ਪਾਰਟੀਆਂ ਸੰਸਥਾਵਾਂ ਨੂੰ ਤਬਾਹ ਕਰਨ ਦੇ ਰਾਹ ਪਈਆਂ ਹਨ। ਪਰਗਟ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਤੌਹੀਨ ਕੀਤੀ ਹੈ। ਉਨ੍ਹਾਂ ਸਾਰੇ ਵਿਵਾਦਾਂ ਦੀ ਜੜ੍ਹ ਅਰਵਿੰਦ ਕੇਜਰੀਵਾਲ ਨੂੰ ਦੱਸਿਆ।

# ਆਸ਼ਾ ਵਰਕਰਾਂ ਅਤੇ ਆਸ਼ਾ ਫੈਸੀਲੀਟੇਟਰਾਂ ਲਈ 30 ਲੱਖ ਰੁਪਏ ਦਾ ਹਾਦਸਾਗ੍ਰਸਤ ਅਤੇ 5 ਲੱਖ ਰੁਪਏ ਦਾ ਕੁਦਰਤੀ ਮੌਤ ਦਾ ਜੀਵਨ ਬੀਮਾ ਕਵਰ ਯਕੀਨੀ ਬਣਾਇਆ: ਹਰਪਾਲ ਸਿੰਘ ਚੀਮਾ

**ਚੰਡੀਗੜ੍ਹ, 25 ਜੂਨ**
**-ਹਰਮਨਪ੍ਰੀਤ ਕੌਰ-**



ਆਸ਼ਾ ਵਰਕਰਜ਼ ਐਂਡ ਫੈਸੀਲੀਟੇਟਰਜ਼ ਯੂਨੀਅਨ, ਪੰਜਾਬ ਨੇ ਅੱਜ ਪੰਜਾਬ ਦੇ ਵਿੱਤ ਮੰਤਰੀ ਅਤੇ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ, ਐਡਵੋਕੇਟ ਹਰਪਾਲ ਸਿੰਘ ਚੀਮਾ ਦਾ ਉਨ੍ਹਾਂ ਨੂੰ ਇੱਕ ਇਤਿਹਾਸਕ ਜੀਵਨ ਬੀਮਾ ਯੋਜਨਾ ਮੁਹੱਈਆ ਕਰਵਾਉਣ ਵਿੱਚ ਨਿਭਾਈ ਅਹਿਮ ਭੂਮਿਕਾ ਲਈ ਰਸਮੀ ਤੌਰ 'ਤੇ ਡੂੰਘਾ ਧੰਨਵਾਦ ਪ੍ਰਗਟਾਇਆ। ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ ਨਾਲ ਹੋਈਆਂ ਵਿਆਪਕ ਵਿਚਾਰ-ਵਟਾਂਦਰਿਆਂ ਦੀ ਲੜੀ ਦੌਰਾਨ ਵਿੱਤ ਮੰਤਰੀ ਨਾਲ ਮੁਲਾਕਾਤ ਕਰਦਿਆਂ ਯੂਨੀਅਨ ਨੇ ਨਵੇਂ ਲਾਗੂ ਕੀਤੇ ਗਏ ਵਿੱਤੀ ਸੁਰੱਖਿਆ ਉਪਾਵਾਂ ਦਾ ਸਵਾਗਤ ਕੀਤਾ। ਇਸੇ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਟਰਾਂਸਪੋਰਟ, ਖੇਤੀਬਾੜੀ ਅਤੇ ਵਿਦਿਅਕ ਗੈਰ-ਅਧਿਆਪਨ ਯੂਨੀਅਨਾਂ ਦੀਆਂ ਮੰਗਾਂ ਅਤੇ ਮੁੱਦਿਆਂ ਦੀ ਗੰਭੀਰਤਾ ਨਾਲ ਸੁਣਵਾਈ ਕਰਦਿਆਂ ਸਬੰਧਤ ਵਿਭਾਗਾਂ ਨੂੰ ਸੇਵਾਵਾਂ ਨੂੰ ਰੈਗੂਲਰ ਕਰਨ ਅਤੇ ਤਨਖਾਹਾਂ ਵਿੱਚ ਵਾਧੇ ਨਾਲ ਸਬੰਧਤ ਸਾਰੀਆਂ ਜਾਇਜ਼ ਮੰਗਾਂ 'ਤੇ ਤੁਰੰਤ ਕਾਰਵਾਈ ਕਰਨ ਦੇ ਸਖ਼ਤ ਨਿਰਦੇਸ਼ ਜਾਰੀ ਕੀਤੇ।

ਇਸ ਉੱਚ ਪੱਧਰੀ ਮੀਟਿੰਗ ਦੌਰਾਨ ਆਸ਼ਾ ਵਰਕਰਜ਼ ਐਂਡ ਫੈਸੀਲੀਟੇਟਰਜ਼ ਯੂਨੀਅਨ ਦੇ ਨੁਮਾਇੰਦਿਆਂ ਨੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਉਨ੍ਹਾਂ ਦੀ ਭਲਾਈ ਲਈ ਕੀਤੇ ਗਏ ਯਤਨਾਂ ਦੀ ਸ਼ਲਾਘਾ ਕੀਤੀ। ਯੂਨੀਅਨ ਦੇ ਨੁਮਾਇੰਦਿਆਂ ਨੇ ਕਿਹਾ, ਵਿੱਤ ਮੰਤਰੀ ਨੇ ਸੂਬੇ ਭਰ ਦੀਆਂ ਆਸ਼ਾ ਵਰਕਰਾਂ ਅਤੇ ਫੈਸੀਲੀਟੇਟਰਾਂ ਲਈ ਹਾਦਸਾਗ੍ਰਸਤ ਮੌਤ ਦੀ ਸੂਰਤ ਵਿੱਚ 30 ਲੱਖ ਰੁਪਏ ਅਤੇ ਕੁਦਰਤੀ ਮੌਤ ਦੇ ਮਾਮਲੇ ਵਿੱਚ 5 ਲੱਖ ਰੁਪਏ ਦਾ ਜੀਵਨ ਬੀਮਾ ਕਵਰ ਯਕੀਨੀ ਬਣਾਉਣ ਵਿੱਚ ਫੈਸਲਾਕੁੰਨ ਭੂਮਿਕਾ ਨਿਭਾਈ ਹੈ। ਯੂਨੀਅਨ ਨੇ ਕਿਹਾ ਕਿ ਇਸ ਨਾਲ ਉਨ੍ਹਾਂ ਦੀ ਲੰਮੇ ਸਮੇਂ ਤੋਂ ਲਟਕਦੀ ਆ ਰਹੀ ਮੰਗ ਪੂਰੀ ਹੋਈ ਹੈ, ਜਿਸ ਨਾਲ ਮੋਹਰਲੀ ਕਤਾਰ ਦੇ ਹਜ਼ਾਰਾਂ ਸਿਹਤ ਸੰਭਾਲ ਫੈਸੀਲੀਟੇਟਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਮਹੱਤਵਪੂਰਨ ਵਿੱਤੀ ਸੁਰੱਖਿਆ ਮਿਲੇਗੀ।

ਆਪਣਾ ਧੰਨਵਾਦ ਪ੍ਰਗਟ ਕਰਨ ਦੇ ਨਾਲ-ਨਾਲ, ਯੂਨੀਅਨ ਦੀ ਲੀਡਰਸ਼ਿਪ ਨੇ ਕੇਂਦਰ ਸਰਕਾਰ ਵੱਲੋਂ ਬੰਦ ਕੀਤੇ ਗਏ ਕੁਝ ਪ੍ਰਬੰਧਕੀ ਭੱਤਿਆਂ ਬਾਰੇ ਇੱਕ ਹੋਰ ਗੰਭੀਰ ਚਿੰਤਾ ਉਠਾਈ। ਉਨ੍ਹਾਂ ਨੇ ਪੰਜਾਬ ਸਰਕਾਰ ਨੂੰ ਇਸ ਮਾਮਲੇ ਵਿੱਚ ਰਸਮੀ ਤੌਰ 'ਤੇ ਦਖਲ ਦੇਣ ਅਤੇ ਇਨ੍ਹਾਂ ਲਾਭਾਂ ਦੀ ਬਹਾਲੀ ਲਈ ਵਕਾਲਤ ਕਰਨ ਦੀ ਅਪੀਲ ਕੀਤੀ। ਇਸ ਮੁੱਦੇ ਦਾ ਤੁਰੰਤ ਨੋਟਿਸ ਲੈਂਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਨੂੰ ਇਨ੍ਹਾਂ ਬੰਦ ਕੀਤੇ ਭੱਤਿਆਂ ਬਾਰੇ ਇੱਕ ਵਿਆਪਕ ਰਿਪੋਰਟ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਅਤੇ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਸੂਬਾ ਸਰਕਾਰ ਕੇਂਦਰ ਕੋਲ ਇਸ ਮੁੱਦੇ ਨੂੰ ਪੂਰੀ ਮਜ਼ਬੂਤੀ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਉਠਾਏਗੀ।

ਮੁਲਾਜ਼ਮਾਂ ਦੀਆਂ ਸ਼ਿਕਾਇਤਾਂ ਨੂੰ ਹੱਲ ਕਰਨ ਲਈ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਿਆਂ ਵਿੱਤ ਮੰਤਰੀ ਨੇ ਛੇ ਹੋਰ ਪ੍ਰਮੁੱਖ ਮੁਲਾਜ਼ਮ ਜਥੇਬੰਦੀਆਂ ਦੇ ਵਫ਼ਦਾਂ ਨਾਲ ਵੀ ਵਿਸਤ੍ਰਿਤ ਚਰਚਾ ਕੀਤੀ। ਇਨ੍ਹਾਂ ਵਿੱਚ ਕੰਟਰੈਕਟ ਪੀ.ਆਰ.ਟੀ.ਸੀ. ਵਰਕਰਜ਼ ਯੂਨੀਅਨ, ਪੰਜਾਬ ਰੋਡਵੇਜ਼ (ਪਨਬੱਸ) ਸਟੇਟ ਟਰਾਂਸਪੋਰਟ ਵਰਕਰਜ਼ ਯੂਨੀਅਨ, ਪੰਜਾਬ ਰੋਡਵੇਜ਼ ਪਨਬੱਸ/ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ, ਪੰਜਾਬ ਟਰਾਂਸਪੋਰਟ ਸਟਾਫ਼ ਐਸੋਸੀਏਸ਼ਨ, ਸੰਯੁਕਤ ਆਤਮਾ ਪੰਜਾਬ ਐਸੋਸੀਏਸ਼ਨ (ਸਾਪਾ) ਅਤੇ ਟੈੱਟ ਪਾਸ ਨਾਨ-ਟੀਚਿੰਗ ਸਟਾਫ਼ ਯੂਨੀਅਨ ਸ਼ਾਮਲ ਸਨ।

ਇਨ੍ਹਾਂ ਯੂਨੀਅਨਾਂ ਨਾਲ ਹੋਈ ਵਿਚਾਰ-ਵਟਾਂਦਰਾ ਮੁੱਖ ਤੌਰ 'ਤੇ ਠੇਕਾ ਆਧਾਰਿਤ ਸੇਵਾਵਾਂ ਨੂੰ ਰੈਗੂਲਰ ਕਰਨ, ਤਨਖਾਹਾਂ ਦੀ ਸੋਧ ਅਤੇ ਹੋਰ ਲੰਬਿਤ ਵਿਭਾਗੀ ਮਾਮਲਿਆਂ ਵਰਗੇ ਪ੍ਰਮੁੱਖ ਮੁੱਦਿਆਂ 'ਤੇ ਕੇਂਦਰਿਤ ਰਹੀ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਹਰੇਕ ਯੂਨੀਅਨ ਦੀਆਂ ਸ਼ਿਕਾਇਤਾਂ ਨੂੰ ਬਹੁਤ ਧਿਆਨ ਨਾਲ ਸੁਣਿਆ ਅਤੇ ਦੁਹਰਾਇਆ ਕਿ ਸੂਬਾ ਸਰਕਾਰ ਮੁਲਾਜ਼ਮਾਂ ਦੇ ਹਿੱਤਾਂ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਨੇ ਸਬੰਧਤ ਵਿਭਾਗਾਂ ਦੇ ਉੱਚ ਅਧਿਕਾਰੀਆਂ ਨੂੰ ਤੁਰੰਤ ਕਾਰਵਾਈ ਕਰਨ ਅਤੇ ਸਾਰੀਆਂ ਜਾਇਜ਼ ਮੰਗਾਂ ਨੂੰ ਮਿੱਥੇ ਸਮੇਂ ਦੇ ਅੰਦਰ ਹੱਲ ਕਰਨ ਦੇ ਆਦੇਸ਼ ਦਿੱਤੇ। ਮੀਟਿੰਗਾਂ ਦੌਰਾਨ ਆਸ਼ਾ ਵਰਕਰਜ਼ ਐਂਡ ਫੈਸੀਲੀਟੇਟਰਜ਼ ਯੂਨੀਅਨ ਵੱਲੋਂ ਕਿਰਨਦੀਪ ਕੌਰ, ਜਸਵੀਰ ਕੌਰ ਅਤੇ ਪਰਮਜੀਤ ਕੌਰ; ਕੰਟਰੈਕਟ ਪੀ.ਆਰ.ਟੀ.ਸੀ. ਵਰਕਰਜ਼ ਯੂਨੀਅਨ ਵੱਲੋਂ ਹਰਵਿੰਦਰ ਸਿੰਘ, ਗੁਰਧਿਆਨ ਸਿੰਘ ਅਤੇ ਮਨਜਿੰਦਰ ਕੁਮਾਰ; ਪੰਜਾਬ ਰੋਡਵੇਜ਼ (ਪਨਬੱਸ) ਸਟੇਟ ਟਰਾਂਸਪੋਰਟ ਵਰਕਰਜ਼ ਯੂਨੀਅਨ ਵੱਲੋਂ ਹਰਮਿੰਦਰ ਸਿੰਘ, ਲਖਵਿੰਦਰ ਸਿੰਘ, ਬਚਿੱਤਰ ਸਿੰਘ ਅਤੇ ਜਗਦੀਪ ਸਿੰਘ; ਪੰਜਾਬ ਰੋਡਵੇਜ਼ ਪਨਬੱਸ/ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ ਵੱਲੋਂ ਰੇਸ਼ਮ ਸਿੰਘ ਗਿੱਲ, ਸ਼ਮਸ਼ੇਰ ਸਿੰਘ, ਹਰਕੇਸ਼ ਸਿੰਘ ਅਤੇ ਰੋਹੀ ਰਾਮ; ਪੰਜਾਬ ਟਰਾਂਸਪੋਰਟ ਸਟਾਫ਼ ਐਸੋਸੀਏਸ਼ਨ ਵੱਲੋਂ ਹਰਮੀਕ ਸਿੰਘ, ਜਜਿੰਦਰ ਸਿੰਘ, ਸੁਖਚੈਨ ਸਿੰਘ ਅਤੇ ਕੁਲਦੀਪ ਸਿੰਘ; ਸੰਯੁਕਤ ਆਤਮਾ ਪੰਜਾਬ ਐਸੋਸੀਏਸ਼ਨ (ਸਾਪਾ) ਵੱਲੋਂ ਗੁਰਪ੍ਰਤਾਪ ਸਿੰਘ ਔਲਖ, ਸ਼ਮਿੰਦਰ ਸਿੰਘ ਬਰਾੜ, ਵਰਿੰਦਰ ਸਿੰਘ ਅਤੇ ਸਤਨਾਮ ਸਿੰਘ; ਅਤੇ ਟੈੱਟ ਪਾਸ ਨਾਨ-ਟੀਚਿੰਗ ਸਟਾਫ਼ ਯੂਨੀਅਨ ਵੱਲੋਂ ਗੁਰਵਿੰਦਰ ਸਿੰਘ, ਕੁਲਦੀਪ ਸਿੰਘ ਅਤੇ ਮਨਵਿੰਦਰ ਪਾਲ ਨੇ ਆਪਣੀਆਂ ਯੂਨੀਅਨਾਂ ਦੀ ਨੁਮਾਇੰਦਗੀ ਕੀਤੀ।

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 15 ਅਗਸਤ ਤੋਂ ਸਰਪੰਚਾਂ ਲਈ 10,000 ਰੁਪਏ ਮਾਸਿਕ ਮਾਣਭੱਤੇ ਦਾ ਐਲਾਨ

## ➢ ਜਦੋਂ ਪਿੰਡ ਤਰੱਕੀ ਕਰਨਗੇ ਤਾਂ ਪੰਜਾਬ ਤਰੱਕੀ ਕਰੇਗਾ ➢ ਲੋਕ-ਪੱਖੀ ਫੈਸਲੇ ਲੈਂਦੇ ਰਹਾਂਗੇ ਅਤੇ ਲੋਕ ਭਲਾਈ ਲਈ ਕੰਮ ਕਰਦੇ ਰਹਾਂਗੇ ➢ ਪੇਂਡੂ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ, ਇੱਕ-ਇੱਕ ਪੈਸਾ ਪਾਰਦਰਸ਼ੀ ਢੰਗ ਨਾਲ ਖ਼ਰਚਿਆ ਜਾਣਾ ਚਾਹੀਦਾ ਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਬਠਿੰਡਾ, 25 ਜੂਨ**
**-ਗੁਰਤੇਜ ਅਤਲਾ-**

ਜ਼ਮੀਨੀ ਪੱਧਰ 'ਤੇ ਲੋਕਤੰਤਰ ਨੂੰ ਮਜ਼ਬੂਤ ??ਕਰਨ ਅਤੇ ਪਿੰਡਾਂ ਦੀ ਲੀਡਰਸ਼ਿਪ ਨੂੰ ਸ਼ਕਤੀਸ਼ਾਲੀ ਬਣਾਉਣ ਲਈ ਆਪਣੀ ਸਰਕਾਰ ਦੀ ਵਚਨਬੱਧਤਾ ਦੁਹਰਾਉਂਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਰਪੰਚਾਂ ਦੇ ਮਾਣਭੱਤੇ ਵਿੱਚ ਪੰਜ ਗੁਣਾ ਵਾਧਾ ਕਰਦਿਆਂ ਇਸ ਨੂੰ 15 ਅਗਸਤ ਤੋਂ 2,000 ਰੁਪਏ ਤੋਂ ਵਧਾ ਕੇ 10,000 ਰੁਪਏ ਪ੍ਰਤੀ ਮਹੀਨਾ ਕਰਨ ਦਾ ਐਲਾਨ ਕੀਤਾ। ਬਠਿੰਡਾ ਵਿਖੇ ਸਰਪੰਚ ਮਿਲਣੀ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਸਰਪੰਚ ਦਿਨ-ਰਾਤ ਪਿੰਡਾਂ ਦੀ ਸੇਵਾ ਕਰਦੇ ਹਨ ਅਤੇ ਉਹ ਆਪਣੇ ਅਣਮੁੱਲੇ ਯੋਗਦਾਨ ਲਈ ਮਾਣ-ਸਤਿਕਾਰ ਦੇ ਹੱਕਦਾਰ ਹਨ।

ਪਿੰਡਾਂ ਦਾ ਵਿਕਾਸ ਹੀ ਪੰਜਾਬ ਦੀ ਤਰੱਕੀ ਦੀ ਨੀਂਹ ਹੋਣ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਭਰੋਸਾ ਦਿੱਤਾ ਕਿ ਪੇਂਡੂ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਨੇ ਸਰਪੰਚਾਂ ਨੂੰ ਅਪੀਲ ਕੀਤੀ ਕਿ ਉਹ ਖ਼ੁਸ਼ਹਾਲ ਅਤੇ ਰੰਗਲਾ ਪੰਜਾਬ ਸਿਰਜਣ ਦੇ ਸਮੂਹਿਕ ਯਤਨਾਂ ਦੀ ਅਗਵਾਈ ਕਰਦੇ ਹੋਏ ਜਨਤਕ ਪੈਸੇ ਦੀ ਪਾਰਦਰਸ਼ੀ ਵਰਤੋਂ ਯਕੀਨੀ ਬਣਾਉਣ।

ਸੋਸ਼ਲ ਮੀਡੀਆ ਐਕਸ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲਿਖਿਆ, ਅੱਜ ਅਸੀਂ ਇੱਕ ਵੱਡਾ ਫੈਸਲਾ ਲਿਆ ਹੈ। 15 ਅਗਸਤ ਤੋਂ ਪੰਜਾਬ ਦੇ ਹਰ ਸਰਪੰਚ ਨੂੰ 10,000 ਰੁਪਏ ਪ੍ਰਤੀ ਮਹੀਨਾ ਮਾਣਭੱਤਾ ਮਿਲੇਗਾ। ਪੰਚਾਇਤਾਂ ਲੋਕਤੰਤਰ ਦੀ ਪਹਿਲੀ ਪੌੜੀ ਹਨ ਅਤੇ ਸਰਪੰਚ ਦਿਨ-ਰਾਤ ਆਪਣੇ ਪਿੰਡਾਂ ਦੀ ਸੇਵਾ ਕਰਦੇ ਹਨ। ਉਹ ਆਪਣੀ ਸਮਰਪਿਤ ਸੇਵਾ ਲਈ ਸਤਿਕਾਰਯੋਗ ਮਾਣਭੱਤੇ ਦੇ ਹੱਕਦਾਰ ਹਨ। ਇਹ ਵਾਧਾ ਉਨ੍ਹਾਂ ਨੂੰ ਆਪਣੇ ਪਰਿਵਾਰਾਂ ਦਾ ਬਿਹਤਰ ਪਾਲਣ-ਪੋਸ਼ਣ ਕਰਨ ਵਿੱਚ ਮਦਦ ਕਰੇਗਾ ਅਤੇ ਨਾਲ ਹੀ ਉਹ ਆਪਣੇ ਪਿੰਡਾਂ ਦੇ ਵਿਕਾਸ ਲਈ ਹੋਰ ਵੀ ਵੱਡੀ ਵਚਨਬੱਧਤਾ ਨਾਲ ਕੰਮ ਕਰਨ ਦੇ ਯੋਗ ਹੋਣਗੇ। ਜਦੋਂ ਪਿੰਡ ਤਰੱਕੀ ਕਰਨਗੇ ਤਾਂ ਪੰਜਾਬ ਤਰੱਕੀ ਕਰੇਗਾ। ਅਸੀਂ ਲੋਕਾਂ ਦੀ ਭਲਾਈ ਲਈ ਕੰਮ ਕਰਦੇ ਰਹਾਂਗੇ। ਇਹ ਸਾਡਾ ਵਾਅਦਾ ਹੈ।

ਸਰਪੰਚ ਮਿਲਣੀ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਸਰਪੰਚਾਂ ਨੂੰ ਅਗਸਤ ਮਹੀਨੇ ਤੋਂ 10,000 ਰੁਪਏ ਪ੍ਰਤੀ ਮਹੀਨਾ ਮਾਣਭੱਤਾ ਮਿਲੇਗਾ। ਉਨ੍ਹਾਂ ਕਿਹਾ, ਪਿਛਲੀਆਂ ਸਰਕਾਰਾਂ ਨੇ ਸਰਪੰਚਾਂ ਨੂੰ 1,200 ਰੁਪਏ ਮਾਣਭੱਤਾ ਦੇਣ ਦਾ ਵਾਅਦਾ ਕੀਤਾ ਸੀ, ਪਰ ਇਹ ਵਾਅਦਾ ਕਦੇ ਪੂਰਾ ਨਹੀਂ ਹੋਇਆ ਅਤੇ ਉਨ੍ਹਾਂ ਨੂੰ ਇਸ ਲਈ ਦਰ-ਦਰ ਦੀਆਂ ਠੋਕਰਾਂ ਖਾਣੀਆਂ ਪਈਆਂ। ਸਾਡੀ ਸਰਕਾਰ ਨੇ ਸਰਪੰਚਾਂ ਲਈ 2,000 ਰੁਪਏ ਦਾ ਮਾਣਭੱਤਾ ਯਕੀਨੀ ਬਣਾਇਆ ਸੀ, ਜਿਸ ਨੂੰ ਹੁਣ ਵਧਾ ਕੇ 10,000 ਰੁਪਏ ਪ੍ਰਤੀ ਮਹੀਨਾ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਦਾਅਵਾ ਕੀਤਾ, ਪੰਚਾਇਤਾਂ ਨੂੰ ਲੋਕਤੰਤਰ ਦੀ ਨੀਂਹ ਵਜੋਂ ਜਾਣਿਆ ਜਾਂਦਾ ਹੈ ਕਿਉਂਕਿ ਉਨ੍ਹਾਂ ਕੋਲ ਅਥਾਹ ਤਾਕਤ ਹੁੰਦੀ ਹੈ ਅਤੇ ਉਨ੍ਹਾਂ ਦੇ ਫੈਸਲਿਆਂ ਦਾ ਪੂਰੇ ਪਿੰਡ ਵੱਲੋਂ ਸਤਿਕਾਰ ਅਤੇ ਪਾਲਣ ਕੀਤਾ ਜਾਂਦਾ ਹੈ। ਪਿੰਡ ਵਾਸੀਆਂ ਦੇ ਹਿੱਤਾਂ ਦੀ ਰਾਖੀ ਕਰਨਾ ਅਤੇ ਉਨ੍ਹਾਂ ਦੀਆਂ ਉਮੀਦਾਂ ਨੂੰ ਪੂਰਾ ਕਰਨਾ ਸਰਪੰਚਾਂ ਦਾ ਮੁੱਢਲਾ ਫ਼ਰਜ਼ ਹੈ। ਦੇਸ਼ ਦੀ ਲਗਪਗ 70 ਫੀਸਦੀ ਆਬਾਦੀ ਪਿੰਡਾਂ ਵਿੱਚ ਰਹਿੰਦੀ ਹੈ, ਜਿਸ ਕਾਰਨ ਪੰਚਾਇਤੀ ਰਾਜ ਸੰਸਥਾਵਾਂ ਨੂੰ ਲੋਕਤੰਤਰ ਦਾ ਚਾਨਣ-ਮੁਨਾਰਾ ਮੰਨਿਆ ਜਾਂਦਾ ਹੈ।

ਉਨ੍ਹਾਂ ਕਿਹਾ ਕਿ ਪੰਚਾਇਤੀ ਰਾਜ ਸੰਸਥਾਵਾਂ ਸੂਬਾ ਸਰਕਾਰ ਦੀਆਂ ਲੋਕ-ਪੱਖੀ ਅਤੇ ਵਿਕਾਸ-ਮੁਖੀ ਸਕੀਮਾਂ ਦਾ ਲਾਭ ਹੇਠਲੇ ਪੱਧਰ ਤੱਕ ਪਹੁੰਚਾਉਣ ਦਾ ਕੰਮ ਕਰਦੀਆਂ ਹਨ। ਮੁੱਖ ਮੰਤਰੀ ਨੇ ਕਿਹਾ, ਜਿੱਥੇ ਨੀਤੀਆਂ ਸਰਕਾਰ ਵੱਲੋਂ ਬਣਾਈਆਂ ਜਾਂਦੀਆਂ ਹਨ, ਉੱਥੇ ਸਰਪੰਚ ਅਤੇ ਪੰਚ ਉਨ੍ਹਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਵਿੱਚ ਵੱਡੀ ਭੂਮਿਕਾ ਨਿਭਾਉਂਦੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮੈਂ ਸਾਰੇ ਸਰਪੰਚਾਂ ਨੂੰ ਅਪੀਲ ਕਰਦਾ ਹਾਂ ਕਿ ਉਹ ਆਪਣੇ ਆਪ ਨੂੰ ਵਿਕਾਸ ਕਾਰਜਾਂ ਲਈ ਮੁੜ ਸਮਰਪਿਤ ਕਰਨ ਤਾਂ ਜੋ ਲੋਕਾਂ ਨੂੰ ਇਨ੍ਹਾਂ ਦਾ ਲਾਭ ਮਿਲ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਉਨ੍ਹਾਂ ਕਾਰਜਾਂ ਲਈ ਗ੍ਰਾਂਟਾਂ ਜਾਰੀ ਕੀਤੀਆਂ ਜਾ ਰਹੀਆਂ ਹਨ, ਜੋ ਜਨਤਕ ਮਹੱਤਤਾ ਦੇ ਹਨ ਅਤੇ ਜਿਨ੍ਹਾਂ ਦੀ ਸਿੱਧੀ ਨਿਗਰਾਨੀ ਪੰਚਾਇਤਾਂ ਵੱਲੋਂ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ, ਪਿੰਡਾਂ ਦੇ ਵਿਕਾਸ ਦੇ ਵੱਖ-ਵੱਖ ਪ੍ਰਾਜੈਕਟ ਵੀ ਉਨ੍ਹਾਂ ਦੀ ਅਗਵਾਈ ਹੇਠ ਉਲੀਕੇ ਜਾਂਦੇ ਹਨ ਅਤੇ ਸਰਪੰਚਾਂ ਨੂੰ ਇਨ੍ਹਾਂ ਕੰਮਾਂ ਅਤੇ ਸੇਵਾਵਾਂ ਦੀ ਤਨਦੇਹੀ ਨਾਲ ਨੇੜਿਓਂ ਨਿਗਰਾਨੀ ਕਰਨੀ ਚਾਹੀਦੀ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਹਰ ਸਰਪੰਚ ਦਾ ਨੈਤਿਕ ਫ਼ਰਜ਼ ਹੈ ਕਿ ਉਹ ਟੈਕਸ ਦਾਤਾਵਾਂ ਦੇ ਇੱਕ-ਇੱਕ ਪੈਸੇ ਦੀ ਪਾਰਦਰਸ਼ੀ ਢੰਗ ਨਾਲ ਵਰਤੋਂ ਯਕੀਨੀ ਬਣਾਏ।

ਸਰਪੰਚਾਂ ਨੂੰ ਸਪੱਸ਼ਟ ਸੱਦਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਨਜਾਇਜ਼ ਦਖ਼ਲਅੰਦਾਜ਼ੀ ਤੋਂ ਦੂਰ ਰਹਿਣ। ਉਨ੍ਹਾਂ ਕਿਹਾ, ਇਹ ਮੰਦਭਾਗਾ ਹੈ ਕਿ ਅਤੀਤ ਵਿੱਚ ਪਿੰਡਾਂ ਦੇ ਕਈ ਵਿਕਾਸ ਕਾਰਜ ਧੜੇਬੰਦੀ ਕਾਰਨ ਪ੍ਰਭਾਵਿਤ ਹੋਏ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੇਂਡੂ ਖੇਤਰਾਂ ਦਾ ਸਰਵਪੱਖੀ ਵਿਕਾਸ ਯਕੀਨੀ ਬਣਾਉਣ ਲਈ ਸਰਪੰਚਾਂ ਨੂੰ ਪਿੰਡਾਂ ਵਿੱਚੋਂ ਧੜੇਬੰਦੀ ਖ਼ਤਮ ਕਰਨ ਨੂੰ ਮੁੱਖ ਤਰਜੀਹ ਦੇਣੀ ਚਾਹੀਦੀ ਹੈ। ਲੋਕਤੰਤਰ ਵਿੱਚ ਜਿਹੜਾ ਵਿਅਕਤੀ ਜਾਂ ਪਾਰਟੀ ਬਹੁਮਤ ਹਾਸਲ ਕਰਦੀ ਹੈ, ਉਹ ਚੋਣ ਜਿੱਤ ਜਾਂਦੀ ਹੈ, ਪਰ ਇੱਕ ਵਾਰ ਚੁਣੇ ਜਾਣ ਤੋਂ ਬਾਅਦ ਸਰਪੰਚ ਪੂਰੇ ਪਿੰਡ ਦਾ ਹੁੰਦਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਪੰਚਾਂ ਨੂੰ ਹਰ ਨਿਵਾਸੀ ਨਾਲ ਬਰਾਬਰ ਦਾ ਸਲੂਕ ਕਰਨਾ ਚਾਹੀਦਾ ਹੈ ਅਤੇ ਨਿਰਪੱਖ ਹੋ ਕੇ ਫੈਸਲੇ ਲੈਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਕਈ ਸਰਪੰਚਾਂ ਨੇ ਆਪਣੀ ਸਿਆਣਪ ਅਤੇ ਦੂਰਅੰਦੇਸ਼ੀ ਨਾਲ ਆਪਣੇ ਪਿੰਡਾਂ ਦੀ ਨੁਹਾਰ ਬਦਲੀ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਰਪੰਚਾਂ ਨੂੰ ਪਿੰਡਾਂ ਨੂੰ ਨਸ਼ਾ ਮੁਕਤ ਬਣਾਉਣ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ ਅਤੇ ਸਾਡੀ ਨੌਜਵਾਨੀ ਨੂੰ ਨਸ਼ਿਆਂ ਦੀ ਅਲਾਮਤ ਤੋਂ ਬਚਾਉਣ ਵਿੱਚ ਮਦਦ ਕਰਨੀ ਚਾਹੀਦੀ ਹੈ। ਉਨ੍ਹਾਂ ਨੂੰ ਪਿੰਡਾਂ ਵਿੱਚ ਫਿਰਕੂ ਸਦਭਾਵਨਾ, ਸ਼ਾਂਤੀ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ??ਕਰਨ ਲਈ ਵੀ ਅਣਥੱਕ ਕੰਮ ਕਰਨਾ ਚਾਹੀਦਾ ਹੈ। ਮੁੱਖ ਮੰਤਰੀ ਨੇ ਕਿਹਾ, ਪਿੰਡਾਂ ਵਿੱਚ ਵਿਕਾਸ ਅਤੇ ਖ਼ੁਸ਼ਹਾਲੀ ਦੀ ਰਫ਼ਤਾਰ ਨੂੰ ਹੋਰ ਤੇਜ਼ ਕਰਨਾ ਬੇਹੱਦ ਜ਼ਰੂਰੀ ਹੈ। ਸਾਡੀ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਦਿਸ਼ਾ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਰਪੰਚ ਸਰਕਾਰ ਅਤੇ ਪਿੰਡਾਂ ਵਿਚਕਾਰ ਇੱਕ ਪੁਲ ਹਨ। ਪੇਂਡੂ ਪੰਜਾਬ ਦੇ ਵਿਕਾਸ ਅਤੇ ਤਬਦੀਲੀ ਵਿੱਚ ਤੁਹਾਡੀ ਬਹੁਤ ਵੱਡੀ ਭੂਮਿਕਾ ਹੈ। ਸਰਪੰਚਾਂ ਨੂੰ ਪੂਰਨ ਸਹਿਯੋਗ ਦਾ ਭਰੋਸਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿੰਡਾਂ ਵਿੱਚ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਨੇ ਸਰਪੰਚਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਿੰਡਾਂ ਵਿੱਚ ਵਿਕਾਸ ਪ੍ਰਾਜੈਕਟਾਂ ਨੂੰ ਤਰਜੀਹ ਦੇਣ ਤਾਂ ਜੋ ਸੂਬਾ ਸਰਕਾਰ ਬਿਨਾਂ ਕਿਸੇ ਦੇਰੀ ਦੇ ਇਨ੍ਹਾਂ ਨੂੰ ਸ਼ੁਰੂ ਕਰ ਸਕੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਾਰੇ ਸਰਪੰਚਾਂ ਨੂੰ ਰਚਨਾਤਮਕ ਪਹਿਲਕਦਮੀਆਂ ਰਾਹੀਂ ਪਿੰਡਾਂ ਦੀ ਨੁਹਾਰ ਬਦਲਣ ਵਿੱਚ ਸਰਗਰਮ ਭੂਮਿਕਾ ਨਿਭਾਉਣੀ ਚਾਹੀਦੀ ਹੈ ਤਾਂ ਜੋ ਅਸੀਂ ਸਭ ਮਿਲ ਕੇ ਰੰਗਲਾ ਪੰਜਾਬ ਸਿਰਜ ਸਕੀਏ। ਉਨ੍ਹਾਂ ਨੂੰ ਪਿੰਡਾਂ ਨੂੰ ਸਾਫ਼-ਸੁਥਰਾ, ਹਰਾ-ਭਰਾ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਵੀ ਸਖ਼ਤ ਮਿਹਨਤ ਕਰਨੀ ਚਾਹੀਦੀ ਹੈ। ਮੁੱਖ ਮੰਤਰੀ ਨੇ ਕਿਹਾ, ਸਰਪੰਚ ਦੀ ਚੋਣ ਸੂਬੇ ਦੀ ਸਭ ਤੋਂ ਔਖੀ ਚੋਣ ਹੁੰਦੀ ਹੈ ਕਿਉਂਕਿ ਸਰਪੰਚ ਸਿੱਧੇ ਤੌਰ 'ਤੇ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਜੁੜੇ ਰਹਿੰਦੇ ਹਨ। ਇੱਕ ਯੋਗ ਸਰਪੰਚ ਪਿੰਡ ਦੀ ਨੁਹਾਰ ਬਦਲ ਸਕਦਾ ਹੈ ਅਤੇ ਪਿੰਡ ਵਾਸੀਆਂ ਦੀ ਖ਼ੁਸ਼ਹਾਲੀ ਯਕੀਨੀ ਬਣਾ ਸਕਦਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਹ ਸਰਪੰਚ ਮਿਲਣੀ ਪਿੰਡ ਪੱਧਰ ਦੀਆਂ ਸਮੱਸਿਆਵਾਂ ਨੂੰ ਸਮਝਣ ਲਈ ਵਿਲੱਖਣ ਪਹਿਲਕਦਮੀ ਹੈ। ਗ੍ਰਾਂਟਾਂ ਦੀ ਕੋਈ ਕਮੀ ਨਹੀਂ ਹੈ, ਪਰ ਪਿੰਡਾਂ ਦੀ ਭਲਾਈ ਲਈ ਇਨ੍ਹਾਂ ਦੀ ਸਹੀ ਮਾਇਨੇ ਵਿੱਚ ਵਰਤੋਂ ਹੋਣੀ ਚਾਹੀਦੀ ਹੈ। ਇਮਾਨਦਾਰ ਅਤੇ ਸਮਰਪਿਤ ਸਰਪੰਚ ਪਿੰਡ ਦੇ ਵਿਕਾਸ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ। ਪਿਛਲੀਆਂ ਸਰਕਾਰਾਂ ਪਿੰਡਾਂ ਦੀਆਂ ਗ੍ਰਾਂਟਾਂ ਵਿੱਚੋਂ ਹਿੱਸਾ ਲੈਂਦੀਆਂ ਸਨ, ਜਿਸ ਕਾਰਨ ਵਿਕਾਸ ਕਾਰਜ ਪ੍ਰਭਾਵਿਤ ਹੁੰਦੇ ਸਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪਿੰਡਾਂ ਵਿੱਚ ਵੱਡੀ ਮਾਤਰਾ ਵਿੱਚ ਗ੍ਰਾਂਟਾਂ ਪਹੁੰਚ ਰਹੀਆਂ ਹਨ ਅਤੇ ਉਹ ਦਿਨ ਦੂਰ ਨਹੀਂ, ਜਦੋਂ ਪੂਰੇ ਪੰਜਾਬ ਦੇ ਪਿੰਡਾਂ ਦਾ ਮੁਕੰਮਲ ਕਾਇਆ-ਕਲਪ ਦੇਖਣ ਨੂੰ ਮਿਲੇਗਾ।

ਇਨ੍ਹਾਂ ਫੰਡਾਂ ਦੀ ਵਰਤੋਂ ਇਸ ਤਰੀਕੇ ਨਾਲ ਕੀਤੀ ਜਾਣੀ ਚਾਹੀਦੀ ਹੈ, ਜਿਸ ਨਾਲ ਸਮਾਜ ਦੇ ਹਰ ਵਰਗ ਨੂੰ ਫਾਇਦਾ ਹੋਵੇ। ਗਲੀਆਂ ਵਰਗੇ ਹੋਰ ਕੰਮਾਂ ਨੂੰ ਹੱਥ ਵਿੱਚ ਲੈਣ ਤੋਂ ਪਹਿਲਾਂ ਲਾਇਬ੍ਰੇਰੀਆਂ, ਸਕੂਲਾਂ ਦੀ ਉਸਾਰੀ ਅਤੇ ਸੋਲਰ ਲਾਈਟਾਂ ਲਗਾਉਣ ਨੂੰ ਤਰਜੀਹ ਦਿੱਤੀ ਜਾਣੀ ਚਾਹੀਦੀ ਹੈ, ਤਾਂ ਜੋ ਪਿੰਡਾਂ ਦਾ ਸਰਵਪੱਖੀ ਵਿਕਾਸ ਯਕੀਨੀ ਬਣਾਇਆ ਜਾ ਸਕੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੰਤ ਵਿੱਚ ਕਿਹਾ, ਪੰਜਾਬ ਦੇ ਵਿਕਾਸ ਨੂੰ ਤੇਜ਼ ਕਰਨ ਅਤੇ ਸੂਬੇ ਨੂੰ ਦੇਸ਼ ਵਿੱਚ ਮੋਹਰੀ ਬਣਾਉਣ ਲਈ ਇਹ ਬਹੁਤ ਜ਼ਰੂਰੀ ਹੈ। ਸਾਡੀ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਅਤੇ ਲੋਕਾਂ ਦੀ ਖ਼ੁਸ਼ਹਾਲੀ ਲਈ ਸਰਪੰਚਾਂ ਨੂੰ ਪੂਰਾ ਸਹਿਯੋਗ ਦੇਵੇਗੀ।



## ਚੇਅਰਮੈਨ ਪੀ.ਆਰ.ਟੀ.ਸੀ. ਨੇ ਬੁਢਲਾਡਾ ਬੱਸ ਸਟੈਂਡ ਅਤੇ ਡਿਪੂ/ਵਰਕਸ਼ਾਪ ਦੀਆਂ ਬੁਨਿਆਦੀ ਸਹੂਲਤਾਂ ਸੁਧਾਰਨ ਲਈ ਦਿੱਤਾ ਅਮਲੀ ਰੂਪ



**ਪਟਿਆਲਾ, 25 ਜੂਨ**
**-ਛਤਰਪਾਲ ਸਿੰਘ-**

ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੀ ਸਰਪ੍ਰਸਤੀ ਅਤੇ ਯੋਗ ਅਗਵਾਈ ਹੇਠ ਅਤੇ ਸ. ਹਰਪਾਲ ਸਿੰਘ ਚੀਮਾ, ਟਰਾਂਸਪੋਰਟ ਮੰਤਰੀ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਰਾਜ ਦੇ ਬੱਸ ਸਟੈਂਡਾਂ ਵਿਖੇ ਯਾਤਰੀਆਂ ਨੂੰ ਬਿਹਤਰ, ਸੁਚੱਜੀਆਂ ਅਤੇ ਆਧੁਨਿਕ ਆਵਾਜਾਈ ਸਹੂਲਤਾਂ ਪ੍ਰਦਾਨ ਕਰਨ ਲਈ ਪੀ.ਆਰ.ਟੀ.ਸੀ. ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

ਇਸੇ ਕੜੀ ਤਹਿਤ ਚੇਅਰਮੈਨ ਪੀ.ਆਰ.ਟੀ.ਸੀ. ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਮਿਤੀ 27 ਮਈ 2026 ਨੂੰ ਬੁਢਲਾਡਾ ਬੱਸ ਸਟੈਂਡ ਅਤੇ ਡਿਪੂ/ਵਰਕਸ਼ਾਪ ਦਾ ਅਚਨਚੇਤ ਨਿਰੀਖਣ ਕੀਤਾ ਗਿਆ । ਨਿਰੀਖਣ ਦੌਰਾਨ ਉਨ੍ਹਾਂ ਨੇ ਯਾਤਰੀਆਂ ਅਤੇ ਮੁਲਾਜ਼ਮਾਂ ਨਾਲ ਸਿੱਧੀ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ, ਲੋੜਾਂ ਅਤੇ ਸੁਝਾਵਾਂ ਬਾਰੇ ਜਾਣਕਾਰੀ ਹਾਸਲ ਕੀਤੀ। ਸਵਾਰੀਆਂ ਅਤੇ ਸਟਾਫ਼ ਵੱਲੋਂ ਉਠਾਏ ਗਏ ਮੁੱਦਿਆਂ ਦਾ ਗੰਭੀਰ ਨੋਟਿਸ ਲੈਂਦਿਆਂ ਚੇਅਰਮੈਨ ਵੱਲੋਂ ਸਬੰਧਤ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਤੁਰੰਤ ਕਾਰਵਾਈ ਕਰਨ ਲਈ ਹਦਾਇਤਾਂ ਜਾਰੀ ਕੀਤੀਆਂ ਗਈਆਂ ਸਨ।

ਚੇਅਰਮੈਨ ਪੀ.ਆਰ.ਟੀ.ਸੀ. ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਸ਼੍ਰੀਮਤੀ ਮਨੀਸ਼ਾ ਰਾਣਾ, ਆਈ.ਏ.ਐਸ., ਮੈਨੇਜਿੰਗ ਡਾਇਰੈਕਟਰ, ਪੀ.ਆਰ.ਟੀ.ਸੀ. ਅਤੇ ਇੰਜੀਨੀਅਰ ਜਤਿੰਦਰਪਾਲ ਸਿੰਘ ਗਰੇਵਾਲ, ਕਾਰਜਕਾਰੀ ਇੰਜੀਨੀਅਰ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਬੁਢਲਾਡਾ ਵਿਖੇ ਨਵੇਂ ਪ੍ਰਬੰਧਕੀ ਬਲਾਕ ਦੀ ਉਸਾਰੀ, ਡਿਪੂ/ਵਰਕਸ਼ਾਪ ਅਤੇ ਬੱਸ ਸਟੈਂਡ ਦੇ ਟਾਇਲਟ ਬਲਾਕਾਂ ਦੀ ਮੁਰੰਮਤ, ਯਾਤਰੀਆਂ ਲਈ ਪੀਣ ਵਾਲੇ ਸਾਫ਼ ਪਾਣੀ ਦੀ ਸਹੂਲਤ ਵਾਸਤੇ ਨਵੇਂ ਆਰ.ਓ. ਸਿਸਟਮ ਅਤੇ ਵਾਟਰ ਕੂਲਰ ਦੀ ਸਥਾਪਨਾ, ਲਾਈਟਾਂ, ਪੱਖਿਆਂ ਅਤੇ ਹੋਰ ਲੋੜੀਂਦੀਆਂ ਬੁਨਿਆਦੀ ਸਹੂਲਤਾਂ ਨੂੰ ਮੁਕੰਮਲ ਤੌਰ 'ਤੇ ਦਰੁਸਤ ਕਰਨ ਸਬੰਧੀ ਸਿਵਲ ਇੰਜੀਨੀਅਰਿੰਗ ਸੈੱਲ ਵੱਲੋਂ ਤਿਆਰ ਕੀਤੀਆਂ ਤਜਵੀਜ਼ਾਂ ਅਤੇ ਤਖ਼ਮੀਨਿਆਂ ਨੂੰ ਪ੍ਰਵਾਨਗੀ ਦਿੱਤੀ ਗਈ।

ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਕਿਹਾ ਕਿ ਇਨ੍ਹਾਂ ਵਿਕਾਸ ਕਾਰਜਾਂ ਲਈ ਟੈਂਡਰ ਪ੍ਰਕਿਰਿਆ ਨੂੰ ਜਲਦ ਤੋਂ ਜਲਦ ਮੁਕੰਮਲ ਕਰਕੇ ਕੰਮਾਂ ਦੀ ਸ਼ੁਰੂਆਤ ਕਰਵਾਈ ਜਾਵੇਗੀ, ਤਾਂ ਜੋ ਯਾਤਰੀਆਂ ਅਤੇ ਕਰਮਚਾਰੀਆਂ ਨੂੰ ਵਧੀਆ ਸਹੂਲਤਾਂ ਉਪਲਬਧ ਕਰਵਾਈਆਂ ਜਾ ਸਕਣ।

ਉਨ੍ਹਾਂ ਕਿਹਾ ਕਿ ਪੰਜਾਬ ਰਾਜ ਅੰਦਰ ਪੀ.ਆਰ.ਟੀ.ਸੀ. ਦੇ ਸਮੂਹ ਬੱਸ ਸਟੈਂਡਾਂ, ਡਿਪੂਆਂ ਅਤੇ ਵਰਕਸ਼ਾਪਾਂ ਦੀ ਮੁਰੰਮਤ ਅਤੇ ਆਧੁਨਿਕੀਕਰਨ ਲਈ ਵੀ ਵਿਆਪਕ ਯੋਜਨਾ ਉਲੀਕੀ ਗਈ ਹੈ ਅਤੇ ਇਸ ਸਬੰਧੀ ਕੰਮ ਜਲਦ ਸ਼ੁਰੂ ਕਰਵਾਏ ਜਾਣਗੇ। ਉਨ੍ਹਾਂ ਦੁਹਰਾਇਆ ਕਿ ਯਾਤਰੀਆਂ ਨੂੰ ਸੁਰੱਖਿਅਤ, ਆਰਾਮਦਾਇਕ ਅਤੇ ਗੁਣਵੱਤਾ ਭਰੀਆਂ ਆਵਾਜਾਈ ਸੇਵਾਵਾਂ ਪ੍ਰਦਾਨ ਕਰਨਾ ਪੰਜਾਬ ਸਰਕਾਰ ਅਤੇ ਪੀ.ਆਰ.ਟੀ.ਸੀ. ਦੀ ਪ੍ਰਮੁੱਖ ਤਰਜੀਹ ਹੈ।

## ਪੰਜਾਬੀ ਪ੍ਰਵਾਸੀਆਂ ਦੇ ਮਸਲਿਆਂ ਦਾ ਪਾਰਦਰਸ਼ੀ, ਨਿਰਪੱਖ ਅਤੇ ਸਮਾਂਬੱਧ ਨਿਪਟਾਰਾ ਯਕੀਨੀ ਬਣਾਇਆ ਜਾਵੇਗਾ: ਡਾ. ਰਵਜੋਤ ਸਿੰਘ

**ਮੁਹਾਲੀ, 25 ਜੂਨ**
**- ਸ਼.ਅ.ਬਿਓਰੋ-**

ਪੰਜਾਬ ਦੇ ਐਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਹੈ ਕਿ ਪੰਜਾਬੀ ਪ੍ਰਵਾਸੀਆਂ ਨਾਲ ਸਬੰਧਤ ਹਰ ਮਸਲੇ ਦਾ ਹੱਲ ਪੂਰੀ ਪਾਰਦਰਸ਼ਤਾ, ਮੈਰਿਟ ਅਤੇ ਮਿੱਥੇ ਸਮੇਂ ਅੰਦਰ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਦੀਆਂ ਸਮੱਸਿਆਵਾਂ ਦੇ ਪ੍ਰਭਾਵਸ਼ਾਲੀ ਅਤੇ ਤੁਰੰਤ ਨਿਪਟਾਰੇ ਲਈ ਪੰਜਾਬ ਸਰਕਾਰ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਐਮਿਟੀ ਯੂਨੀਵਰਸਿਟੀ, ਮੋਹਾਲੀ ਵਿਖੇ ਕਰਵਾਈ ਗਈ 'ਐਨ.ਆਰ.ਆਈ. ਮਿਲਣੀ-2026' ਦੌਰਾਨ ਪ੍ਰਵਾਸੀ ਪੰਜਾਬੀਆਂ ਨੂੰ ਸੰਬੋਧਨ ਕਰਦਿਆਂ ਡਾ. ਰਵਜੋਤ ਸਿੰਘ ਨੇ ਕਿਹਾ ਕਿ ਇਸ ਵਿਸ਼ੇਸ਼ ਮਿਲਣੀ ਦਾ ਉਦੇਸ਼



ਐਨ.ਆਰ.ਆਈਜ਼ ਦੀਆਂ ਸਮੱਸਿਆਵਾਂ ਨੂੰ ਮੌਕੇ 'ਤੇ ਸੁਣਨਾ ਅਤੇ ਉਨ੍ਹਾਂ ਦੇ ਹੱਲ ਲਈ ਸਬੰਧਤ ਅਧਿਕਾਰੀਆਂ ਨਾਲ ਤੁਰੰਤ ਕਾਰਵਾਈ ਯਕੀਨੀ ਬਣਾਉਣਾ ਹੈ।

ਇਸ ਮਿਲਣੀ ਵਿੱਚ ਐਸ.ਏ.ਐਸ. ਨਗਰ (ਮੋਹਾਲੀ), ਰੂਪਨਗਰ, ਪਟਿਆਲਾ ਅਤੇ ਫਤਹਿਗੜ੍ਹ ਸਾਹਿਬ ਜ਼ਿਲ੍ਹਿਆਂ ਨਾਲ ਸਬੰਧਤ ਵੱਡੀ ਗਿਣਤੀ ਵਿੱਚ ਪ੍ਰਵਾਸੀ ਪੰਜਾਬੀਆਂ ਨੇ ਹਿੱਸਾ ਲਿਆ। ਇਸ ਮੌਕੇ ਐਨ.ਆਰ.ਆਈ. ਮਾਮਲਿਆਂ ਦੇ ਸਕੱਤਰ ਮੁਹੰਮਦ ਤਈਅਬ, ਏ.ਡੀ.ਜੀ.ਪੀ. ਐਨ.ਆਰ.ਆਈ. ਵਿੰਗ ਪੰਜਾਬ ਆਰ.ਕੇ. ਜੈਸਵਾਲ, ਕਮਿਸ਼ਨਰ ਪਟਿਆਲਾ ਡਿਵੀਜ਼ਨ-ਕਮ-ਚੇਅਰਮੈਨ ਐਨ.ਆਰ.ਆਈ. ਸਭਾ ਜਲੰਧਰ ਵਿਨੇ ਬੁਬਲਾਨੀ, ਵਿਸ਼ੇਸ਼ ਸਕੱਤਰ ਐਨ.ਆਰ.ਆਈ. ਅਮਨਦੀਪ ਕੌਰ, ਡਿਪਟੀ ਕਮਿਸ਼ਨਰ ਐਸ.ਏ.ਐਸ. ਨਗਰ ਕੋਮਲ ਮਿੱਤਲ, ਐਸ.ਐਸ.ਪੀ. ਰੂਪਨਗਰ ਮਨਿੰਦਰ ਸਿੰਘ ਅਤੇ ਸਬੰਧਤ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

ਮੀਡੀਆ ਨਾਲ ਗੱਲਬਾਤ ਕਰਦਿਆਂ ਡਾ. ਰਵਜੋਤ ਸਿੰਘ ਨੇ ਕਿਹਾ ਕਿ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀ ਆਪਣੀ ਮਿੱਟੀ, ਸੱਭਿਆਚਾਰ ਅਤੇ ਵਿਰਸੇ ਨਾਲ ਡੂੰਘਾ ਨਾਤਾ ਰੱਖਦੇ ਹਨ ਅਤੇ ਉਨ੍ਹਾਂ ਨੇ ਦੁਨੀਆ ਭਰ ਵਿੱਚ ਪੰਜਾਬ ਅਤੇ ਭਾਰਤ ਦਾ ਨਾਮ ਰੌਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਐਨ.ਆਰ.ਆਈਜ਼ ਨਾਲ ਸਬੰਧਤ ਹਰ ਮਾਮਲੇ ਦੀ ਨਿਰਪੱਖ, ਪਾਰਦਰਸ਼ੀ ਅਤੇ ਸਮਾਂਬੱਧ ਢੰਗ ਨਾਲ ਸੁਣਵਾਈ ਅਤੇ ਨਿਪਟਾਰਾ ਯਕੀਨੀ ਬਣਾਇਆ ਜਾ ਰਿਹਾ ਹੈ।

ਐਨ.ਆਰ.ਆਈ. ਮੰਤਰੀ ਨੇ ਦੱਸਿਆ ਕਿ ਜਨਵਰੀ 2022 ਤੋਂ ਮਈ 2026 ਤੱਕ ਐਨ.ਆਰ.ਆਈ. ਵਿਭਾਗ ਕੋਲ ਕੁੱਲ 26,828 ਸ਼ਿਕਾਇਤਾਂ ਪ੍ਰਾਪਤ ਹੋਈਆਂ, ਜਿਨ੍ਹਾਂ ਵਿੱਚੋਂ 25,870 ਦਾ ਨਿਪਟਾਰਾ ਕੀਤਾ ਜਾ ਚੁੱਕਾ ਹੈ। ਇਸ ਦੌਰਾਨ 1,187 ਐਫ.ਆਈ.ਆਰਜ਼ ਦਰਜ ਕੀਤੀਆਂ ਗਈਆਂ ਅਤੇ 1,451 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਹ ਅੰਕੜੇ ਪੰਜਾਬ ਸਰਕਾਰ ਦੀ ਐਨ.ਆਰ.ਆਈਜ਼ ਦੇ ਮਸਲਿਆਂ ਦੇ ਹੱਲ ਪ੍ਰਤੀ ਗੰਭੀਰਤਾ ਅਤੇ ਵਚਨਬੱਧਤਾ ਨੂੰ ਦਰਸਾਉਂਦੇ ਹਨ। ਉਨ੍ਹਾਂ ਦੱਸਿਆ ਕਿ ਪ੍ਰਵਾਸੀ ਪੰਜਾਬੀਆਂ ਵੱਲੋਂ ਮੁੱਖ ਤੌਰ 'ਤੇ ਪ੍ਰਾਪਰਟੀ ਵਿਵਾਦਾਂ, ਜ਼ਮੀਨਾਂ 'ਤੇ ਗੈਰ-ਕਾਨੂੰਨੀ ਕਬਜ਼ਿਆਂ, ਦਸਤਾਵੇਜ਼ੀ ਤਰੁੱਟੀਆਂ ਅਤੇ ਵਿਆਹੁਤਾ ਮਾਮਲਿਆਂ ਸਬੰਧੀ ਸ਼ਿਕਾਇਤਾਂ ਦਰਜ ਕਰਵਾਈਆਂ ਜਾਂਦੀਆਂ ਹਨ। ਉਨ੍ਹਾਂ ਦੱਸਿਆ ਕਿ ਹਰ ਸਾਲ ਲਗਭਗ 5,000 ਤੋਂ 6,000 ਸ਼ਿਕਾਇਤਾਂ ਪ੍ਰਾਪਤ ਹੁੰਦੀਆਂ ਹਨ, ਜਿਨ੍ਹਾਂ ਵਿੱਚੋਂ ਵੱਡੀ ਗਿਣਤੀ ਦਾ ਨਿਪਟਾਰਾ ਆਪਸੀ ਸਹਿਮਤੀ ਜਾਂ ਕਾਨੂੰਨੀ ਪ੍ਰਕਿਰਿਆ ਰਾਹੀਂ ਕਰਵਾਇਆ ਜਾਂਦਾ ਹੈ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਜਿਨ੍ਹਾਂ ਮਾਮਲਿਆਂ ਦਾ ਨਿਪਟਾਰਾ ਲੰਬੇ ਸਮੇਂ ਤੋਂ ਲੰਬਿਤ ਹੈ ਜਾਂ ਜਿਨ੍ਹਾਂ ਵਿੱਚ ਸੁਣਵਾਈ ਦੀ ਪ੍ਰਕਿਰਿਆ ਧੀਮੀ ਹੈ, ਉਨ੍ਹਾਂ ਦੀ ਉਹ ਖ਼ੁਦ ਨਿਗਰਾਨੀ ਕਰ ਰਹੇ ਹਨ ਅਤੇ ਸਬੰਧਤ ਅਧਿਕਾਰੀਆਂ ਨਾਲ ਨਿਯਮਿਤ ਤੌਰ 'ਤੇ ਸਮੀਖਿਆ ਕਰਕੇ ਹੱਲ ਯਕੀਨੀ ਬਣਾ ਰਹੇ ਹਨ।

ਕੈਨੇਡਾ ਵਿੱਚ 'ਕੰਟਰੈਕਟ ਮੈਰਿਜ' ਅਤੇ ਜਾਅਲੀ ਦਸਤਾਵੇਜ਼ਾਂ ਦੇ ਆਧਾਰ 'ਤੇ ਵਰਕ ਪਰਮਿਟ ਜਾਂ ਸਥਾਈ ਨਿਵਾਸ (ਪੀ.ਆਰ.) ਹਾਸਲ ਕਰਨ ਦੇ ਮਾਮਲਿਆਂ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਗੰਭੀਰ ਅਤੇ ਰਾਸ਼ਟਰੀ ਪੱਧਰ ਦਾ ਮੁੱਦਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਸਬੰਧਤ ਕਾਨੂੰਨੀ ਵਿਵਸਥਾ ਸੰਸਦ ਦੇ ਅਧਿਕਾਰ ਖੇਤਰ ਵਿੱਚ ਆਉਂਦੀ ਹੈ, ਪਰ ਪੰਜਾਬ ਵਿੱਚ ਵੱਧ ਰਹੇ ਅਜਿਹੇ ਮਾਮਲਿਆਂ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਸਰਕਾਰ ਇਸ ਵਿਸ਼ੇ 'ਤੇ ਗੰਭੀਰਤਾ ਨਾਲ ਕੰਮ ਕਰ ਰਹੀ ਹੈ ਅਤੇ ਇਸ ਦੇ ਸਥਾਈ ਹੱਲ ਲਈ ਕੇਂਦਰ ਸਰਕਾਰ ਕੋਲ ਪੰਜਾਬ ਦਾ ਪੱਖ ਮਜ਼ਬੂਤੀ ਨਾਲ ਰੱਖਿਆ ਜਾਵੇਗਾ।

## ਵਿਜੀਲੈਂਸ ਬਿਊਰੋ ਵੱਲੋਂ ਇੰਸਪੈਕਟਰ 70,000 ਰੁਪਏ ਅਤੇ ਜੂਨੀਅਰ ਆਡੀਟਰ 50,000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਕਾਬੂ



**ਚੰਡੀਗੜ੍ਹ, 25 ਜੂਨ**
**-ਸੰਜੀਵ ਸ਼ਰਮਾ-**

ਪੰਜਾਬ ਵਿਜੀਲੈਂਸ ਬਿਊਰੋ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅਪਣਾਈ ਗਈ ਜ਼ੀਰੋ ਟਾਲਰੈਂਸ ਨੀਤੀ ਅਨੁਸਾਰ, ਖੁਰਾਕ ਅਤੇ ਸਿਵਲ ਸਪਲਾਈ ਵਿਭਾਗ, ਭੋਗਪੁਰ ਜ਼ਿਲ੍ਹਾ ਜਲੰਧਰ ਵਿਖੇ ਤਾਇਨਾਤ ਇੰਸਪੈਕਟਰ ਰਜਨੀਸ਼ ਰਾਮਪਾਲ ਅਤੇ ਜ਼ਿਲ੍ਹਾ ਕੰਟਰੋਲਰ, ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ, ਜਲੰਧਰ ਵਿਖੇ ਤਾਇਨਾਤ ਜੂਨੀਅਰ ਆਡੀਟਰ ਮਾਨਵ ਭਨੋਟ ਨੂੰ ਖ਼ਰੀਫ਼ ਸੀਜ਼ਨ 2025-26 ਦੌਰਾਨ ਕਸਟਮ ਮਿਲਿੰਗ ਲਈ ਅਲਾਟ ਕੀਤੇ ਝੋਨੇ ਦੇ ਭੰਡਾਰਨ ਨੂੰ ਮੁਕੰਮਲ ਕਰਨ ਸਬੰਧੀ ਰਿਸ਼ਵਤ ਮੰਗਣ ਅਤੇ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀਆਂ ਮੁੱਖ ਮੰਤਰੀ ਦੇ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਪੋਰਟਲ 'ਤੇ ਚੀਮਾ ਮੰਡੀ, ਤਹਿਸੀਲ ਸੁਨਾਮ, ਜ਼ਿਲ੍ਹਾ ਸੰਗਰੂਰ ਦੇ ਇੱਕ ਵਸਨੀਕ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਤੋਂ ਬਾਅਦ ਕੀਤੀਆਂ ਗਈਆਂ ਹਨ।

ਉਨ੍ਹਾਂ ਕਿਹਾ ਕਿ ਇੱਕ ਸ਼ਿਕਾਇਤ ਦੀ ਪੜਤਾਲ ਦੌਰਾਨ ਇਹ ਪਾਇਆ ਗਿਆ ਕਿ ਮੁਲਜ਼ਮ ਰਜਨੀਸ਼ ਰਾਮਪਾਲ ਨੇ ਸ਼ਿਕਾਇਤਕਰਤਾ ਦੇ ਸ਼ੈਲਰ ਵਿੱਚ ਝੋਨੇ ਦੇ ਭੰਡਾਰਨ ਨੂੰ ਮੁਕੰਮਲ ਕਰਨ ਲਈ ਸ਼ਿਕਾਇਤਕਰਤਾ ਤੋਂ ਰਿਸ਼ਵਤ ਦੀ ਪਹਿਲੀ ਕਿਸ਼ਤ ਵਜੋਂ 50,000 ਰੁਪਏ ਲਏ ਸਨ ਅਤੇ ਬਾਅਦ ਵਿੱਚ ਗੁਰਵਿੰਦਰ ਸਿੰਘ, ਏਐਫਐਸਓ, ਖੁਰਾਕ ਅਤੇ ਸਿਵਲ ਸਪਲਾਈ ਵਿਭਾਗ, ਭੋਗਪੁਰ ਦੇ ਨਾਮ 'ਤੇ ਰਿਸ਼ਵਤ ਦੀ ਦੂਜੀ ਕਿਸ਼ਤ ਵਜੋਂ 20,000 ਰੁਪਏ ਲਏ ਸਨ।

ਉਨ੍ਹਾਂ ਅੱਗੇ ਕਿਹਾ ਕਿ ਦੋਸ਼ੀ ਮਾਨਵ ਭਨੋਟ, ਜੂਨੀਅਰ ਆਡੀਟਰ, ਨੇ ਸ਼ਿਕਾਇਤਕਰਤਾ ਤੋਂ ਆਪਣੇ ਲਈ ਅਤੇ ਨਰਿੰਦਰ ਸਿੰਘ, ਜ਼ਿਲ੍ਹਾ ਕੰਟਰੋਲਰ, ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ, ਜਲੰਧਰ ਦੇ ਨਾਮ 'ਤੇ ਸ਼ਿਕਾਇਤਕਰਤਾ ਦੇ ਸ਼ੈਲਰ ਵਿੱਚ ਝੋਨੇ ਦੀ ਸਟੋਰੇਜ ਪੂਰੀ ਕਰਨ ਲਈ ਰਿਸ਼ਵਤ ਵਜੋਂ 50,000 ਰੁਪਏ ਲਏ ਸਨ।

ਇਸ ਸਬੰਧੀ ਸ਼ਿਕਾਇਤਕਰਤਾ ਵੱਲੋਂ ਤਿਆਰ ਕੀਤੀਆਂ ਗਈਆਂ ਵੀਡੀਓ ਰਿਕਾਰਡਿੰਗਾਂ ਨੇ ਦੋਵਾਂ ਮੁਲਜ਼ਮਾਂ ਵਿਰੁੱਧ ਦੋਸ਼ਾਂ ਨੂੰ ਸਾਬਤ ਕੀਤਾ।

ਇਸ ਸਬੰਧੀ ਇਨ੍ਹਾਂ ਮੁਲਜ਼ਮਾਂ ਵਿਰੁੱਧ ਵਿਜੀਲੈਂਸ ਬਿਊਰੋ ਥਾਣਾ ਜਲੰਧਰ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਜਾਂਚ ਦੌਰਾਨ ਹੋਰ ਸ਼ੱਕੀ ਅਧਿਕਾਰੀਆਂ/ਕਰਮਚਾਰੀਆਂ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

## ਫਰਾਂਸ ਵਿੱਚ ਪ੍ਰਸਤਾਵਿਤ ਚੰਡੀਗੜ੍ਹ ਵਿਰਾਸਤ ਫਰਨੀਚਰ ਦੀ ਨਿਲਾਮੀ ਰੋਕੀ ਗਈ

**ਚੰਡੀਗੜ੍ਹ, 25 ਜੂਨ**
**-ਸੰਜੀਵ ਸ਼ਰਮਾ-**

ਚੰਡੀਗੜ੍ਹ ਦੀ ਵਿਰਾਸਤ ਨਾਲ ਜੁੜੇ ਫਰਨੀਚਰ ਦੀ 25 ਜੂਨ 2026 ਨੂੰ ਪੈਰਿਸ (ਫਰਾਂਸ) ਵਿੱਚ ਪ੍ਰਸਤਾਵਿਤ ਨਿਲਾਮੀ ਨੂੰ ਚੰਡੀਗੜ੍ਹ ਪ੍ਰਸ਼ਾਸਨ ਦੇ ਤੁਰੰਤ ਦਖ਼ਲ ਤੋਂ ਬਾਅਦ ਰੋਕ ਦਿੱਤਾ ਗਿਆ ਹੈ। ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਦੇ ਨਿਰਦੇਸ਼ਾਂ ਅਤੇ ਮੁੱਖ ਸਕੱਤਰ ਸ਼੍ਰੀ ਐੱਚ ਰਾਜੇਸ਼ ਪ੍ਰਸਾਦ ਦੇ ਮਾਰਗਦਰਸ਼ਨ ਵਿੱਚ ਚੰਡੀਗੜ੍ਹ ਪ੍ਰਸ਼ਾਸਨ ਦੇ ਸੱਭਿਆਚਾਰ ਵਿਭਾਗ ਨੇ ਇਸ ਮਾਮਲੇ ਨੂੰ ਤਤਕਾਲ ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਦੇ ਸਾਹਮਣੇ ਉਠਾਇਆ ਅਤੇ ਕੂਟਨੀਤਕ ਦਖ਼ਲ ਦੀ ਬੇਨਤੀ ਕੀਤੀ।

ਵਿਦੇਸ਼ ਮੰਤਰਾਲੇ ਨੇ ਅੱਜ ਜਾਣੂ ਕਰਵਾਇਆ ਕਿ ਫਰਾਂਸ ਸਥਿਤ ਭਾਰਤੀ ਦੂਤਾਵਾਸ ਦੇ ਦਖ਼ਲ ਤੋਂ ਬਾਅਦ ਸਬੰਧਿਤ ਵਸਤੂਆਂ ਨੂੰ ਨਿਲਾਮੀ ਤੋਂ ਵਾਪਸ ਲੈ ਲਿਆ ਗਿਆ ਹੈ। ਚੰਡੀਗੜ੍ਹ ਪ੍ਰਸ਼ਾਸਨ ਨੇ ਵਿਦੇਸ਼ ਮੰਤਰਾਲੇ, ਫਰਾਂਸ ਸਥਿਤ ਭਾਰਤੀ ਦੂਤਾਵਾਸ ਅਤੇ ਸਾਰੇ ਸਬੰਧਿਤ ਅਧਿਕਾਰੀਆਂ ਦਾ ਆਭਾਰ ਵਿਅਕਤ ਕਰਦੇ ਹੋਏ ਕਿਹਾ ਕਿ ਇਨ੍ਹਾਂ ਵਿਰਾਸਤ ਵਸਤੂਆਂ ਦੀ ਤਸਦੀਕ, ਪੁਨਰ-ਪ੍ਰਾਪਤੀ ਅਤੇ ਭਾਰਤ ਵਾਪਸੀ ਹਿਤ ਜ਼ਰੂਰੀ ਕਦਮ ਅੱਗੇ ਵੀ ਜਾਰੀ ਰੱਖੇ ਜਾਣਗੇ।

## ਹਰਿਆਣਾ ਪੁਲਿਸ ਵੱਲੋਂ ਪੰਜਾਬ ਦੇ ਦੋ ਪੁਲਿਸ ਅਧਿਕਾਰੀਆਂ ਨੂੰ ਤਲਬ ਕਰਨ ਦੀ ਤਿਆਰੀ, ਗ੍ਰਿਫ਼ਤਾਰੀ ਦੇ ਸੰਕੇਤ

### ਸੀਸੀਟੀਵੀ ਫੁਟੇਜ ਵਿੱਚ ਦੋ ਪੰਜਾਬ ਪੁਲਿਸ ਮੁਲਾਜ਼ਮ ਗੁਰੂਗ੍ਰਾਮ ਦੇ ਹੋਟਲ ਵਿੱਚ ਜਾਂਦੇ ਦਿਖਾਈ ਦਿੱਤੇ: ਗੁਰੂਗ੍ਰਾਮ ਪੁਲੀਸ

**ਗੁਰੂਗ੍ਰਾਮ, 25 ਜੂਨ**
**-ਸ਼.ਅ.ਬਿਓਰੋ-**

ਗੁਰੂਗ੍ਰਾਮ ਪੁਲੀਸ ਨੇ ਦੋ ਪੰਜਾਬ ਪੁਲੀਸ ਅਧਿਕਾਰੀਆਂ ਦੀ ਸੀਸੀਟੀਵੀ ਫੁਟੇਜ ਹਾਸਲ ਕੀਤੀ ਹੈ, ਜੋ ਕਥਿਤ ਤੌਰ 'ਤੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਜੁੜੀ ਇੱਕ ਵਿਵਾਦਤ ਵੀਡੀਓ ਦੀ 'ਜਾਅਲੀ' ਫੋਰੈਂਸਿਕ ਰਿਪੋਰਟ ਤਿਆਰ ਕਰਨ ਲਈ ਇੱਥੇ ਇੱਕ ਹੋਟਲ ਵਿੱਚ ਗਏ ਸਨ। ਅਧਿਕਾਰੀਆਂ ਨੇ ਵੀਰਵਾਰ ਨੂੰ ਦੱਸਿਆ ਕਿ ਪੁਲੀਸ ਉਨ੍ਹਾਂ ਨੂੰ ਪੁੱਛਗਿੱਛ ਲਈ ਬੁਲਾਉਣ ਦੀ ਤਿਆਰੀ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਜੇ ਇਨ੍ਹਾਂ ਪੰਜਾਬ ਪੁਲੀਸ ਅਧਿਕਾਰੀਆਂ ਵਿਰੁੱਧ ਠੋਸ ਸਬੂਤ ਮਿਲੇ ਤਾਂ ਉਨ੍ਹਾਂ ਨੂੰ ਗ੍ਰਿਫ਼ਤਾਰ ਵੀ ਕੀਤਾ ਜਾ ਸਕਦਾ ਹੈ। ਇਹ ਘਟਨਾਕ੍ਰਮ ਇੱਕ ਕਥਿਤ ਇਤਰਾਜ਼ਯੋਗ ਵੀਡੀਓ ਕਾਰਨ ਪੈਦਾ ਹੋਏ ਸਿਆਸੀ ਤੂਫਾਨ ਦਰਮਿਆਨ ਸਾਹਮਣੇ ਆਇਆ ਹੈ, ਜਿਸ ਨੂੰ ਲੈ ਕੇ ਸਿੱਖਾਂ ਦੀ ਸਰਵਉੱਚ ਸੰਸਥਾ ਸ੍ਰੀ ਅਕਾਲ ਤਖ਼ਤ ਸਾਹਿਬ ਨੇ 15 ਜੂਨ ਨੂੰ ਮਾਨ ਦੇ ਖਿਲਾਫ ਇੱਕ ਆਦੇਸ਼ ਜਾਰੀ ਕੀਤਾ ਸੀ।

ਇਹ ਆਦੇਸ਼ ਅਕਾਲ ਤਖ਼ਤ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਇਹ ਦਾਅਵਾ ਕਰਨ ਤੋਂ ਬਾਅਦ ਜਾਰੀ ਕੀਤਾ ਸੀ ਕਿ ਉਹ ਵੀਡੀਓ—ਜਿਸ ਵਿੱਚ ਮਾਨ ਵਰਗਾ ਦਿਖਣ ਵਾਲਾ ਇੱਕ ਵਿਅਕਤੀ ਹੈ—ਦੋ ਫੋਰੈਂਸਿਕ ਲੈਬਾਰਟਰੀਆਂ ਦੁਆਰਾ ÷ਅਸਲੀ÷ ਪਾਈ ਗਈ ਸੀ। ਇੱਕ ਸੀਨੀਅਰ ਪੁਲੀਸ ਅਧਿਕਾਰੀ ਨੇ ਕਿਹਾ ਕਿ ਉਨ੍ਹਾਂ ਨੂੰ ਲੱਗਦਾ ਹੈ ਕਿ ਇਨ੍ਹਾਂ ਅਧਿਕਾਰੀਆਂ ਦੀ ਮੌਜੂਦਗੀ ਸਿਰਫ਼ ਇੱਕ ਇਤਫ਼ਾਕ ਨਹੀਂ ਹੈ, ਸਗੋਂ ਇਹ ਇੱਕ ਡੂੰਘੀ ਸਾਜ਼ਿਸ਼ ਦਾ ਹਿੱਸਾ ਹੋ ਸਕਦੀ ਹੈ। ਅਧਿਕਾਰੀ ਨੇ ਕਿਹਾ, ÷ਪੰਜਾਬ ਦੇ ਇਨ੍ਹਾਂ ਦੋ ਅਧਿਕਾਰੀਆਂ ਨੂੰ ਜਲਦੀ ਹੀ ਜਾਂਚ ਵਿੱਚ ਸ਼ਾਮਲ ਹੋਣ ਲਈ ਰਸਮੀ ਤੌਰ 'ਤੇ ਤਲਬ ਕੀਤਾ ਜਾਵੇਗਾ। ਅਸੀਂ ਹੋਟਲ ਵਿੱਚ ਉਨ੍ਹਾਂ ਦੇ ਜਾਣ ਦੇ ਉਦੇਸ਼ ਨੂੰ ਸਪੱਸ਼ਟ ਕਰਨਾ ਚਾਹੁੰਦੇ ਹਾਂ ਅਤੇ ਇਹ ਨਿਰਧਾਰਤ ਕਰਨਾ ਚਾਹੁੰਦੇ ਹਾਂ ਕਿ ਕੀ ਉਨ੍ਹਾਂ ਦਾ ਇਸ ਮਾਮਲੇ ਵਿੱਚ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਨਾਲ ਕੋਈ ਸਬੰਧ ਹੈ। ਉਨ੍ਹਾਂ ਨੂੰ ਇਸ ਕੇਸ ਵਿੱਚ ਸਹਿ-ਮੁਲਜ਼ਮ ਬਣਾਉਣ ਦਾ ਫੈਸਲਾ ਉਨ੍ਹਾਂ ਦੇ ਜਵਾਬਾਂ ਅਤੇ ਪੁੱਛਗਿੱਛ ਦੌਰਾਨ ਮਿਲੇ ਸਬੂਤਾਂ ਦੇ ਆਧਾਰ 'ਤੇ ਲਿਆ ਜਾਵੇਗਾ। ਜੇ ਉਨ੍ਹਾਂ ਵਿਰੁੱਧ ਠੋਸ ਸਬੂਤ ਮਿਲੇ ਤਾਂ ਉਨ੍ਹਾਂ ਨੂੰ ਗ੍ਰਿਫ਼ਤਾਰ ਵੀ ਕੀਤਾ ਜਾ ਸਕਦਾ ਹੈ। ਅਧਿਕਾਰੀਆਂ ਨੇ ਦੱਸਿਆ ਕਿ ਇਸ ਮਾਮਲੇ ਦੇ ਸ਼ਿਕਾਇਤਕਰਤਾ ਜਸਪ੍ਰੀਤ ਉਰਫ ਜੱਸੀ ਨੂੰ ਇੱਕ ਸੁਰੱਖਿਅਤ ਘਰ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ, ਜਿੱਥੇ ਸੀਨੀਅਰ ਅਧਿਕਾਰੀ ਉਸ ਤੋਂ ਪੁੱਛਗਿੱਛ ਕਰ ਰਹੇ ਹਨ। ਗੁਰੂਗ੍ਰਾਮ ਵਿੱਚ ਦਰਜ ਐੱਫਆਈਆਰ ਅਨੁਸਾਰ ਹਰਿਆਣਾ ਦੇ ਸਿਰਸਾ ਦੇ ਰਹਿਣ ਵਾਲੇ ਜਸਪ੍ਰੀਤ ਨੇ ਦੋਸ਼ ਲਾਇਆ ਹੈ ਕਿ ਉਸ 'ਤੇ ਦਬਾਅ ਪਾਇਆ ਗਿਆ, ਧਮਕਾਇਆ ਗਿਆ ਅਤੇ ਮਜਬੂਰ ਕੀਤਾ ਗਿਆ ਕਿ ਉਹ ਵੀਡੀਓ ਨਾਲ ਸਬੰਧਤ ਫੋਰੈਂਸਿਕ ਰਿਪੋਰਟਾਂ ਅਜਿਹੇ ਪੂਰਵ-ਨਿਰਧਾਰਤ ਸਿੱਟੇ ਨਾਲ ਪ੍ਰਾਪਤ ਕਰੇ ਕਿ ਸਵਾਲੀਆ ਵੀਡੀਓ ਮਸਨੂਈ ਬੁੱਧੀ (19) ਦੀ ਵਰਤੋਂ ਕਰਕੇ ਬਣਾਈ ਗਈ ਸੀ ਅਤੇ ਵੀਡੀਓ ਵਿੱਚ ਦਿਖਾਈ ਦੇਣ ਵਾਲਾ ਵਿਅਕਤੀ ਮੁੱਖ ਮੰਤਰੀ ਮਾਨ ਨਹੀਂ ਸੀ।

## ਲੋਕ ਉਪਯੋਗਤਾ ਸੇਵਾਵਾਂ ਨਾਲ ਸਬੰਧਿਤ ਸਥਾਈ ਲੋਕ ਅਦਾਲਤ ਦੇ ਕੰਮਕਾਜ ਬਾਰੇ ਜਾਗਰੂਕਤਾ ਪ੍ਰੋਗਰਾਮ ਏਡੀਆਰ ਸੈਂਟਰ, ਸੈਕਟਰ 43, ਚੰਡੀਗੜ੍ਹ ਵਿਖੇ ਆਯੋਜਿਤ

**ਚੰਡੀਗੜ੍ਹ, 25 ਜੂਨ**
**-ਹਰਮਨਪ੍ਰੀਤ ਕੌਰ-**

ਏਡੀਆਰ ਸੈਂਟਰ, ਡਿਸਟ੍ਰਿਕਟ ਕੋਰਟ ਕੰਪਲੈਕਸ, ਸੈਕਟਰ 43, ਚੰਡੀਗੜ੍ਹ ਵਿਖੇ ਲੋਕ ਉਪਯੋਗਤਾ ਸੇਵਾਵਾਂ ਨਾਲ ਸਬੰਧਿਤ ਸਥਾਈ ਲੋਕ ਅਦਾਲਤ (Permanent Lok Adalat) ਦੀ ਯੋਜਨਾ ਅਤੇ ਕੰਮਕਾਜ ਬਾਰੇ ਵਿਸਤ੍ਰਿਤ ਜਾਣਕਾਰੀ ਪ੍ਰਦਾਨ ਕਰਨ ਹਿਤ ਇੱਕ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ।

ਇਸ ਪ੍ਰੋਗਰਾਮ ਵਿੱਚ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਯੂ.ਟੀ. ਚੰਡੀਗੜ੍ਹ ਦੇ ਪੈਰਾ ਲੀਗਲ ਵਲੰਟੀਅਰਾਂ ਦੇ ਨਾਲ-ਨਾਲ ਸਮਾਜ ਭਲਾਈ ਵਿਭਾਗ, ਯੂ.ਟੀ. ਚੰਡੀਗੜ੍ਹ ਦੇ ਆਂਗਣਵਾੜੀ ਸੁਪਰਵਾਇਜ਼ਰਾਂ ਅਤੇ ਆਂਗਣਵਾੜੀ ਵਰਕਰਾਂ ਸਹਿਤ ਲਗਭਗ 35 ਪ੍ਰਤੀਭਾਗੀਆਂ ਨੇ ਹਿੱਸਾ ਲਿਆ।

ਇਸ ਸੈਸ਼ਨ ਦੀ ਪ੍ਰਧਾਨਗੀ ਸ਼੍ਰੀ ਸੰਜੈ ਕੁਮਾਰ ਸਚਦੇਵਾ, ਚੇਅਰਮੈਨ, ਸਥਾਈ ਲੋਕ ਅਦਾਲਤ (ਲੋਕ ਉਪਯੋਗਤਾ ਸੇਵਾਵਾਂ), ਚੰਡੀਗੜ੍ਹ ਨੇ ਕੀਤੀ। ਉਨ੍ਹਾਂ ਦੇ ਨਾਲ ਸ਼੍ਰੀਮਤੀ ਰੂਨਮ ਕੌਸ਼ਿਕ, ਮੈਂਬਰ, ਸਥਾਈ ਲੋਕ ਅਦਾਲਤ, ਅਤੇ ਸ਼੍ਰੀਮਤੀ ਸੁਰਜੀਤ ਕੌਰ ਵਾਲੀਆ, ਮੈਂਬਰ, ਸਥਾਈ ਲੋਕ ਅਦਾਲਤ ਵੀ ਉਪਸਥਿਤ ਰਹੇ।

ਪ੍ਰਤੀਭਾਗੀਆਂ ਨੂੰ ਸੰਬੋਧਨ ਕਰਦੇ ਹੋਏ ਸ਼੍ਰੀ ਸੰਜੈ ਕੁਮਾਰ ਸਚਦੇਵਾ ਨੇ ਸਥਾਈ ਲੋਕ ਅਦਾਲਤ ਦੀ ਸਥਾਪਨਾ, ਅਧਿਕਾਰ ਖੇਤਰ ਅਤੇ ਕੰਮਕਾਜ ਬਾਰੇ ਵਿਸਤਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਦੱਸਿਆ ਕਿ ਕਾਨੂੰਨੀ ਸੇਵਾਵਾਂ ਅਥਾਰਿਟੀਜ਼ ਐਕਟ, 1987 ਦੇ ਤਹਿਤ ਲੋਕ ਉਪਯੋਗਤਾ ਸੇਵਾਵਾਂ ਨਾਲ ਸਬੰਧਿਤ ਮਾਮਲਿਆਂ ਦੇ ਤੇਜ਼ ਅਤੇ ਘੱਟ ਖਰਚੀਲੇ ਨਿਸਤਾਰਣ ਲਈ ਸਥਾਈ ਲੋਕ ਅਦਾਲਤਾਂ ਦਾ ਗਠਨ ਕੀਤਾ ਗਿਆ ਹੈ। ਇਨ੍ਹਾਂ ਸੇਵਾਵਾਂ ਵਿੱਚ ਟ੍ਰਾਂਸਪੋਰਟ, ਡਾਕ ਸੇਵਾਵਾਂ, ਤਾਰ, ਬੀਮਾ, ਬਿਜਲੀ, ਜਲ ਸਪਲਾਈ, ਜਨਤਕ ਸਵੱਛਤਾ ਅਤੇ ਸਫ਼ਾਈ ਵਿਵਸਥਾ ਆਦਿ ਸ਼ਾਮਲ ਹਨ।



ਉਨ੍ਹਾਂ ਨੇ ਕਿਹਾ ਕਿ ਸਥਾਈ ਲੋਕ ਅਦਾਲਤ ਵਿਵਾਦਾਂ ਦੇ ਸਮਾਧਾਨ ਹਿਤ ਮੁੱਖ ਤੌਰ 'ਤੇ ਸੁਲ੍ਹਾ ਅਤੇ ਸਮਝੌਤੇ ਦੀ ਪ੍ਰਕਿਰਿਆ ਨੂੰ ਹੁਲਾਰਾ ਦਿੰਦੀ ਹੈ। ਜੇਕਰ ਸੁਲ੍ਹਾ ਨਹੀਂ ਹੁੰਦੀ ਤਾਂ ਇਹ ਸੰਸਥਾ ਮਾਮਲਿਆਂ ਦੇ ਗੁਣ-ਦੋਸ਼ ਦੇ ਅਧਾਰ 'ਤੇ ਨਿਰਣਾ ਕਰਨ ਦਾ ਵੀ ਅਧਿਕਾਰ ਰੱਖਦੀ ਹੈ, ਜਿਸ ਨਾਲ ਨਿਯਮਿਤ ਅਦਾਲਤਾਂ 'ਤੇ ਬੋਝ ਘੱਟ ਹੁੰਦਾ ਹੈ ਅਤੇ ਲੋਕਾਂ ਨੂੰ ਜਲਦੀ ਨਿਆਂ ਪ੍ਰਾਪਤ ਹੁੰਦਾ ਹੈ।

ਸ੍ਰੀ ਸਚਦੇਵਾ ਨੇ ਆਂਗਣਵਾੜੀ ਵਰਕਰਾਂ ਦੀ ਭੂਮਿਕਾ ਦੀ ਵਿਸ਼ੇਸ਼ ਸ਼ਲਾਘਾ ਕਰਦੇ ਹੋਏ ਕਿਹਾ ਕਿ ਉਹ ਜ਼ਮੀਨੀ ਪੱਧਰ 'ਤੇ ਕਾਰਜ ਕਰਦੀਆਂ ਹਨ ਅਤੇ ਸਮਾਜ ਨਾਲ ਸਿੱਧੀਆਂ ਜੁੜੀਆਂ ਹੁੰਦੀਆਂ ਹਨ। ਆਮ ਲੋਕਾਂ ਦੀਆਂ ਰੋਜ਼ਾਨਾ ਸਮੱਸਿਆਵਾਂ ਤੋਂ ਜਾਣੂ ਹੋਣ ਕਾਰਨ ਉਹ ਸਥਾਈ ਲੋਕ ਅਦਾਲਤ ਬਾਰੇ ਜਾਗਰੂਕਤਾ ਫੈਲਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀਆਂ ਹਨ। ਉਨ੍ਹਾਂ ਨੇ ਆਂਗਣਵਾੜੀ ਵਰਕਰਾਂ ਨੂੰ ਸੰਸਥਾ ਅਤੇ ਆਮ ਜਨਤਾ ਦੇ ਦਰਮਿਆਨ ਇੱਕ ਪੁਲ਼ ਦਾ ਕਾਰਜ ਕਰਨ ਦੀ ਤਾਕੀਦ ਕੀਤੀ ਤਾਕਿ ਇਸ ਵਿਕਲਪਿਕ ਵਿਵਾਦ ਨਿਵਾਰਣ ਤੰਤਰ ਦਾ ਲਾਭ ਅਧਿਕ ਤੋਂ ਅਧਿਕ ਲੋੜਵੰਦ ਲੋਕਾਂ ਤੱਕ ਪਹੁੰਚ ਸਕੇ।

ਚੇਅਰਮੈਨ ਨੇ ਕਿਹਾ ਕਿ ਅਜਿਹੇ ਜਾਗਰੂਕਤਾ ਪ੍ਰੋਗਰਾਮ ਲੋਕਾਂ ਨੂੰ ਉਨ੍ਹਾਂ ਦੇ ਕਾਨੂੰਨੀ ਅਧਿਕਾਰਾਂ ਅਤੇ ਉਪਲਬਧ ਉਪਾਵਾਂ ਪ੍ਰਤੀ ਜਾਗਰੂਕ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

ਉਨ੍ਹਾਂ ਨੇ ਦੱਸਿਆ ਕਿ ਭਵਿੱਖ ਵਿੱਚ ਵੀ ਅਜਿਹੇ ਪ੍ਰੋਗਰਾਮ ਨਿਯਮਿਤ ਤੌਰ 'ਤੇ ਆਯੋਜਿਤ ਕੀਤੇ ਜਾਣਗੇ ਤਾਕਿ ਆਮ ਲੋਕ ਸਥਾਈ ਲੋਕ ਅਦਾਲਤ (ਲੋਕ ਉਪਯੋਗਤਾ ਸੇਵਾਵਾਂ) ਦੀ ਭੂਮਿਕਾ ਅਤੇ ਕਾਰਜਪ੍ਰਣਾਲੀ ਬਾਰੇ ਭਲੀ-ਭਾਂਤ ਜਾਣੂ ਹੋ ਸਕਣ ਅਤੇ ਬਿਨਾ ਕਿਸੇ ਸੰਕੋਚ ਦੇ ਆਪਣੇ ਵਿਵਾਦਾਂ ਦੇ ਤੇਜ਼ ਨਿਸਤਾਰਣ ਲਈ ਇਸ ਦਾ ਲਾਭ ਉਠਾ ਸਕਣ।

ਪ੍ਰਤੀਭਾਗੀਆਂ ਨੂੰ ਇਹ ਵੀ ਦੱਸਿਆ ਗਿਆ ਕਿ ਅਗਲਾ ਜਾਗਰੂਕਤਾ ਅਤੇ ਸੰਵਾਦ ਪ੍ਰੋਗਰਾਮ 26 ਜੂਨ, 2026 ਨੂੰ ਯੂ.ਟੀ. ਚੰਡੀਗੜ੍ਹ ਦੇ ਸੀਨੀਅਰ ਨਾਗਰਿਕਾਂ ਨਾਲ ਆਯੋਜਿਤ ਕੀਤਾ ਜਾਵੇਗਾ।

ਪ੍ਰੋਗਰਾਮ ਦਾ ਸਮਾਪਨ ਇੰਟਰਐਕਟਿਵ ਪ੍ਰਸ਼ਨ-ਉੱਤਰ ਸੈਸ਼ਨ ਨਾਲ ਹੋਇਆ, ਜਿਸ ਵਿੱਚ ਪ੍ਰਤੀਭਾਗੀਆਂ ਨੇ ਸਥਾਈ ਲੋਕ ਅਦਾਲਤ ਤੱਕ ਪਹੁੰਚਣ ਦੀ ਪ੍ਰਕਿਰਿਆ ਅਤੇ ਉੱਥੇ ਪ੍ਰਸਤੁਤ ਕੀਤੇ ਜਾ ਸਕਣ ਵਾਲੇ ਮਾਮਲਿਆਂ ਦੇ ਸਬੰਧ ਵਿੱਚ ਆਪਣੀਆਂ ਜਗਿਆਸਾਵਾਂ ਦਾ ਸਮਾਧਾਨ ਪ੍ਰਾਪਤ ਕੀਤਾ।



# ਮਾਰਾ ਹਰਿਆਣਾ



## ਮਹਾਂਪੁਰਖਾਂ ਦੇ ਆਦਰਸ਼ਾਂ 'ਤੇ ਚੱਲ ਕੇ ਹੀ ਸਮਾਜ ਨੂੰ ਨਵੀਂ ਦਿਸ਼ਾ ਦਿੱਤੀ ਜਾ ਸਕਦੀ ਹੈ - ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਪਟਿਆਲਾ, 25 ਜੂਨ**
**-ਛਤਰਪਾਲ ਸਿੰਘ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੰਤ-ਮਹਾਂਪੁਰਖਾਂ ਦਾ ਜੀਵਨ ਸਮਾਜ ਲਈ ਪ੍ਰੇਰਨਾ ਦਾ ਸਰੋਤ ਹੁੰਦਾ ਹੈ ਅਤੇ ਉਨ੍ਹਾਂ ਦੇ ਦੱਸੇ ਮਾਰਗ 'ਤੇ ਚੱਲ ਕੇ ਹੀ ਮਨੁੱਖਤਾ, ਸੇਵਾ, ਭਾਈਚਾਰੇ ਅਤੇ ਅਧਿਆਤਮਿਕ ਮੁੱਲਾਂ ਨੂੰ ਮਜ਼ਬੂਤ ਕੀਤਾ ਜਾ ਸਕਦਾ ਹੈ।



ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਬੁੱਧਵਾਰ ਨੂੰ ਗੁਰਦੁਆਰਾ ਸ੍ਰੀ ਗੁਫਾਸਰ ਸਾਹਿਬ, ਰੋਡੇਵਾਲ, ਪਟਿਆਲਾ, ਪੰਜਾਬ ਵਿਖੇ ਆਯੋਜਿਤ ਧਾਰਮਿਕ ਸਮਾਗਮ ਦੇ ਮੌਕੇ 'ਤੇ ਸਾਧ ਸੰਗਤ ਨੂੰ ਸੰਬੋਧਿਤ ਕਰ ਰਹੇ ਸਨ। ਇਹ ਸਮਾਗਮ ਬਾਬਾ ਪੂਰਨ ਦਾਸ ਜੀ ਮਹਾਰਾਜ ਦੀ 60ਵੀਂ ਬਰਸੀ ਅਤੇ ਸੰਤ ਬਾਬਾ ਬਲਵੰਤ ਸਿੰਘ ਜੀ (ਸਿਹੌੜੇ ਵਾਲੇ) ਦੀ 12ਵੀਂ ਬਰਸੀ ਨੂੰ ਸਮਰਪਿਤ ਸੀ।

ਮੁੱਖ ਮੰਤਰੀ ਨੇ ਸੰਤ ਬਾਬਾ ਬਲਵੰਤ ਸਿੰਘ ਅਤੇ ਬਾਬਾ ਪੂਰਨ ਦਾਸ ਜੀ ਮਹਾਰਾਜ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਆਪਣਾ ਸੰਪੂਰਨ ਜੀਵਨ ਧਰਮ, ਤਪੱਸਿਆ, ਲੋਕ ਭਲਾਈ ਅਤੇ ਮਾਨਵ ਸੇਵਾ ਨੂੰ ਸਮਰਪਿਤ ਕੀਤਾ। ਜਲ ਸੰਕਟ ਨਾਲ ਜੂਝ ਰਹੇ ਖੇਤਰਾਂ ਵਿੱਚ ਖੂਹਾਂ ਦਾ ਨਿਰਮਾਣ ਕਰਵਾਉਣਾ, ਸਿੱਖਿਆ ਦੇ ਪ੍ਰਸਾਰ ਲਈ ਸਕੂਲ ਸਥਾਪਿਤ ਕਰਵਾਉਣਾ ਅਤੇ ਗੁਰਦੁਆਰਿਆਂ ਦਾ ਨਿਰਮਾਣ ਕਰਾਉਣਾ ਉਨ੍ਹਾਂ ਦੇ ਸਮਾਜ ਸੁਧਾਰਕ ਸ਼ਖ਼ਸੀਅਤ ਦਾ ਪ੍ਰਮਾਣ ਹੈ।

ਉਨ੍ਹਾਂ ਕਿਹਾ ਕਿ ਸੰਤ ਬਾਬਾ ਬਲਵੰਤ ਸਿੰਘ ਜੀ ਨੇ ਆਪਣੇ ਗੁਰੂ ਦੀ ਮਹਾਨ ਪਰੰਪਰਾ ਨੂੰ ਅੱਗੇ ਵਧਾਉਂਦੇ ਹੋਏ ਮਨੁੱਖਤਾ ਦੀ ਸੇਵਾ, ਅਧਿਆਤਮਿਕ ਜਾਗ੍ਰਿਤੀ ਅਤੇ ਸਿੱਖਿਆ ਦੇ ਖੇਤਰ ਵਿੱਚ ਉੱਘਾ ਯੋਗਦਾਨ ਦਿੱਤਾ। ਉਨ੍ਹਾਂ ਨੌਜਵਾਨਾਂ ਨੂੰ ਧਰਮ ਅਤੇ ਨੈਤਿਕ ਮੁੱਲਾਂ ਨਾਲ ਜੋੜਨ ਦਾ ਕਾਰਜ ਕੀਤਾ ਅਤੇ ਸਿੱਖਿਆ ਸੰਸਥਾਵਾਂ ਦੀ ਸਥਾਪਨਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।

ਮੁੱਖ ਮੰਤਰੀ ਨੇ ਕਿਹਾ ਕਿ ਅੱਜ ਪੰਜਾਬ ਜੋ ਕਦੇ ਪੂਰੇ ਦੇਸ਼ ਦਾ ਅੰਨਦਾਤਾ ਅਤੇ ਵਿਕਾਸ ਦਾ ਇੰਜਣ ਅਖਵਾਉਂਦਾ ਸੀ, ਅੱਜ ਉਹ ਆਪਣੀ ਦਿਸ਼ਾ ਭਟਕ ਗਿਆ ਹੈ। ਜਿਸ ਪੰਜਾਬ ਨੇ ਦੇਸ਼ ਨੂੰ ਖਿਡਾਰੀ ਦਿੱਤੇ, ਫੌਜੀ ਦਿੱਤੇ ਅਤੇ ਦੁਨੀਆ ਦੇ ਕੋਨੇ-ਕੋਨੇ ਵਿੱਚ ਨਾਮ ਕਮਾਉਣ ਵਾਲੇ ਉਦਯੋਗਪਤੀ ਦਿੱਤੇ, ਉਹ ਅੱਜ ਨਸ਼ੇ ਦੇ ਜਾਲ ਵਿੱਚ ਫਸਦਾ ਜਾ ਰਿਹਾ ਹੈ। ਜਿਸ ਪੰਜਾਬ ਦੀ ਮਿੱਟੀ ਤੋਂ ਇਨਕਲਾਬ ਦੀ ਮਹਿਕ ਆਉਂਦੀ ਸੀ ਅੱਜ ਉੱਥੋਂ ਦੇ ਨੌਜਵਾਨਾਂ ਦੀਆਂ ਅੱਖਾਂ ਵਿੱਚ ਭਵਿੱਖ ਨੂੰ ਲੈ ਕੇ ਅਨਿਸ਼ਚਿਤਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਅੱਜ ਸਮਾਜ ਅਨੇਕਾਂ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਨਸ਼ਾਖੋਰੀ, ਸਮਾਜਿਕ ਬੁਰਾਈਆਂ ਅਤੇ ਹਿੰਸਾ ਵਰਗੀਆਂ ਪ੍ਰਵਿਰਤੀਆਂ ਤੋਂ ਨੌਜਵਾਨਾਂ ਨੂੰ ਬਚਾਉਣ ਲਈ ਸੰਤਾਂ ਦੇ ਆਦਰਸ਼ਾਂ ਨੂੰ ਅਪਣਾਉਣਾ ਸਮੇਂ ਦੀ ਲੋੜ ਹੈ। ਉਨ੍ਹਾਂ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਆਧੁਨਿਕ ਸਿੱਖਿਆ ਦੇ ਨਾਲ-ਨਾਲ ਨੈਤਿਕ ਅਤੇ ਅਧਿਆਤਮਿਕ ਕਦਰਾਂ-ਕੀਮਤਾਂ ਨੂੰ ਵੀ ਆਪਣੇ ਜੀਵਨ ਦਾ ਹਿੱਸਾ ਬਣਾਉਣ।

ਉਨ੍ਹਾਂ ਕਿਹਾ ਕਿ ਪੰਜਾਬ ਅਤੇ ਹਰਿਆਣਾ ਦੀ ਧਰਤੀ ਸੰਤਾਂ, ਗੁਰੂਆਂ ਅਤੇ ਵੀਰਾਂ ਦੀ ਭੂਮੀ ਰਹੀ ਹੈ। ਇਹ ਵੀ ਸਾਡੀ ਸਮੂਹਿਕ ਜ਼ਿੰਮੇਵਾਰੀ ਹੈ ਕਿ ਅਸੀਂ ਸਮਾਜ ਵਿੱਚ ਭਾਈਚਾਰੇ, ਸਦਭਾਵਨਾ ਅਤੇ ਸੇਵਾ ਦੀ ਭਾਵਨਾ ਨੂੰ ਮਜ਼ਬੂਤ ਕਰੀਏ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਮਹਾਂਪੁਰਖਾਂ ਦੀਆਂ ਸਿੱਖਿਆਵਾਂ ਤੋਂ ਜਾਣੂ ਕਰਵਾਈਏ। ਮੁੱਖ ਮੰਤਰੀ ਨੇ ਗੁਰਦੁਆਰਾ ਸ੍ਰੀ ਗੁਫਾਸਰ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸੰਤ ਗੁਰਚਰਨ ਦਾਸ ਜੀ ਵੱਲੋਂ ਚਲਾਈਆਂ ਜਾ ਰਹੀਆਂ ਸੇਵਾ, ਲੰਗਰ ਅਤੇ ਸਮਾਜਿਕ ਭਲਾਈ ਗਤੀਵਿਧੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਸਮਾਜ ਵਿੱਚ ਏਕਤਾ ਅਤੇ ਮਾਨਵਤਾ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ।

ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂ, ਸੰਤ-ਮਹਾਤਮਾ, ਜਨ ਪ੍ਰਤੀਨਿਧੀ ਅਤੇ ਮਾਣਯੋਗ ਵਿਅਕਤੀ ਮੌਜੂਦ ਸਨ।

## ਆਪਣੇ ਬੱਚਿਆਂ ਦੇ ਭਵਿੱਖ, ਪੰਜਾਬ ਦੀ ਖੁਸ਼ਹਾਲੀ ਅਤੇ ਵਿਕਸਿਤ ਭਾਰਤ ਦੇ ਨਿਰਮਾਣ ਲਈ ਲਓ ਸਹੀ ਫੈਸਲਾ : ਨਾਇਬ ਸਿੰਘ ਸੈਣੀ

**ਚੰਡੀਗੜ੍ਹ, 25 ਜੂਨ**
**-ਮਨੋਜ ਸ਼ਰਮਾ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸ੍ਰੀ ਮੁਕਤਸਰ ਸਾਹਿਬ ਦੀ ਪਵਿੱਤਰ ਧਰਤੀ ਤੋਂ ਪੰਜਾਬ ਦੀ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਪੰਜਾਬ ਆਪਣੀ ਗੁਆਚੀ ਹੋਈ ਸ਼ਾਨ ਵਾਪਸ ਹਾਸਲ ਕਰੇ ਅਤੇ ਵਿਕਾਸ, ਸੁਸ਼ਾਸਨ ਅਤੇ ਰਾਸ਼ਟਰਹਿੱਤ ਦੀ ਰਾਜਨੀਤੀ ਨੂੰ ਅਪਣਾ ਕੇ ਦੇਸ਼ ਦਾ ਨੰਬਰ ਇੱਕ ਸੂਬਾ ਬਣਨ ਦੀ ਦਿਸ਼ਾ ਵਿੱਚ ਅੱਗੇ ਵਧੇ।



ਮੁੱਖ ਮੰਤਰੀ ਨੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਸਮੇਤ ਸਾਰੇ ਗੁਰੂ ਸਾਹਿਬਾਨਾਂ, ਸਾਹਿਬਜ਼ਾਦਿਆਂ ਅਤੇ ਮਹਾਂਪੁਰਖਾਂ ਨੂੰ ਨਮਨ ਕਰਦਿਆਂ ਕਿਹਾ ਕਿ ਸ੍ਰੀ ਮੁਕਤਸਰ ਸਾਹਿਬ ਦੀ ਇਹ ਪਵਿੱਤਰ ਧਰਤੀ ਚਾਲੀ ਮੁਕਤਿਆਂ, ਭਾਈ ਮਹਾਂ ਸਿੰਘ ਜੀ ਅਤੇ ਮਾਈ ਭਾਗੋ ਜੀ ਦੀ ਅਦੁੱਤੀ ਕੁਰਬਾਨੀ ਦੀ ਗਵਾਹ ਹੈ। ਉਨ੍ਹਾਂ ਕਿਹਾ ਕਿ ਪੰਜਾਬ ਅਤੇ ਹਰਿਆਣਾ ਦਾ ਰਿਸ਼ਤਾ ਸਾਂਝੇ ਸੱਭਿਆਚਾਰ, ਸਾਂਝੀ ਭਾਸ਼ਾ ਅਤੇ ਸਾਂਝੀਆਂ ਭਾਵਨਾਵਾਂ ਦਾ ਰਿਸ਼ਤਾ ਹੈ। ਉਹ ਪੰਜਾਬ ਦੀ ਜਨਤਾ ਵਿਚਕਾਰ ਕਿਸੇ ਗੁਆਂਢੀ ਸੂਬੇ ਦੇ ਮੁੱਖ ਮੰਤਰੀ ਵਜੋਂ ਨਹੀਂ, ਸਗੋਂ ਛੋਟੇ ਭਰਾ ਅਤੇ ਸ਼ੁੱਭਚਿੰਤਕ ਵਜੋਂ ਆਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਨੇ ਪਹਿਲਾਂ ਕਾਂਗਰਸ ਅਤੇ ਬਾਅਦ ਵਿੱਚ ਆਮ ਆਦਮੀ ਪਾਰਟੀ ਨੂੰ ਮੌਕਾ ਦਿੱਤਾ, ਪਰ ਜਨਤਾ ਦੀਆਂ ਉਮੀਦਾਂ ਮੁਤਾਬਕ ਨਤੀਜੇ ਨਹੀਂ ਮਿਲੇ। ਉਨ੍ਹਾਂ ਨੇ ਕਾਂਗਰਸ 'ਤੇ ਭ੍ਰਿਸ਼ਟਾਚਾਰ, ਪਰਿਵਾਰਵਾਦ ਅਤੇ ਵਿਕਾਸ ਨੂੰ ਰੋਕਣ ਦਾ ਦੋਸ਼ ਲਗਾਇਆ, ਜਦਕਿ ਆਮ ਆਦਮੀ ਪਾਰਟੀ 'ਤੇ ਵਾਅਦਾ-ਖਿਲਾਫੀ ਅਤੇ ਪੰਜਾਬ ਨੂੰ ਰਾਜਨੀਤਿਕ ਪ੍ਰਯੋਗਸ਼ਾਲਾ ਬਣਾਉਣ ਦਾ ਦੋਸ਼ ਲਗਾਇਆ। ਮੁੱਖ ਮੰਤਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਵਿੱਚ ਵੱਡੇ-ਵੱਡੇ ਵਾਅਦੇ ਕੀਤੇ ਸਨ, ਪਰ ਅੱਜ ਪੰਜਾਬ ਦਾ ਹਰ ਵਰਗ ਪੁੱਛ ਰਿਹਾ ਹੈ ਕਿ ਉਹ ਬਦਲਾਅ ਕਿੱਥੇ ਹੈ ਜਿਸ ਦੀ ਗੱਲ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਮਹਿਲਾਵਾਂ ਨੂੰ 1100 ਰੁਪਏ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਚਾਰ ਸਾਲਾਂ ਬਾਅਦ ਵੀ ਪੂਰਾ ਨਹੀਂ ਹੋਇਆ। ਇਸ ਦੇ ਉਲਟ ਹਰਿਆਣਾ ਸਰਕਾਰ ਨੇ ਦੀਨਦਿਆਲ ਲਾਡੋ ਲੱਛਮੀ ਯੋਜਨਾ ਤਹਿਤ ਗਰੀਬ ਪਰਿਵਾਰਾਂ ਦੀਆਂ ਮਹਿਲਾਵਾਂ ਨੂੰ 2100 ਰੁਪਏ ਪ੍ਰਤੀ ਮਹੀਨਾ ਦੀ ਸਹਾਇਤਾ ਦੇਣੀ ਸ਼ੁਰੂ ਕੀਤੀ ਹੈ ਅਤੇ ਕਰੋੜਾਂ ਰੁਪਏ ਦੀ ਰਕਮ ਸਿੱਧੀ ਲਾਭਕਾਰਾਂ ਦੇ ਖਾਤਿਆਂ ਵਿੱਚ ਪਹੁੰਚਾਈ ਜਾ ਚੁੱਕੀ ਹੈ। ਉਨ੍ਹਾਂ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਨਸ਼ੇ, ਅਪਰਾਧ, ਨਾਜਾਇਜ਼ ਮਾਈਨਿੰਗ, ਵਿੱਤੀ ਕੁਪ੍ਰਬੰਧਨ ਅਤੇ ਵਿਗੜਦੀ ਕਾਨੂੰਨ-ਵਿਵਸਥਾ ਨੂੰ ਲੈ ਕੇ ਸਵਾਲ ਚੁੱਕੇ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦਾ ਨੌਜਵਾਨ ਰੁਜ਼ਗਾਰ ਲਈ ਭਟਕ ਰਿਹਾ ਹੈ ਅਤੇ ਹਜ਼ਾਰਾਂ ਨੌਜਵਾਨ ਨਾਜਾਇਜ਼ ਰਸਤਿਆਂ ਰਾਹੀਂ ਵਿਦੇਸ਼ ਜਾਣ ਲਈ ਮਜਬੂਰ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦਾ ਸਭ ਤੋਂ ਵੱਡਾ ਸੰਕਟ ਵਧਦਾ ਨਸ਼ਾ ਹੈ, ਜਿਸ ਨੇ ਕਈ ਪਰਿਵਾਰਾਂ ਨੂੰ ਬਰਬਾਦ ਕਰ ਦਿੱਤਾ ਹੈ ਅਤੇ ਨੌਜਵਾਨਾਂ ਦੇ ਭਵਿੱਖ ਨੂੰ ਖਤਰੇ ਵਿੱਚ ਪਾ ਦਿੱਤਾ ਹੈ।

ਸ੍ਰੀ ਸੈਣੀ ਨੇ ਕਿਹਾ ਕਿ ਪੰਜਾਬ ਵਿੱਚ ਡਰੱਗਜ਼ ਤਸਕਰੀ, ਗੈਂਗਵਾਰ, ਫਿਰੌਤੀ ਅਤੇ ਅਪਰਾਧ ਦੀਆਂ ਘਟਨਾਵਾਂ ਨੇ ਆਮ ਲੋਕਾਂ ਵਿੱਚ ਡਰ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਵਪਾਰੀ, ਉਦਯੋਗਪਤੀ ਅਤੇ ਆਮ ਨਾਗਰਿਕ ਸੁਰੱਖਿਆ ਨੂੰ ਲੈ ਕੇ ਚਿੰਤਤ ਹਨ ਅਤੇ ਅਪਰਾਧੀਆਂ ਦੇ ਮਨਾਂ ਵਿੱਚੋਂ ਕਾਨੂੰਨ ਦਾ ਡਰ ਖਤਮ ਹੁੰਦਾ ਦਿਖਾਈ ਦੇ ਰਿਹਾ ਹੈ। ਕਿਸਾਨਾਂ ਦੇ ਮੁੱਦੇ 'ਤੇ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਸਰਕਾਰ ਕਿਸਾਨਾਂ ਦੀਆਂ 24 ਫਸਲਾਂ ਦੀ ਖਰੀਦ ਘੱਟੋ-ਘੱਟ ਸਮਰਥਨ ਮੁੱਲ (ਐਮਐਸਪੀ) 'ਤੇ ਕਰ ਰਹੀ ਹੈ। ਪਿਛਲੇ 11 ਸੀਜ਼ਨਾਂ ਵਿੱਚ 12 ਲੱਖ ਕਿਸਾਨਾਂ ਦੇ ਖਾਤਿਆਂ ਵਿੱਚ ਐਮਐਸਪੀ 'ਤੇ ਫਸਲ ਖਰੀਦ ਦੇ 1.64 ਲੱਖ ਕਰੋੜ ਰੁਪਏ ਸਿੱਧੇ ਉਨ੍ਹਾਂ ਦੇ ਖਾਤਿਆਂ ਵਿੱਚ ਭੇਜੇ ਗਏ ਹਨ। ਉਨ੍ਹਾਂ ਕਿਹਾ ਕਿ ਦੂਜੇ ਪਾਸੇ ਪੰਜਾਬ ਦਾ ਕਿਸਾਨ ਅੱਜ ਵੀ ਆਪਣੇ ਹੱਕਾਂ ਅਤੇ ਚੋਣ ਵਾਅਦਿਆਂ ਲਈ ਸੰਘਰਸ਼ ਕਰ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਸਭਕਾ ਸਾਥ, ਸਭਕਾ ਵਿਕਾਸ, ਸਭਕਾ ਵਿਸ਼ਵਾਸ ਅਤੇ ਸਭਕਾ ਪ੍ਰਯਾਸ ਦੇ ਮੰਤਰ 'ਤੇ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਸਿਰਫ ਐਲਾਨ ਨਹੀਂ ਕਰਦੀ ਸਗੋਂ ਨਤੀਜੇ ਦਿੰਦੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਹਰਿਆਣਾ ਵਿੱਚ ਵਿਧਾਨਸਭਾ ਚੋਣਾਂ ਦੇ ਸੰਕਲਪ ਪੱਤਰ ਦੇ 217 ਵਿੱਚੋਂ 66 ਵਾਅਦੇ ਡੇਢ ਸਾਲ ਵਿੱਚ ਪੂਰੇ ਕੀਤੇ ਜਾ ਚੁੱਕੇ ਹਨ ਅਤੇ ਬਾਕੀ ਵਾਅਦਿਆਂ 'ਤੇ ਤੇਜ਼ੀ ਨਾਲ ਕੰਮ ਚੱਲ ਰਿਹਾ ਹੈ। ਸ੍ਰੀ ਸੈਣੀ ਨੇ ਪੰਜਾਬ ਦੀ ਜਨਤਾ ਨੂੰ ਅਪੀਲ ਕਰਦਿਆਂ ਕਿਹਾ ਕਿ ਆਪਣੇ ਬੱਚਿਆਂ ਦੇ ਭਵਿੱਖ, ਪੰਜਾਬ ਦੀ ਖੁਸ਼ਹਾਲੀ ਅਤੇ ਵਿਕਸਿਤ ਭਾਰਤ ਦੇ ਨਿਰਮਾਣ ਲਈ ਸਹੀ ਫੈਸਲਾ ਲਓ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਪੰਜਾਬ ਇੱਕ ਵਾਰ ਫਿਰ ਵਿਕਾਸ, ਖੁਸ਼ਹਾਲੀ ਅਤੇ ਮਾਣ ਦਾ ਨਵਾਂ ਅਧਿਆਏ ਲਿਖੇਗਾ। ਇਸ ਮੌਕੇ ਪ੍ਰੋਗਰਾਮ ਦੇ ਪ੍ਰਬੰਧਕ ਪਾਰਟੀ ਆਗੂ ਸ੍ਰੀਮਤੀ ਮਨਵੀਰ ਕੌਰ ਗਿੱਲ, ਮੁੱਖ ਮੰਤਰੀ ਦੇ ਸਿਆਸੀ ਸਲਾਹਕਾਰ ਸ੍ਰੀ ਤਰੁਣ ਭੰਡਾਰੀ, ਸੂਬਾ ਜਨਰਲ ਸਕੱਤਰ ਸਰਦਾਰ ਦਿਆਲ ਸਿੰਘ ਸੋਢੀ, ਜ਼ਿਲ੍ਹਾ ਪ੍ਰਧਾਨ ਮੁਕਤਸਰ ਸਤੀਸ਼ ਅਸੀਜਾ, ਵਿਧਾਨਸਭਾ ਇੰਚਾਰਜ ਰਾਜੇਸ਼ ਪਠੇਲਾ, ਸਾਬਕਾ ਸੰਸਦ ਮੈਂਬਰ ਸਰਦਾਰ ਜਗਮੀਤ ਸਿੰਘ ਬਰਾੜ, ਰਾਹੁਲ ਸਿੱਧੂ, ਪੂਜਾ ਕੱਕੜ, ਬਲਵਿੰਦਰ ਸਿੰਘ ਮਿੱਕਲ, ਗੁਰਚਰਨ ਸਿੰਘ, ਅਮਨਦੀਪ ਸਮੇਤ ਵੱਡੀ ਗਿਣਤੀ ਵਿੱਚ ਵਿਅਕਤੀ ਮੌਜੂਦ ਸਨ।

## ਹਰਿਆਣਾ ਸਰਕਾਰ ਦੀ 'ਸੌਰ ਊਰਜਾ ਪ੍ਰੋਤਸਾਹਨ ਯੋਜਨਾ' ਨਾਲ ਲੱਖਾਂ ਖਪਤਕਾਰਾਂ ਨੂੰ ਮਿਲੇਗਾ ਲਾਭ, ਹੁਣ ਆਸਾਨ ਸ਼ਰਤਾਂ 'ਤੇ ਮਿਲੇਗੀ ਵਿਆਜ-ਮੁਕਤ ਵਿੱਤੀ ਸਹਾਇਤਾ : ਅਨਿਲ ਵਿਜ

**ਚੰਡੀਗੜ੍ਹ, 25 ਜੂਨ**
**-ਮਨੋਜ ਸ਼ਰਮਾ-**

ਹਰਿਆਣਾ ਦੇ ਊਰਜਾ ਮੰਤਰੀ ਸ੍ਰੀ ਅਨਿਲ ਵਿਜ ਨੇ ਕਿਹਾ ਕਿ ਸੂਬਾ ਸਰਕਾਰ ਸਾਫ਼ ਅਤੇ ਹਰੀ ਊਰਜਾ ਨੂੰ ਪ੍ਰੋਤਸਾਹਿਤ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਸ਼ੁਰੂ ਕੀਤੀ ਗਈ 'ਪੀਐਮ ਸੂਰਿਆ ਘਰ ਮੁਫ਼ਤ ਬਿਜਲੀ ਯੋਜਨਾ' ਨੂੰ ਵਧੇਰੇ ਪ੍ਰਭਾਵੀ ਅਤੇ ਜਨਹਿਤਕਾਰੀ ਬਣਾਉਣ ਲਈ ਹਰਿਆਣਾ ਸਰਕਾਰ ਨੇ 'ਸੌਰ ਊਰਜਾ ਪ੍ਰੋਤਸਾਹਨ ਯੋਜਨਾ' ਲਾਗੂ ਕੀਤੀ ਹੈ। ਇਸ ਦੇ ਤਹਿਤ ਯੋਗ ਘਰੇਲੂ ਖਪਤਕਾਰਾਂ ਨੂੰ ਕੇਂਦਰ ਸਰਕਾਰ ਦੀ ਸਬਸਿਡੀ ਤੋਂ ਇਲਾਵਾ ਸ਼੍ਰੇਣੀਬੱਧ ਢੰਗ ਨਾਲ ਵਿਆਜ-ਮੁਕਤ ਵਿੱਤੀ ਸਹਾਇਤਾ ਉਪਲਬਧ ਕਰਵਾਈ ਜਾਵੇਗੀ, ਜਿਸ ਨਾਲ ਸੂਬੇ ਵਿੱਚ ਸੌਰ ਊਰਜਾ ਨੂੰ ਵਿਆਪਕ ਪੱਧਰ 'ਤੇ ਪ੍ਰੋਤਸਾਹਨ ਮਿਲੇਗਾ।

ਸ੍ਰੀ ਵਿਜ ਨੇ ਦੱਸਿਆ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸੌਰ ਊਰਜਾ ਪ੍ਰੋਤਸਾਹਨ ਯੋਜਨਾ ਦੀ ਸਟੈਂਡਰਡ ਓਪਰੇਟਿੰਗ ਪ੍ਰਕਿਰਿਆ (SOP) ਵਿੱਚ ਸੋਧ ਸਬੰਧੀ ਪ੍ਰਸਤਾਵ ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਉਨ੍ਹਾਂ ਕਿਹਾ ਕਿ ਸਾਲ 2027 ਤੱਕ ਸੂਬੇ ਵਿੱਚ 2.22 ਲੱਖ ਰੂਫਟੌਪ ਸੋਲਰ ਪਲਾਂਟ ਸਥਾਪਤ ਕਰਨ ਦਾ ਟੀਚਾ ਮਿਥਿਆ ਗਿਆ ਹੈ। ਇਸ ਲਈ ਖਪਤਕਾਰਾਂ ਨੂੰ ਵਿਆਜ-ਮੁਕਤ ਵਿੱਤੀ ਸਹਾਇਤਾ ਉਪਲਬਧ ਕਰਵਾਈ ਜਾਵੇਗੀ, ਜਿਸ ਨਾਲ ਸ਼ੁਰੂਆਤੀ ਨਿਵੇਸ਼ ਦਾ ਬੋਝ ਘਟੇਗਾ ਅਤੇ ਬਿਜਲੀ ਦੇ ਬਿੱਲਾਂ ਵਿੱਚ ਵਰਨਣਯੋਗ ਬੱਚਤ ਯਕੀਨੀ ਹੋਵੇਗੀ।

ਊਰਜਾ ਮੰਤਰੀ ਨੇ ਕਿਹਾ ਕਿ ਯੋਜਨਾ ਦੇ ਤਹਿਤ ਗੈਰ-ਬਕਾਇਆਦਾਰ ਖਪਤਕਾਰਾਂ, ਸੂਬਾ ਸਰਕਾਰ ਦੇ ਕਰਮਚਾਰੀਆਂ ਅਤੇ ਅੰਤਯੋਦਯ ਪਰਿਵਾਰਾਂ ਨੂੰ ਵਿਸ਼ੇਸ਼ ਲਾਭ ਪ੍ਰਦਾਨ ਕੀਤਾ ਜਾਵੇਗਾ। ਯੋਗ ਖਪਤਕਾਰ ਆਪਣੇ ਘਰਾਂ 'ਤੇ 5 ਕਿਲੋਵਾਟ ਤੱਕ ਦੇ ਰੂਫਟੌਪ ਸੋਲਰ ਪਲਾਂਟ ਸਥਾਪਤ ਕਰ ਸਕਣਗੇ, ਜਦੋਂ ਕਿ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਲਈ ਵਾਧੂ ਸੂਬਾਈ ਵਿੱਤੀ ਸਹਾਇਤਾ ਦਾ ਵੀ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪੂਰੀ ਪ੍ਰਕਿਰਿਆ ਨੂੰ ਪਾਰਦਰਸ਼ੀ, ਸਰਲ ਅਤੇ ਡਿਜੀਟਲ ਬਣਾਇਆ ਗਿਆ ਹੈ। ਖਪਤਕਾਰ ਡਿਸਕਾਮ ਪੋਰਟਲ ਰਾਹੀਂ ਆਪਣੀ ਯੋਗਤਾ ਦੀ ਜਾਂਚ ਕਰ ਸਕਣਗੇ ਅਤੇ ਰਾਸ਼ਟਰੀ ਪੋਰਟਲ ਨਾਲ ਜੁੜ ਕੇ ਅਰਜ਼ੀ ਪ੍ਰਕਿਰਿਆ ਨੂੰ ਆਸਾਨੀ ਨਾਲ ਪੂਰਾ ਕਰ ਸਕਣਗੇ।



ਸ੍ਰੀ ਵਿਜ ਨੇ ਕਿਹਾ ਕਿ ਸ਼੍ਰੇਣੀ-1 ਦੇ ਗੈਰ-ਡਿਫਾਲਟਰ ਖਪਤਕਾਰਾਂ ਲਈ ਹੁਣ ਤਿੰਨ ਸਾਲਾਂ ਤੱਕ ਲਗਾਤਾਰ ਸਮੇਂ ਸਿਰ ਬਿਜਲੀ ਬਿੱਲ ਜਮ੍ਹਾਂ ਕਰਨ ਦੀ ਲਾਜ਼ਮੀ ਸ਼ਰਤ ਖਤਮ ਕਰ ਦਿੱਤੀ ਗਈ ਹੈ। ਸੋਧੀ ਹੋਈ ਵਿਵਸਥਾ ਅਨੁਸਾਰ ਅਰਜ਼ੀ ਦੇ ਸਮੇਂ ਸਿਰਫ ਤੁਰੰਤ ਪਿਛਲੇ ਬਿਲਿੰਗ ਚੱਕਰ ਵਿੱਚ ਗੈਰ-ਬਕਾਇਆਦਾਰ ਹੋਣਾ ਹੀ ਕਾਫ਼ੀ ਹੋਵੇਗਾ।

ਇਸ ਨਾਲ ਜ਼ਿਆਦਾ ਗਿਣਤੀ ਵਿੱਚ ਘਰੇਲੂ ਖਪਤਕਾਰ 5 ਕਿਲੋਵਾਟ ਤੱਕ ਦੇ ਰੂਫਟੌਪ ਸੋਲਰ ਪਲਾਂਟ ਲਈ ਵਿੱਤੀ ਸਹਾਇਤਾ ਪ੍ਰਾਪਤ ਕਰਨ ਦੇ ਯੋਗ ਬਣ ਸਕਣਗੇ।

ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ, ਬੋਰਡ, ਨਿਗਮ ਅਤੇ ਹੋਰ ਸੰਸਥਾਵਾਂ ਦੇ ਕਰਮਚਾਰੀ, ਜਿਨ੍ਹਾਂ ਵਿੱਚ ਰੁਜ਼ਗਾਰ ਸੁਰੱਖਿਆ ਵਾਲੇ ਐਚਕੇਆਰਐਨ ਕਰਮਚਾਰੀ ਵੀ ਸ਼ਾਮਲ ਹਨ, ਜੇਕਰ ਪਿਛਲੇ ਬਿਲਿੰਗ ਚੱਕਰ ਵਿੱਚ ਡਿਫਾਲਟਰ ਨਹੀਂ ਹਨ ਤਾਂ ਉਹ ਵੀ 5 ਕਿਲੋਵਾਟ ਤੱਕ ਦੇ ਰੂਫਟੌਪ ਸੋਲਰ ਪਲਾਂਟ ਲਗਾਉਣ ਲਈ ਯੋਜਨਾ ਦਾ ਲਾਭ ਉਠਾ ਸਕਣਗੇ। ਇਸੇ ਤਰ੍ਹਾਂ, ਪਰਿਵਾਰ ਪਹਿਚਾਣ ਪੱਤਰ ਅਨੁਸਾਰ ਸਾਲਾਨਾ ਆਮਦਨ 3 ਲੱਖ ਰੁਪਏ ਤੱਕ ਵਾਲੇ ਅੰਤਯੋਦਯ ਪਰਿਵਾਰਾਂ ਨੂੰ 2 ਕਿਲੋਵਾਟ ਸਮਰੱਥਾ ਤੱਕ ਦੇ ਰੂਫਟੌਪ ਸੋਲਰ ਪਲਾਂਟਾਂ ਲਈ ਸੂਬਾਈ ਵਿੱਤੀ ਸਹਾਇਤਾ ਉਪਲਬਧ ਕਰਵਾਈ ਜਾਵੇਗੀ।

ਸ੍ਰੀ ਵਿਜ ਨੇ ਸਪੱਸ਼ਟ ਕੀਤਾ ਕਿ ਸਾਰੀਆਂ ਸ਼੍ਰੇਣੀਆਂ ਦੇ ਬਿਨੈਕਾਰਾਂ ਲਈ ਇਹ ਜ਼ਰੂਰੀ ਹੋਵੇਗਾ ਕਿ ਉਨ੍ਹਾਂ ਦੇ ਨਾਮ 'ਤੇ ਸੂਬੇ ਦੇ ਕਿਸੇ ਵੀ ਡਿਸਕਾਮ ਅਧਿਕਾਰ ਖੇਤਰ ਵਿੱਚ ਕੋਈ ਹੋਰ ਬਿਜਲੀ ਕੁਨੈਕਸ਼ਨ ਬਕਾਇਆ ਨਾ ਹੋਵੇ, ਤਾਂ ਜੋ ਯੋਜਨਾ ਦਾ ਲਾਭ ਅਸਲ ਅਤੇ ਯੋਗ ਖਪਤਕਾਰਾਂ ਤੱਕ ਹੀ ਪਹੁੰਚੇ।

ਇਸੇ ਲੜੀ ਵਿੱਚ ਊਰਜਾ ਮੰਤਰੀ ਸ੍ਰੀ ਅਨਿਲ ਵਿਜ ਨੇ ਦੱਸਿਆ ਕਿ ਸ਼੍ਰੇਣੀ-1 ਅਤੇ ਸ਼੍ਰੇਣੀ-2 ਦੇ ਖਪਤਕਾਰਾਂ ਨੂੰ ਸੌਰ ਊਰਜਾ ਅਪਣਾਉਣ ਲਈ ਆਕਰਸ਼ਕ ਵਿੱਤੀ ਸਹਾਇਤਾ ਉਪਲਬਧ ਕਰਵਾਈ ਜਾ ਰਹੀ ਹੈ। ਉਨ੍ਹਾਂ ਉਦਾਹਰਣ ਦਿੰਦੇ ਹੋਏ ਕਿਹਾ ਕਿ 1 ਕਿਲੋਵਾਟ ਸਮਰੱਥਾ ਦੇ ਰੂਫਟੌਪ ਸੋਲਰ ਪਲਾਂਟ ਦੀ ਅਨੁਮਾਨਿਤ ਲਾਗਤ 55 ਹਜ਼ਾਰ ਰੁਪਏ ਹੈ, ਜਿਸ ਵਿੱਚ ਖਪਤਕਾਰ ਨੂੰ ਸਿਰਫ 5,500 ਰੁਪਏ (10 ਫੀਸਦੀ) ਦਾ ਸ਼ੁਰੂਆਤੀ ਯੋਗਦਾਨ ਪਾਉਣਾ ਹੋਵੇਗਾ। ਬਾਕੀ ਰਾਸ਼ੀ ਵਿੱਚ ਕੇਂਦਰ ਸਰਕਾਰ ਦੁਆਰਾ 30 ਹਜ਼ਾਰ ਰੁਪਏ ਦੀ ਸਬਸਿਡੀ ਅਤੇ ਬਿਜਲੀ ਨਿਗਮ ਦੁਆਰਾ 19,500 ਰੁਪਏ ਤੱਕ ਦੀ ਵਿਆਜ-ਮੁਕਤ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ, ਜਿਸ ਨਾਲ ਖਪਤਕਾਰ 'ਤੇ ਵਾਧੂ ਆਰਥਿਕ ਬੋਝ ਨਹੀਂ ਪਵੇਗਾ। ਇਸੇ ਤਰ੍ਹਾਂ, 2 ਕਿਲੋਵਾਟ ਸਮਰੱਥਾ ਦੇ ਪਲਾਂਟ ਲਈ ਵੀ ਖਪਤਕਾਰ ਨੂੰ ਮਾਤਰ 10 ਫੀਸਦੀ ਰਾਸ਼ੀ ਦਾ ਭੁਗਤਾਨ ਕਰਨਾ ਹੋਵੇਗਾ ਅਤੇ ਕੇਂਦਰ ਸਰਕਾਰ ਤੋਂ 60 ਹਜ਼ਾਰ ਰੁਪਏ ਦੀ ਸਬਸਿਡੀ ਮਿਲਣ ਤੋਂ ਬਾਅਦ ਬਾਕੀ ਰਾਸ਼ੀ ਲਈ ਬਿਨਾਂ ਵਿਆਜ ਦੇ ਵਿੱਤੀ ਸਹਾਇਤਾ ਉਪਲਬਧ ਕਰਵਾਈ ਜਾਵੇਗੀ।

ਉੱਥੇ ਹੀ, 3 ਤੋਂ 5 ਕਿਲੋਵਾਟ ਸਮਰੱਥਾ ਦੇ ਪਲਾਂਟਾਂ 'ਤੇ ਕੇਂਦਰ ਸਰਕਾਰ ਦੁਆਰਾ 78 ਹਜ਼ਾਰ ਰੁਪਏ ਤੱਕ ਦੀ ਸਬਸਿਡੀ ਤੋਂ ਇਲਾਵਾ ਬਿਜਲੀ ਨਿਗਮ ਦੁਆਰਾ 58,500 ਰੁਪਏ ਤੋਂ 97,500 ਰੁਪਏ ਤੱਕ ਦੀ ਵਿਆਜ-ਮੁਕਤ ਸਹਾਇਤਾ ਉਪਲਬਧ ਕਰਵਾਈ ਜਾਵੇਗੀ। ਸ੍ਰੀ ਵਿਜ ਨੇ ਕਿਹਾ ਕਿ ਯੋਜਨਾ ਦਾ ਉਦੇਸ਼ ਹਰੇਕ ਪਰਿਵਾਰ ਨੂੰ ਸਾਫ਼, ਕਿਫਾਇਤੀ ਅਤੇ ਆਤਮ-ਨਿਰਭਰ ਊਰਜਾ ਉਪਲਬਧ ਕਰਾਉਣਾ ਹੈ, ਜਿਸ ਨਾਲ ਖਪਤਕਾਰਾਂ ਦੇ ਬਿਜਲੀ ਦੇ ਬਿੱਲਾਂ ਵਿੱਚ ਜ਼ਿਕਰਯੋਗ ਕਮੀ ਆਵੇਗੀ ਅਤੇ ਸੂਬੇ ਵਿੱਚ ਹਰੀ ਊਰਜਾ ਨੂੰ ਪ੍ਰੋਤਸਾਹਨ ਮਿਲੇਗਾ।

ਊਰਜਾ ਮੰਤਰੀ ਸ੍ਰੀ ਅਨਿਲ ਵਿਜ ਨੇ ਕਿਹਾ ਕਿ ਸੂਬਾ ਸਰਕਾਰ ਅੰਤਯੋਦਯ ਪਰਿਵਾਰਾਂ ਨੂੰ ਸੌਰ ਊਰਜਾ ਨਾਲ ਜੋੜਨ ਲਈ ਵਿਸ਼ੇਸ਼ ਯਤਨ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਪਰਿਵਾਰ ਪਹਿਚਾਣ ਪੱਤਰ ਅਨੁਸਾਰ ਸਾਲਾਨਾ ਆਮਦਨ 1.80 ਲੱਖ ਰੁਪਏ ਤੱਕ ਵਾਲੇ ਯੋਗ ਅੰਤਯੋਦਯ ਪਰਿਵਾਰਾਂ ਨੂੰ 1 ਕਿਲੋਵਾਟ ਸਮਰੱਥਾ ਦੇ ਰੂਫਟੌਪ ਸੋਲਰ ਪਲਾਂਟ 'ਤੇ ਕੇਂਦਰ ਸਰਕਾਰ ਦੀ 30 ਹਜ਼ਾਰ ਰੁਪਏ ਦੀ ਸਬਸਿਡੀ ਤੋਂ ਇਲਾਵਾ ਸੂਬਾ ਸਰਕਾਰ ਵੱਲੋਂ ਅਸਲ ਲਾਗਤ ਦਾ 40 ਫੀਸਦੀ ਜਾਂ 25 ਹਜ਼ਾਰ ਰੁਪਏ ਪ੍ਰਤੀ ਕਿਲੋਵਾਟ, ਜੋ ਵੀ ਘੱਟ ਹੋਵੇ, ਦੇ ਅਨੁਸਾਰ ਵਾਧੂ ਸੂਬਾਈ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਪ੍ਰਬੰਧ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨੂੰ ਘੱਟੋ-ਘੱਟ ਲਾਗਤ 'ਤੇ ਸਾਫ਼ ਊਰਜਾ ਉਪਲਬਧ ਕਰਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ।

## 4,000 ਨਵੇਂ ਰਾਸ਼ਨ ਡਿਪੂ ਖੋਲ੍ਹਣ ਦੀ ਪ੍ਰਕਿਰਿਆ ਕੀਤੀ ਜਾਵੇ ਤੇਜ਼ : ਰਾਜੇਸ਼ ਨਾਗਰ

**ਚੰਡੀਗੜ੍ਹ, 25 ਜੂਨ**
**-ਸੰਜੀਵ ਸ਼ਰਮਾ-**

ਹਰਿਆਣਾ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਰਾਜ ਮੰਤਰੀ ਸ੍ਰੀ ਰਾਜੇਸ਼ ਨਾਗਰ ਨੇ ਅਧਿਕਾਰੀਆਂ ਨੂੰ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਬਜਟ ਐਲਾਨ ਦੇ ਅਨੁਸਾਰ ਜਨਤਕ ਵੰਡ ਪ੍ਰਣਾਲੀ (ਪੀਡੀਐਸ) ਤਹਿਤ 4,000 ਨਵੇਂ ਰਾਸ਼ਨ ਡਿਪੂ ਖੋਲ੍ਹਣ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਕਿਹਾ ਕਿ ਜਿਨ੍ਹਾਂ ਡਿਪੂਆਂ ਦੇ ਲਾਇਸੈਂਸ ਮੁਅੱਤਲ ਜਾਂ ਰੱਦ ਕੀਤੇ ਗਏ ਹਨ, ਉਨ੍ਹਾਂ ਨੂੰ ਨੇੜਲੇ ਡਿਪੂ ਨਾਲ ਜੋੜਨ ਦੀ ਜਾਣਕਾਰੀ ਮੁੱਖ ਦਫ਼ਤਰ ਦੇ ਨਾਲ-ਨਾਲ ਆਮ ਲੋਕਾਂ ਤੱਕ ਵੀ ਪਹੁੰਚਾਈ ਜਾਵੇ ਤਾਂ ਜੋ ਰਾਸ਼ਨ ਖਪਤਕਾਰਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।



ਵੀਡੀਓ ਕਾਨਫਰੰਸਿੰਗ ਰਾਹੀਂ ਸਾਰੇ ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰਾਂ ਨਾਲ ਸਮੀਖਿਆ ਮੀਟਿੰਗ ਦੀ ਅਗਵਾਈ ਕਰਦਿਆਂ ਸ੍ਰੀ ਨਾਗਰ ਨੇ ਕਿਹਾ ਕਿ ਕੇਂਦਰ ਸਰਕਾਰ ਦੇ 'ਇੱਕ ਰਾਸ਼ਟਰ-ਇੱਕ ਰਾਸ਼ਨ ਕਾਰਡ' ਦੇ ਟੀਚੇ ਨੂੰ ਪ੍ਰਭਾਵੀ ਢੰਗ ਨਾਲ ਲਾਗੂ ਕਰਨਾ ਵਿਭਾਗ ਦੀ ਪਹਿਲ ਹੈ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਖਰਾਬ ਪੀਓਐਸ ਮਸ਼ੀਨਾਂ ਦਾ ਡਾਟਾ [ਆਧਾਰ] ਨਾਲ ਅਪਡੇਟ ਕੀਤਾ ਜਾਵੇ ਅਤੇ ਇਨ੍ਹਾਂ ਵਿੱਚ ਆਈ-ਸਕੈਨਰ ਅਤੇ ਫੇਸ-ਸਕੈਨਰ ਵਰਗੀਆਂ ਆਧੁਨਿਕ ਸਹੂਲਤਾਂ ਵੀ ਉਪਲਬਧ ਕਰਵਾਈਆਂ ਜਾਣ। ਮੰਤਰੀ ਨੇ ਕਿਹਾ ਕਿ ਰਾਸ਼ਨ ਡਿਪੂ ਸੰਚਾਲਕਾਂ ਦੀ ਮਾਰਜਿਨ ਮਨੀ ਹਰ ਮਹੀਨੇ ਦੀ 10 ਤਰੀਕ ਤੱਕ ਉਨ੍ਹਾਂ ਦੇ ਖਾਤਿਆਂ ਵਿੱਚ ਪਹੁੰਚ ਜਾਣੀ ਚਾਹੀਦੀ ਹੈ। ਨਾਲ ਹੀ ਉਨ੍ਹਾਂ ਡਿਪੂ ਦੇ ਸਟਾਕ ਦੀ ਨਿਗਰਾਨੀ ਲਈ ਮੁੱਖ ਦਫ਼ਤਰ ਪੱਧਰ 'ਤੇ ਵਿਸ਼ੇਸ਼ ਟੀਮ ਗਠਿਤ ਕਰਨ ਅਤੇ ਮਹੀਨੇ ਵਿੱਚ ਘੱਟੋ-ਘੱਟ ਚਾਰ ਤੋਂ ਪੰਜ ਵਾਰ ਰੈਂਡਮ ਨਿਰੀਖਣ ਕਰਨ ਦੇ ਨਿਰਦੇਸ਼ ਵੀ ਦਿੱਤੇ।

ਮੀਟਿੰਗ ਵਿੱਚ ਅਧਿਕਾਰੀਆਂ ਨੇ ਦੱਸਿਆ ਕਿ ਸੂਬੇ ਵਿੱਚ ਅੰਤੋਦੇਯ ਅੰਨ ਯੋਜਨਾ ਅਤੇ ਬੀਪੀਐਲ ਸ਼੍ਰੇਣੀ ਦੇ ਕੁੱਲ 40 ਲੱਖ ਪਰਿਵਾਰ ਹਨ, ਜਿਨ੍ਹਾਂ ਦੇ 1.57 ਕਰੋੜ ਲਾਭਕਾਰਾਂ ਨੂੰ ਹਰ ਮਹੀਨੇ ਰਾਸ਼ਨ ਉਪਲਬਧ ਕਰਵਾਇਆ ਜਾਂਦਾ ਹੈ। ਇਨ੍ਹਾਂ ਵਿੱਚ 2.86 ਲੱਖ ਅੰਤੋਦੇਯ ਪਰਿਵਾਰ ਅਤੇ 37.14 ਲੱਖ ਬੀਪੀਐਲ ਪਰਿਵਾਰ ਸ਼ਾਮਲ ਹਨ। ਅਧਿਕਾਰੀਆਂ ਨੇ ਜਾਣਕਾਰੀ ਦਿੱਤੀ ਕਿ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ ਤਹਿਤ ਅੰਤੋਦੇਯ ਪਰਿਵਾਰਾਂ ਨੂੰ 35 ਕਿਲੋਗ੍ਰਾਮ ਅਤੇ ਬੀਪੀਐਲ ਪਰਿਵਾਰਾਂ ਨੂੰ ਪ੍ਰਤੀ ਮੈਂਬਰ 5 ਕਿਲੋਗ੍ਰਾਮ ਕਣਕ ਮੁਫਤ ਉਪਲਬਧ ਕਰਵਾਈ ਜਾਂਦੀ ਹੈ। ਇਸ ਤੋਂ ਇਲਾਵਾ ਜਨਤਕ ਵੰਡ ਪ੍ਰਣਾਲੀ ਰਾਹੀਂ ਇੱਕ ਕਿਲੋਗ੍ਰਾਮ ਖੰਡ 13.50 ਰੁਪਏ ਪ੍ਰਤੀ ਕਿਲੋਗ੍ਰਾਮ ਦੀ ਦਰ ਨਾਲ ਅਤੇ ਇੱਕ ਜਾਂ ਦੋ ਲੀਟਰ ਸਰ੍ਹੋਂ ਦਾ ਤੇਲ ਬਾਜ਼ਾਰ ਮੁੱਲ ਤੋਂ ਘੱਟ ਕੀਮਤ 'ਤੇ ਉਪਲਬਧ ਕਰਵਾਇਆ ਜਾਂਦਾ ਹੈ।

ਸ੍ਰੀ ਰਾਜੇਸ਼ ਨਾਗਰ ਨੇ ਅਧਿਕਾਰੀਆਂ ਨੂੰ ਪੰਜਾਬ, ਹਿਮਾਚਲ ਪ੍ਰਦੇਸ਼, ਦਿੱਲੀ ਅਤੇ ਰਾਜਸਥਾਨ ਦੀਆਂ ਜਨਤਕ ਵੰਡ ਪ੍ਰਣਾਲੀਆਂ ਦਾ ਅਧਿਐਨ ਕਰਨ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਇਹ ਦੇਖਿਆ ਜਾਵੇ ਕਿ ਉੱਥੇ ਖਪਤਕਾਰਾਂ ਨੂੰ ਰਾਸ਼ਨ ਦੇ ਨਾਲ ਕਿਹੜੀਆਂ-ਕਿਹੜੀਆਂ ਵਾਧੂ ਵਸਤੂਆਂ ਉਪਲਬਧ ਕਰਵਾਈਆਂ ਜਾਂਦੀਆਂ ਹਨ। ਮੀਟਿੰਗ ਵਿੱਚ ਇਹ ਵੀ ਜਾਣਕਾਰੀ ਦਿੱਤੀ ਗਈ ਕਿ ਸਾਲ 2018 ਤੋਂ ਪਹਿਲਾਂ ਸਰ੍ਹੋਂ ਦੇ ਤੇਲ ਦੀ ਥਾਂ 2.5 ਕਿਲੋਗ੍ਰਾਮ ਛੋਲਿਆਂ ਦੀ ਦਾਲ ਵੰਡੀ ਜਾਂਦੀ ਸੀ। ਬਾਅਦ ਵਿੱਚ ਨਾਗਰਿਕ ਸਰੋਤ ਸੂਚਨਾ ਵਿਭਾਗ ਦੇ ਡਾਟਾ ਨਾਲ ਮਿਲਾਨ ਤੋਂ ਬਾਅਦ ਬੀਪੀਐਲ ਪਰਿਵਾਰਾਂ ਦੀ ਗਿਣਤੀ ਵਿੱਚ ਕਮੀ ਦਰਜ ਕੀਤੀ ਗਈ। ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਡਾ. ਜੇ. ਗਣੇਸ਼ਨ ਨੇ ਮੰਤਰੀ ਨੂੰ ਦੱਸਿਆ ਕਿ ਡਿਪੂ ਸੰਚਾਲਕਾਂ ਦੀ ਮਾਰਜਿਨ ਮਨੀ ਦੇ ਭੁਗਤਾਨ ਲਈ ਇੱਕ ਵਿਸ਼ੇਸ਼ ਪੋਰਟਲ ਵਿਕਸਿਤ ਕੀਤਾ ਜਾ ਰਿਹਾ ਹੈ। ਇਸ ਦੇ ਸ਼ੁਰੂ ਹੋਣ ਤੋਂ ਬਾਅਦ ਭੁਗਤਾਨ ਦੀ ਪ੍ਰਕਿਰਿਆ ਸਵੈਚਾਲਿਤ ਹੋ ਜਾਵੇਗੀ ਅਤੇ ਰਾਸ਼ੀ ਸਿੱਧੀ ਡਿਪੂ ਸੰਚਾਲਕਾਂ ਦੇ ਖਾਤਿਆਂ ਵਿੱਚ ਜਮ੍ਹਾਂ ਹੋ ਜਾਵੇਗੀ। ਉਨ੍ਹਾਂ ਦੱਸਿਆ ਕਿ ਅਪ੍ਰੈਲ 2026 ਲਈ 42.90 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਹੈ। ਮੀਟਿੰਗ ਵਿੱਚ ਭੰਡਾਰਨ ਸਮਰੱਥਾ ਵਧਾਉਣ ਦੇ ਮੁੱਦੇ 'ਤੇ ਵੀ ਚਰਚਾ ਹੋਈ। ਮੰਤਰੀ ਨੇ ਕਿਹਾ ਕਿ ਸਰਕਾਰੀ ਖਰੀਦ ਤੋਂ ਬਾਅਦ ਮੰਡੀਆਂ ਵਿੱਚ ਭੰਡਾਰਨ ਦੀ ਸਮੱਸਿਆ ਸਾਹਮਣੇ ਆਉਂਦੀ ਹੈ, ਇਸ ਲਈ ਵਿਭਾਗ ਨੂੰ ਭਾਰਤੀ ਖੁਰਾਕ ਨਿਗਮ (ਐਫਸੀਆਈ) ਦੀ ਤਰਜ਼ 'ਤੇ ਕੇਂਦਰੀ ਗਾਰੰਟੀ ਆਧਾਰਿਤ ਵੇਅਰਹਾਊਸਿੰਗ ਨੀਤੀ ਤਿਆਰ ਕਰਨੀ ਚਾਹੀਦੀ ਹੈ।





